ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 31 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮਾਮੇ ਦੇ ਟਰੈਕਟਰ ਹੇਠ ਆਉਣ ਕਾਰਨ ਭਾਣਜੇ ਦੀ ਦਰਦਨਾਕ ਮੌਤ

**ਮੋਗਾ, 30 ਅਗਸਤ (ਆਵਾਜ਼ਿ ਕੌਮ ਬਿਊਰੋ)**- ਮੋਗਾ ਦੇ ਕਸਬਾ ਧਰਮਕੋਟ ਦੇ ਪਿੰਡ ਰੇੜ੍ਹਵਾਂ ਤੋਂ ਇਕ ਦਿਲ ਕੰਬਾਊ ਖ਼ਬਰ ਸਾਹਮਣੇ ਆਈ ਹੈ। ਜਿੱਥੇ ਮਾਮੇ ਦੇ ਟਰੈਕਟਰ ਹੇਠ ਆਉਣ ਕਾਰਨ 3 ਸਾਲਾ ਮਾਸੂਮ ਬੱਚੇ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ 3 ਸਾਲਾ ਗਗਨਦੀਪ ਸਿੰਘ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਮਾਸੂਮ ਗਗਨਦੀਪ ਸਿੰਘ ਆਪਣੇ ਨਾਨਕੇ ਪਿੰਡ ਰੇੜ੍ਹਵਾਂ ਆਪਣੀ ਮਾਂ ਨਾਲ ਰੱਖੜੀ ਮੌਕੇ ਆਇਆ ਹੋਇਆ ਸੀ। ਜਾਣਕਾਰੀ ਅਨੁਸਾਰ ਬੱਚਾ ਖੇਤ 'ਚ ਖੇਡ ਰਿਹਾ ਸੀ ਕਿ ਅਚਾਨਕ ਉਹ ਮਾਮੇ ਦੇ ਟਰੈਕਟਰ ਦੇ ਹੇਠਾਂ ਆ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਮੌਤ ਹੋ ਗਈ। ਇਸ ਦਰਦਨਾਕ ਹਾਦਸੇ ਤੋਂ ਬਾਅਦ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ ਅਤੇ ਪੂਰੇ ਪਿੰਡ 'ਚ ਸੋਗ ਦੀ ਲਹਿਰ ਹੈ।



### 250 ਸਵਾਰੀਆਂ ਨਾਲ ਭਰਿਆ

# ਡੁੱਬਾ ਜਹਾਜ਼, ਸਰਚ ਆਪ੍ਰੇਸ਼ਨ ਜਾਰੀ

**ਤੁਰਕੀ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਯੂਰਪ ਤੋਂ ਇਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਉੱਤਰੀ ਸਾਈਪ੍ਰਸ ਦੀ ਗਿਰਨੇ ਬੰਦਰਗਾਹ ਤੋਂ ਤੁਰਕੀ ਵੱਲ ਜਾ ਰਿਹਾ ਇੱਕ ਯਾਤਰੀ ਜਹਾਜ਼ ਸਮੁੰਦਰ 'ਚ ਪਲਟ ਗਿਆ ਹੈ। ਮੀਡੀਆ ਰਿਪੋਰਟਾਂ ਅਨੁਸਾਰ ਇਸ ਜਹਾਜ਼ 'ਚ ਲਗਭਗ 250- 300 ਯਾਤਰੀ ਸਵਾਰ ਸਨ। ਇਸ ਹਾਦਸੇ ਤੋਂ ਬਾਅਦ ਖੇਤਰ 'ਚ ਵੱਡੇ ਪੱਧਰ 'ਤੇ ਸਰਚ ਅਤੇ ਰੈਸਕਿਊ ਆਪਰੇਸ਼ਨ ਚਲਾਇਆ ਜਾ ਰਿਹਾ ਹੈ। MarineTraffic ਦੇ ਟ੍ਰੈਕਿੰਗ ਡਾਟਾ ਅਨੁਸਾਰ, ਐਤਵਾਰ ਸਵੇਰੇ ਜਹਾਜ਼ ਦੀ ਲੋਕੇਸ਼ਨ ਗਿਰਨੇ ਬੰਦਰਗਾਹ ਦੇ ਉੱਤਰ ਵੱਲ ਦਿਖਾਈ ਦੇ ਰਹੀ ਸੀ, ਜਿਸ ਤੋਂ ਬਾਅਦ ਅਚਾਨਕ ਇਸ ਦੇ ਸਿਗਨਲ ਅਤੇ ਟ੍ਰਾਂਸਮਿਸ਼ਨ ਬੰਦ ਹੋ ਗਏ। ਫਿਲਹਾਲ ਹਾਦਸੇ ਵਾਲੀ ਜਗ੍ਹਾ 'ਤੇ ਨੇੜਿਓਂ ਲੰਘ ਰਹੇ ਇੱਕ ਹੋਰ ਜਹਾਜ਼ ਨੂੰ ਬਚਾਅ ਕਾਰਜਾਂ ਲਈ ਭੇਜਿਆ ਗਿਆ, ਜਿਸ ਨੇ ਪਾਣੀ 'ਚੋਂ ਕਈ ਯਾਤਰੀਆਂ ਨੂੰ ਬਾਹਰ ਕੱਢਿਆ। ਇਹ ਜਹਾਜ਼ ਬਚਾਏ ਗਏ ਯਾਤਰੀਆਂ ਨੂੰ ਲੈ ਕੇ ਗਿਰਨੇ ਬੰਦਰਗਾਹ 'ਤੇ ਵਾਪਸ ਪਹੁੰਚ ਰਿਹਾ ਹੈ। ਇਸ ਹਾਦਸੇ ਦੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਨ੍ਹਾਂ 'ਚ ਦਿਖਾਈ ਦੇ ਰਿਹਾ ਹੈ ਕਿ ਜਹਾਜ਼ ਇੱਕ ਪਾਸੇ ਝੁਕ ਕੇ ਸਮੁੰਦਰ 'ਚ ਡੁੱਬਦਾ ਜਾ ਰਿਹਾ ਹੈ, ਜਦਕਿ ਲਾਈਫ ਜੈਕੇਟਾਂ ਪਾਏ ਹੋਏ ਕਈ ਯਾਤਰੀ ਪਾਣੀ 'ਚ ਤੈਰ ਕੇ ਆਪਣੀ ਜਾਨ ਬਚਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ ਤੇ ਰੈਸਕਿਊ ਟੀਮਾਂ ਉਨ੍ਹਾਂ ਨੂੰ ਪਾਣੀ 'ਚੋਂ ਬਾਹਰ ਕੱਢ ਰਹੀਆਂ ਹਨ। ਫਿਲਹਾਲ ਤੁਰਕੀ ਜਾਂ ਸਾਈਪ੍ਰਸ ਦੇ ਅਧਿਕਾਰੀਆਂ ਵੱਲੋਂ ਇਸ ਹਾਦਸੇ ਬਾਰੇ ਕੋਈ ਅਧਿਕਾਰਤ ਬਿਆਨ ਜਾਂ ਰਿਪੋਰਟ ਜਾਰੀ ਨਹੀਂ ਕੀਤੀ ਗਈ। ਪਰ ਫਿਲਹਾਲ ਰੈਸਕਿਊ ਆਪਰੇਸ਼ਨ ਤੇਜ਼ੀ ਨਾਲ ਜਾਰੀ ਹੈ ਤੇ ਲੋਕਾਂ ਨੂੰ ਬਾਹਰ ਸੁਰੱਖਿਅਤ ਬਾਹਰ ਕੱਢਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।



## ਨੇਪਾਲ ਹੜ੍ਹ: ਮਰਨ ਵਾਲਿਆਂ ਦੀ ਗਿਣਤੀ 768 ਤੋਂ ਪਾਰ, ਲਗਭਗ 2,500 ਅਜੇ ਵੀ ਲਾਪਤਾ

**ਕਾਠਮੰਡੂ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿੱਚ ਆਏ ਵਿਨਾਸ਼ਕਾਰੀ ਹੜ੍ਹ ਕਾਰਨ ਐਤਵਾਰ ਨੂੰ ਮਰਨ ਵਾਲਿਆਂ ਦੀ ਗਿਣਤੀ 768 ਹੋ ਗਈ, 2,500 ਤੋਂ ਵੱਧ ਲੋਕ ਅਜੇ ਵੀ ਲਾਪਤਾ ਹਨ। ਅਧਿਕਾਰੀਆਂ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਪ੍ਰਭਾਵਿਤ ਸਾਰੇ ਅੱਠ ਜ਼ਿਲ੍ਹਿਆਂ ਤੋਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਆਫ਼ਤ ਦੇ ਪੰਜਵੇਂ ਦਿਨ ਵੀ ਬਚਾਅ ਕਰਮਚਾਰੀ ਲਾਪਤਾ ਲੋਕਾਂ ਦੀ ਭਾਲ ਕਰ ਰਹੇ ਹਨ ਅਤੇ ਫਸੇ ਲੋਕਾਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। 26 ਅਗਸਤ ਨੂੰ ਨੇਪਾਲ-ਤਿੱਬਤ ਸਰਹੱਦ ਦੇ ਨੇੜੇ ਇੱਕ ਗਲੇਸ਼ੀਅਰ ਟੁੱਟਣ ਤੋਂ ਬਾਅਦ ਇੱਕ ਬਰਫ਼ਬਾਰੀ ਵਰਗੀ ਘਟਨਾ ਨੇ ਪਾਣੀ, ਚਿੱਕੜ ਅਤੇ ਮਲਬੇ ਦਾ ਇੱਕ ਹੜ੍ਹ ਹੇਠਾਂ ਭੇਜ ਦਿੱਤਾ, ਜਿਸ ਨਾਲ ਮੱਧ ਨੇਪਾਲ ਦੇ ਕਸਬੇ ਅਤੇ ਪਿੰਡ ਤਬਾਹ ਹੋ ਗਏ, ਮਹੱਤਵਪੂਰਨ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਿਆ ਅਤੇ ਪਣ-ਬਿਜਲੀ ਸਟੇਸ਼ਨਾਂ ਨੂੰ ਤਬਾਹ ਹੋ ਗਏ।

ਰਾਸ਼ਟਰੀ ਆਫ਼ਤ ਜੋਖਮ ਘਟਾਉਣ ਅਤੇ ਪ੍ਰਬੰਧਨ ਅਥਾਰਟੀ (ਐਨਡੀਆਰਆਰਐਮਏ) ਨੇ ਦੱਸਿਆ ਕਿ ਇਸ ਦੁਖਾਂਤ ਵਿੱਚ ਮਰਨ ਵਾਲਿਆਂ ਦੀ ਗਿਣਤੀ 768 ਹੋ ਗਈ ਹੈ। ਐਨਡੀਆਰਆਰਐਮਏ ਦੇ ਅਨੁਸਾਰ, ਹੁਣ ਤੱਕ ਚਿਤਵਾਨ ਜ਼ਿਲ੍ਹੇ ਤੋਂ 264, ਨਵਲਪਰਾਸੀ ਪੂਰਬ ਤੋਂ 194, ਨਵਲਪਰਾਸੀ ਪੱਛਮੀ ਤੋਂ 100 ਅਤੇ ਗੋਰਖਾ ਜ਼ਿਲ੍ਹੇ ਤੋਂ 58 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਸੇ ਤਰ੍ਹਾਂ, ਨੁਵਾਕੋਟ ਤੋਂ 52, ਧਾਡਿੰਗ ਤੋਂ 50, ਤਨਾਹੂ ਤੋਂ 37 ਅਤੇ ਰਸੁਵਾ ਤੋਂ 13 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਐਨਡੀਆਰਆਰਐਮਏ ਨੇ ਕਿਹਾ ਕਿ ਇਸ ਆਫ਼ਤ ਤੋਂ ਬਾਅਦ 2,502 ਲੋਕ ਅਜੇ ਵੀ ਲਾਪਤਾ ਹਨ, ਜਦੋਂ ਕਿ 8,730 ਲੋਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਹੈ। ਨੇਪਾਲ ਦੇ ਸਿੱਖਿਆ ਮੰਤਰਾਲੇ ਦੁਆਰਾ ਜਾਰੀ ਕੀਤੇ ਗਏ ਮੁੱਢਲੇ ਅੰਕੜਿਆਂ ਅਨੁਸਾਰ ਲਾਪਤਾ ਲੋਕਾਂ ਵਿੱਚ ਹੜ੍ਹ ਪ੍ਰਭਾਵਿਤ ਤਿੰਨ ਜ਼ਿਲ੍ਹਿਆਂ ਦੇ ਵੱਖ-ਵੱਖ ਸਕੂਲਾਂ ਦੇ 238 ਵਿਦਿਆਰਥੀ ਅਤੇ 18 ਅਧਿਆਪਕ ਸ਼ਾਮਲ ਹਨ।

## ਮੁੱਖ ਮੰਤਰੀ ਮਾਨ ਖ਼ਿਲਾਫ਼ ਚੋਣ ਲੜਣਗੇ ਰਾਜਾ ਵੜਿੰਗ ! ਹਾਈਕਮਾਂਡ ਨੂੰ ਕੀਤੀ ਅਪੀਲ

**ਚੰਡੀਗੜ੍ਹ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਜੇਕਰ ਕਾਂਗਰਸ ਹਾਈਕਮਾਂਡ ਨੇ ਉਨ੍ਹਾਂ ਨੂੰ ਯੋਗ ਸਮਝਿਆਂ ਤਾਂ ਉਹ ਸਿਰਫ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ਼ ਹੀ ਚੋਣ ਲੜਨਗੇ। ਸੂਬਾ ਪ੍ਰਧਾਨ ਰਾਜਾ ਵੜਿੰਗ ਅੱਜ ਮਾਛੀਵਾੜਾ ਵਿਖੇ ਆਪਣੇ ਨਜ਼ਦੀਕੀ ਸਾਥੀ ਜ਼ਿਲਾ ਉਪ ਪ੍ਰਧਾਨ ਕਸਤੂਰੀ ਲਾਲ ਮਿੰਟੂ ਦੇ ਦਫ਼ਤਰ ਵਿਖੇ ਪੁੱਜੇ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਇਸ ਵਾਰ ਕਾਂਗਰਸ ਪਾਰਟੀ ਵਿਧਾਨ ਸਭਾ ਚੋਣਾਂ ਲਈ ਉਮੀਦਵਾਰ ਐਲਾਨਣ ਵਿਚ ਇਸ ਵਾਰ ਪਿੱਛੇ ਨਹੀਂ ਰਹੇਗੀ ਬਲਕਿ ਪਹਿਲਕਦਮੀ ਕਰਦਿਆਂ ਹਾਈਕਮਾਂਡ ਜਲਦ ਹੀ ਟਿਕਟਾਂ ਦੀ ਸੂਚੀ ਦਾ ਐਲਾਨ ਕਰੇਗੀ। ਪਾਰਟੀ ਵਿਚ ਗੁੱਟਬੰਦੀ ਸਬੰਧੀ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਸੂਬੇ ਵਿਚ ਕਾਂਗਰਸ ਦਾ ਪੂਰਾ ਬੋਲਬਾਲਾ ਹੈ ਜਿਸ ਕਾਰਨ ਜਿੱਥੇ ਚੜ੍ਹਤ ਹੁੰਦੀ ਹੈ ਉੱਥੇ 2 ਭਾਂਡੇ ਖੜਕਦੇ ਹੀ ਹਨ। ਉਨ੍ਹਾਂ ਕਿਹਾ ਕਿ ਅੱਜ ਹਰੇਕ ਸਿਆਸੀ ਪਾਰਟੀ ਵਿਚ ਗੁੱਟਬੰਦੀ ਹੈ, ਉਹ ਚਾਹੇ ਅਕਾਲੀ ਦਲ ਹੋਵੇ, 'ਆਪ' ਹੋਵੇ ਜਾਂ ਭਾਜਪਾ ਪਰ ਕਾਂਗਰਸ ਵਿਚ ਜੋ ਗੁੱਟਬੰਦੀ ਹੈ ਉਹ ਕੁਝ ਹੀ ਦਿਨਾਂ ਅੰਦਰ ਹਾਈਕਮਾਂਡ ਖਤਮ ਕਰ ਦੇਵੇਗੀ। ਪ੍ਰਧਾਨ ਰਾਜਾ ਵੜਿੰਗ ਨੇ ਕਿਹਾ ਕਿ ਸਾਨੂੰ ਕਾਂਗਰਸ ਪਾਰਟੀ ਵਿਚ ਰਵਨੀਤ ਸਿੰਘ ਬਿੱਟੂ ਵਰਗੇ 'ਸਲਿੱਪਰ ਸੈੱਲ' ਪਛਾਨਣ ਦੀ ਲੋੜ ਹੈ ਜੋ ਪਾਰਟੀ ਵਿਚ ਰਹਿੰਦਿਆਂ ਵਿਰੋਧੀ ਸਿਆਸੀ ਪਾਰਟੀਆਂ ਨਾਲ ਮਿਲੀਭੁਗਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਰਵਨੀਤ ਸਿੰਘ ਬਿੱਟੂ ਕਾਂਗਰਸ ਪਾਰਟੀ ਵਿਚ ਰਹਿੰਦਿਆਂ ਭਾਜਪਾ ਦੇ ਗ੍ਰਹਿ ਮੰਤਰੀ ਨੂੰ ਮਿਲਦੇ ਰਹੇ ਅਤੇ ਉਨ੍ਹਾਂ ਦੀ ਝੋਲੀ ਵਿਚ ਹੀ ਬਹਿ ਗਿਆ। ਉਨ੍ਹਾਂ ਕਿਹਾ ਕਿ ਅੱਜ ਵੀ ਪਾਰਟੀ ਵਿਚ ਅਜਿਹੇ ਹੋਰ ਸਲਿੱਪਰ ਸੈੱਲ ਬਾਕੀ ਹਨ ਜਿਨ੍ਹਾਂ ਨੂੰ ਪਹਿਚਾਨਣ ਦੀ ਲੋੜ ਹੈ ਤਾਂ ਜੋ ਪਾਰਟੀ ਦਾ ਨੁਕਸਾਨ ਨਾ ਹੋਵੇ। ਇਸ ਮੌਕੇ ਸਾਬਕਾ ਬਲਾਕ ਸੰਮਤੀ ਮੈਂਬਰ ਹੁਸਨ ਲਾਲ ਮੜਕਨ, ਰਮੇਸ਼ ਖੁੱਲਰ, ਬਲਾਕ ਸੰਮਤੀ ਮੈਂਬਰ ਰਛਪਾਲ ਸਿੰਘ ਵੀ ਮੌਜੂਦ ਸਨ। 84 ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦੀ ਮੌਤ ਤੋਂ ਬਾਅਦ ਕਾਂਗਰਸ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਬਿਆਨ ਦਿੱਤਾ ਸੀ ਕਿ ਇਸ ਨੂੰ ਚੌਰਾਹੇ ਵਿਚ ਫਾਂਸੀ ਦੇਣੀ ਚਾਹੀਦੀ ਸੀ। ਇਸ ਸਬੰਧੀ ਸੂਬਾ ਪ੍ਰਧਾਨ ਰਾਜਾ ਵੜਿੰਗ ਤੋਂ ਮ੍ਰਿਤਕ ਸੱਜਣ ਕੁਮਾਰ ਸਬੰਧੀ ਸਵਾਲ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਰੱਬ ਦੇ ਕੰਮ ਵਿਚ ਵਿਘਨ ਨਹੀਂ ਪਾਉਣਾ ਚਾਹੀਦਾ, ਉਹ ਕੌਣ ਹੁੰਦੇ ਹਨ ਸਜ਼ਾ ਦੇਣ ਵਾਲੇ, ਜਿਸ ਨੇ ਕੋਈ ਵੀ ਗੁਨਾਹ ਕੀਤਾ ਹੈ ਉਸ ਨੂੰ ਰੱਬ ਸਜ਼ਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਕਤਲ ਕੀਤੇ ਜਾਂ ਕਰਵਾਏ ਉਸ ਸਬੰਧੀ ਅਕਾਲ ਪੁਰਖ ਜਾਣਦਾ ਹੈ ਜੋ ਕਿ ਓਹੀ ਸਜ਼ਾ ਦੇਣ ਵਾਲਾ ਹੈ।



## ਮਨੁੱਖੀ ਬੰਬ ਬਣ ਕੇ ਸਰਕਾਰੀ ਜਬਰ ਦਾ ਹੰਕਾਰ ਤੋੜਨ ਵਾਲਾ ਮਹਾਨ ਯੋਧਾ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ: ਪਰਮਜੀਤ ਸਿੰਘ ਭਿਓਰਾ

**ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਪੰਜਾਬ ਦੇ ਇਤਿਹਾਸ ਵਿੱਚ ਜ਼ੁਲਮ ਦੇ ਖਾਤਮੇ ਅਤੇ ਸਿੱਖ ਕੌਮ ਦੀ ਅਣਖ ਦੀ ਬਹਾਲੀ ਦਾ ਇੱਕ ਅਜਿਹਾ ਅਧਿਆਏ ਹੈ, ਜਿਸ ਨੇ ਕੌਮੀ ਸੰਘਰਸ਼ ਨੂੰ ਨਵੇਂ ਅਰਥ ਦਿੱਤੇ। 31 ਅਗਸਤ 1995 ਨੂੰ ਮਨੁੱਖੀ ਬੰਬ ਬਣ ਕੇ ਤਤਕਾਲੀਨ ਮੁੱਖ ਮੰਤਰੀ ਬੇਅੰਤ ਸਿੰਘ ਦੇ ਰਾਜ ਦਾ ਅੰਤ ਕਰਨ ਵਾਲੇ ਭਾਈ ਦਿਲਾਵਰ ਸਿੰਘ ਨੇ ਨਾ ਸਿਰਫ਼ ਸਿੱਖ ਨਸਲਕੁਸ਼ੀ ਅਤੇ ਸਰਕਾਰੀ ਜਬਰ ਨੂੰ ਨੱਥ ਪਾਈ, ਬਲਕਿ ਆਪਣੀ ਜਾਨ ਦੀ ਆਹੂਤੀ ਦੇ ਕੇ ਮਿਥੇ ਹੋਏ ਨਿਸ਼ਾਨੇ ਨੂੰ ਫ਼ਤਿਹ ਕੀਤਾ। ਉਨ੍ਹਾਂ ਦਾ ਇਹ ਕਦਮ ਕਿਸੇ ਨਿੱਜੀ ਦੁਸ਼ਮਣੀ ਦਾ ਨਤੀਜਾ ਨਹੀਂ ਸੀ, ਸਗੋਂ ਕੌਮ ਉੱਤੇ ਹੋ ਰਹੇ ਬੇਅੰਤ ਜ਼ੁਲਮਾਂ ਦੇ ਖ਼ਿਲਾਫ਼ ਇੱਕ ਗਰਮਾ-ਗਰਮ ਅਤੇ ਫ਼ੈਸਲਾਕੁੰਨ ਬਗਾਵਤ ਸੀ ਜਿਸ ਨੇ ਪੰਜਾਬ ਦੀ ਸਿਆਸਤ ਅਤੇ ਇਤਿਹਾਸ ਦਾ ਰੁਖ਼ ਬਦਲ ਦਿੱਤਾ। ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬੁੜੈਲ ਜੇਲ੍ਹ ਅੰਦਰ ਬੰਦ ਭਾਈ ਪਰਮਜੀਤ ਸਿੰਘ ਭਿਓਰਾ ਨੇ ਕਿਹਾ ਨੌਂਦੀਆਂ ਦੇ ਉਸ ਦੌਰ ਵਿੱਚ ਪੰਜਾਬ ਅੰਦਰ ਸਰਕਾਰੀ ਸ਼ਿਹ 'ਤੇ ਮਨੁੱਖੀ ਅਧਿਕਾਰਾਂ ਦਾ ਸ਼ਰੇਆਮ ਘਾਣ ਹੋ ਰਿਹਾ ਸੀ, ਜਿੱਥੇ ਹਜ਼ਾਰਾਂ ਬੇਗੁਨਾਹ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ ਜਾ ਰਿਹਾ ਸੀ। ਮਾਵਾਂ ਦੇ ਪੁੱਤ ਘਰਾਂ ਵਿੱਚੋਂ ਚੁੱਕ ਕੇ ਲਾਪਤਾ ਕਰ ਦਿੱਤੇ ਜਾਂਦੇ ਸਨ ਅਤੇ ਚਾਰੇ ਪਾਸੇ ਸਰਕਾਰੀ ਦਹਿਸ਼ਤ ਦਾ ਬੋਲਬਾਲਾ ਸੀ। ਅਜਿਹੇ ਗੰਭੀਰ ਅਤੇ ਨਿਰਾਸ਼ਾਜਨਕ ਮਾਹੌਲ ਵਿੱਚ ਭਾਈ ਦਿਲਾਵਰ ਸਿੰਘ, ਜੋ ਖ਼ੁਦ ਪੰਜਾਬ ਪੁਲਿਸ ਵਿੱਚ ਤਾਇਨਾਤ ਸਨ, ਨੇ ਸਰਕਾਰੀ ਤੰਤਰ ਦੇ ਜ਼ੁਲਮ ਨੂੰ ਅੱਖੀਂ ਵੇਖਿਆ। ਉਨ੍ਹਾਂ ਦੀ ਅਣਖੀਲੀ ਰੂਹ ਨੇ ਇਸ ਜਬਰ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ। ਬੱਬਰ ਖ਼ਾਲਸਾ ਇੰਟਰਨੈਸ਼ਨਲ ਦੇ ਸਿੰਘਾਂ ਨਾਲ ਮਿਲ ਕੇ ਉਨ੍ਹਾਂ ਨੇ ਉਸ ਸਿਆਸੀ ਹੰਕਾਰ ਅਤੇ ਜ਼ੁਲਮ ਦੀ ਜੜ੍ਹ 'ਤੇ ਵਾਰ ਕਰਨ ਦਾ ਫ਼ੈਸਲਾ ਕੀਤਾ, ਜਿਸ ਨੇ ਪੂਰੇ ਪੰਜਾਬ ਨੂੰ ਇੱਕ ਵਾਰੂਦ ਦੇ ਢੇਰ ਵਿੱਚ ਬਦਲ ਦਿੱਤਾ ਸੀ। ਓਨ੍ਹਾ ਦਸਿਆ ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਦਾ ਤਰੀਕਾ ਬੇਹੱਦ ਅਨੋਖਾ ਅਤੇ ਦਿਲ ਕੰਬਾਊ ਸੀ, ਜਿਸ ਨੇ ਦੁਨੀਆ ਭਰ ਵਿੱਚ ਸ਼ਹਾਦਤ ਦੇ ਇੱਕ ਨਵੇਂ ਫਲਸਫ਼ੇ ਦੀ ਸਿਰਜਣਾ ਕੀਤੀ। ਆਮ ਤੌਰ 'ਤੇ ਜੰਗ ਦੇ ਮੈਦਾਨ ਵਿੱਚ ਦੁਸ਼ਮਣ 'ਤੇ ਵਾਰ ਕਰਕੇ ਬਚਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਪਰ ਭਾਈ ਦਿਲਾਵਰ ਸਿੰਘ ਨੇ ਦੇਹ-ਤਿਆਗ ਦੇ ਸਰਵਉੱਚ ਮਾਰਗ ਨੂੰ ਚੁਣਿਆ। ਚੰਡੀਗੜ੍ਹ ਦੇ ਸਿਵਲ ਸਕੱਤਰੇਤ ਦੀ ਸਖ਼ਤ ਸੁਰੱਖਿਆ ਨੂੰ ਭੇਦਦਿਆਂ, ਉਹ ਖ਼ੁਦ ਨੂੰ ਬੰਬ ਨਾਲ ਉਡਾ ਕੇ ਜ਼ੁਲਮ ਦੇ ਪ੍ਰਤੀਕ ਨੂੰ ਖ਼ਤਮ ਕਰਨ ਵਿੱਚ ਕਾਮਯਾਬ ਹੋਏ। ਉਨ੍ਹਾਂ ਦੀ ਇਸ ਲਾਸਾਨੀ ਕੁਰਬਾਨੀ ਨੇ ਸਾਬਤ ਕਰ ਦਿੱਤਾ ਕਿ ਜਦੋਂ ਜ਼ੁਲਮ ਹੱਦਾਂ ਪਾਰ ਕਰ ਜਾਵੇ, ਤਾਂ ਸਿੱਖ ਕੌਮ ਦੇ ਜਾਏ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਜ਼ਾਲਮ ਦਾ ਨਾਸ ਕਰਨ ਦੀ ਸਮਰੱਥਾ ਰੱਖਦੇ ਹਨ। ਇਸ ਧਮਾਕੇ ਨੇ ਨਾ ਸਿਰਫ਼ ਇੱਕ ਜ਼ਾਲਮ ਸ਼ਾਸਕ ਦਾ ਅੰਤ ਕੀਤਾ, ਬਲਕਿ ਸਰਕਾਰੀ ਜ਼ਬਰ ਦੇ ਉਸ ਚੱਕਰਵਿਊ ਨੂੰ ਵੀ ਤੋੜ ਦਿੱਤਾ ਜਿਸ ਨੇ ਪੰਜਾਬ ਨੂੰ ਜਕੜਿਆ ਹੋਇਆ ਸੀ। ਇਸ ਅਨੋਖੀ ਸ਼ਹਾਦਤ ਨੇ ਜਿੱਥੇ ਪੰਜਾਬ ਅੰਦਰ ਚੱਲ ਰਹੇ ਸਰਕਾਰੀ ਅੱਤਿਆਚਾਰਾਂ ਦਾ ਤੁਰੰਤ ਨਾਸ ਕਰਕੇ ਸਿੱਖ ਮਾਨਸਿਕਤਾ ਨੂੰ ਵੱਡੀ ਰਾਹਤ ਦਿੱਤੀ, ਉੱਥੇ ਹੀ ਕੌਮ ਦੇ ਸਵੈ-ਮਾਣ ਨੂੰ ਮੁੜ ਸੁਰਜੀਤ ਕੀਤਾ। ਭਾਵੇਂ ਸਿਆਸੀ ਗਲਿਆਰਿਆਂ ਵਿੱਚ ਇਸ ਨੂੰ ਵੱਖਰੀ ਨਜ਼ਰ ਨਾਲ ਦੇਖਿਆ ਗਿਆ, ਪਰ ਸਿੱਖ ਪੰਥ ਦੇ ਵੱਡੇ ਹਿੱਸੇ ਨੇ ਇਸ ਕਦਮ ਨੂੰ ਕੌਮੀ ਆਨ-ਬਾਨ ਅਤੇ ਸ਼ਾਨ ਦੀ ਬਹਾਲੀ ਵਜੋਂ ਸਵੀਕਾਰ ਕੀਤਾ। ਨੌਜੁਆਨਾਂ ਨੂੰ ਘਰੋਂ ਚੁੱਕ ਚੁੱਕ ਕੇ ਅਣਪਛਾਤਾ ਬਣਾ ਕੇ ਮਾਰਣ ਦਾ ਸਾਲਾਂ ਬੱਧੀ ਚੱਲੇ ਖ਼ੂਨੀ ਦੌਰ ਤੋਂ ਬਾਅਦ, ਇਸ ਘਟਨਾ ਨੇ ਸਿੱਖਾਂ ਅੰਦਰ ਇਹ ਵਿਸ਼ਵਾਸ ਪੈਦਾ ਕੀਤਾ ਕਿ ਜ਼ੁਲਮ ਦੀ ਰਾਤ ਭਾਵੇਂ ਕਿੰਨੀ ਵੀ ਕਾਲੀ ਕਿਉਂ ਨਾ ਹੋਵੇ, ਕੌਮ ਦੇ ਪਰਵਾਨੇ ਉਸ ਦਾ ਖ਼ਾਤਮਾ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਭਾਈ ਦਿਲਾਵਰ ਸਿੰਘ ਵੱਲੋਂ ਮਿਥਿਆ ਗਿਆ ਨਿਸ਼ਾਨਾ ਫ਼ਤਿਹ ਹੋਇਆ ਅਤੇ ਉਨ੍ਹਾਂ ਦੀ ਸ਼ਹਾਦਤ ਇਤਿਹਾਸ ਦੇ ਪੰਨਿਆਂ 'ਤੇ ਸੁਨਹਿਰੀ ਅੱਖਰਾਂ ਵਿੱਚ ਦਰਜ ਹੋ ਗਈ, ਜੋ ਆਉਣ ਵਾਲੀਆਂ ਨਸਲਾਂ ਨੂੰ ਹਮੇਸ਼ਾ ਜ਼ੁਲਮ ਵਿਰੁੱਧ ਡਟਣ ਦੀ ਪ੍ਰੇਰਨਾ ਦਿੰਦੀ ਰਹੇਗੀ। ਓਨ੍ਹਾ ਦਸਿਆ ਕਿ ਸਿੱਖ ਇਤਿਹਾਸ ਦੀ ਨੀਂਹ ਹੀ ਸ਼ਹਾਦਤਾਂ ਦੇ ਮਹਾਨ ਫਲਸਫ਼ੇ ਉੱਤੇ ਰੱਖੀ ਗਈ ਹੈ, ਜਿੱਥੇ ਧਰਮ, ਅਣਖ ਅਤੇ ਕੌਮੀ ਆਜ਼ਾਦੀ ਲਈ ਆਪਾ ਵਾਰਨਾ ਸਿੱਖ ਮਾਨਸਿਕਤਾ ਦਾ ਸਭ ਤੋਂ ਉੱਚਾ ਅਤੇ ਪਵਿੱਤਰ ਸੰਕਲਪ ਮੰਨਿਆ ਗਿਆ ਹੈ। ਭਾਈ ਦਿਲਾਵਰ ਸਿੰਘ ਵਰਗੇ ਸੂਰਬੀਰਾਂ ਦੀ ਲਾਸਾਨੀ ਕੁਰਬਾਨੀ ਸਾਨੂੰ ਯਾਦ ਦਿਵਾਉਂਦੀ ਹੈ ਕਿ ਸਿੱਖ ਕੌਮ ਨੇ ਕਦੇ ਵੀ ਗੁਲਾਮੀ ਜਾਂ ਜਬਰ ਨੂੰ ਸਵੀਕਾਰ ਨਹੀਂ ਕੀਤਾ, ਬਲਕਿ ਹਮੇਸ਼ਾ ਆਪਣੇ ਖ਼ੂਨ ਨਾਲ ਸਵੈ-ਮਾਣ ਦਾ ਇਤਿਹਾਸ ਲਿਖਿਆ ਹੈ। ਅੱਜ ਦੇ ਦੌਰ ਵਿੱਚ, ਉਨ੍ਹਾਂ ਦੀ ਇਸ ਮਹਾਨ ਸ਼ਹਾਦਤ ਤੋਂ ਡੂੰਘੀ ਪ੍ਰੇਰਨਾ ਲੈਂਦਿਆਂ, ਸਮੂਹ ਕੌਮ ਦਾ ਇਹ ਫ਼ਰਜ਼ ਬਣਦਾ ਹੈ ਕਿ ਸਿੱਖਾਂ ਦੇ ਅਧੂਰੇ ਸੁਫ਼ਨੇ—ਖ਼ਾਲਿਸਤਾਨ ਦੀ ਸਥਾਪਤੀ—ਲਈ ਚੱਲ ਰਹੇ ਕੌਮੀ ਸੰਘਰਸ਼ ਨੂੰ ਨਵੇਂ ਵੇਗ ਅਤੇ ਦ੍ਰਿੜ੍ਹਤਾ ਨਾਲ ਅੱਗੇ ਵਧਾਇਆ ਜਾਵੇ। ਇਸ ਨਿਸ਼ਾਨੇ ਦੀ ਪ੍ਰਾਪਤੀ ਲਈ, ਸੰਸਾਰ ਪੱਧਰ 'ਤੇ ਹਰ ਸੰਭਵ ਹੀਲੇ-ਵਸੀਲੇ, ਰਾਜਨੀਤਿਕ, ਕਾਨੂੰਨੀ ਅਤੇ ਪ੍ਰਚਾਰਕ ਸਾਧਨਾਂ ਦੀ ਸੁਚੱਜੀ ਵਰਤੋਂ ਕਰਦਿਆਂ, ਹਰ ਇੱਕ ਸਿੱਖ ਨੂੰ ਇਸ ਸੰਘਰਸ਼ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਕੌਮੀ ਆਜ਼ਾਦੀ ਅਤੇ ਸੰਪੂਰਨ ਪ੍ਰਭੂਸੱਤਾ ਦੇ ਇਸ ਅੰਦੋਲਨ ਨੂੰ ਵਿਚਾਰਧਾਰਕ ਤੌਰ 'ਤੇ ਹੋਰ ਪ੍ਰਚੰਡ ਕਰਨਾ ਹੀ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸੱਚੀ ਸ਼ਰਧਾਂਜਲੀ ਹੈ, ਤਾਂ ਜੋ ਆਉਣ ਵਾਲੀਆਂ ਨਸਲਾਂ ਇੱਕ ਅਣਖੀਲੇ ਅਤੇ ਆਜ਼ਾਦ ਮਾਹੌਲ ਵਿੱਚ ਸਾਹ ਲੈ ਸਕਣ।






ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥
ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਦੀ 31 ਵੀਂ ਸਲਾਨਾ ਬਰਸੀ
31 ਅਗਸਤ 2026 ਦਿਨ ਸੋਮਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ
ਸ਼ਹਾਦਤ ਸਿਰਫ਼ ਮੌਤ ਦਾ ਨਾਮ ਨਹੀਂ, ਸਗੋਂ ਸੱਚ, ਹੱਕ ਅਤੇ ਅਸੂਲਾਂ ਲਈ ਆਪਣਾ ਸਭ ਕੁਝ ਵਾਰ ਦੇਣ ਦਾ ਨਾਮ ਹੈ। ਸੂਰਮੇ ਮੌਤ ਤੋਂ ਨਹੀਂ ਘਬਰਾਉਂਦੇ, ਕਿਉਂਕਿ ਉਨ੍ਹਾਂ ਲਈ ਜ਼ਿੰਦਗੀ ਨਾਲੋਂ ਆਪਣੇ ਧਰਮ ਅਤੇ ਸਿਦਕ ਦੀ ਲਾਜ ਰੱਖਣੀ ਵੱਡੀ ਹੁੰਦੀ ਹੈ। ਜਿਹੜੇ ਹੱਕ ਦੀ ਰਾਖੀ ਲਈ ਹੱਸ ਕੇ ਸੀਸ ਵਾਰ ਜਾਂਦੇ ਹਨ, ਉਨ੍ਹਾਂ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਹੌਸਲੇ, ਅਣਖ ਅਤੇ ਚੜ੍ਹਦੀ ਕਲਾ ਦੀ ਮਿਸਾਲ ਬਣ ਜਾਂਦੀ ਹੈ। ਆਓ ਇਨ੍ਹਾਂ ਸ਼ਹਾਦਤਾਂ ਤੋਂ ਪ੍ਰੇਰਨਾ ਲੈ ਕੇ ਆਪਣੇ ਹੱਕਾਂ, ਅਣਖ ਅਤੇ ਸਿਦਕ ਪ੍ਰਤੀ ਹੋਰ ਦ੍ਰਿੜ੍ਹ ਹੋਈਏ ਅਤੇ ਖਾਲਿਸਤਾਨ ਦੀ ਸਥਾਪਤੀ ਦੇ ਆਪਣੇ ਸਿਆਸੀ ਤੇ ਜਮਹੂਰੀ ਸੰਘਰਸ਼ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਈਏ।
ਆਵਾਜ਼ਿ ਕੌਮ AWAZE QAUM International Newspaper & WEB TV
ਜਾਰੀ ਕਰਤਾ
ਪੰਥਕ ਜੱਥੇਬੰਦੀਆਂ ਜਰਮਨੀ
ਸਿੱਖ ਫੈਡਰੇਸ਼ਨ ਜਰਮਨੀ, ਬੱਬਰ ਖਾਲਸਾ ਜਰਮਨੀ,
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰੋਂ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।




ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥







ਸ਼ਹਾਦਤਾਂ ਕਦੇ ਮਰਦੀਆਂ ਨਹੀਂ, ਇਤਿਹਾਸ ਬਣ ਜਾਂਦੀਆਂ ਨੇ, ਦਿਲਾਵਰ ਸਿੰਘ ਵਰਗੇ ਸੂਰਮੇ ਕੌਮਾਂ ਨੂੰ ਜਗਾ ਜਾਂਦੇ ਨੇ

ਕੋਈ ਜ਼ੁਲਮ ਕੋਈ ਸਿਤਮ ਸਾਨੂੰ ਮਿਟਾ ਸਕਦਾ ਨਹੀਂ,
ਕਿਉਂਕਿ ਸਾਡੀਆਂ ਰਗਾਂ ਵਿੱਚ ਕਲਗੀਧਰ ਦਾ ਖ਼ੂਨ ਹੈ।

## ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀ ਅਦੁੱਤੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ

**ਸ਼ਹੀਦ ਭਾਈ ਮਨੀ ਸਿੰਘ ਬੰਦ-ਬੰਦ ਕਟਵਾਉਣ ਵਾਲਿਆਂ ਦੀ ਰੂਹ, ਆਪਣੇ ਸ਼ਰੀਰ ਦਾ ਬੰਦ-ਬੰਦ ਉਡਾ ਕੇ ਦੁਸ਼ਮਣਾਂ ਨੂੰ ਸੋਧਣ ਵਾਲੇ, ਭਾਈ ਦਿਲਾਵਰ ਸਿੰਘ ਇਤਿਹਾਸ ਦੇ ਪਹਿਲੇ ਮਨੁੱਖੀ ਬੰਬ, ਦੀ ਲੱਟ-ਲੱਟ ਕਰਦੀ, ਧਖਦੀ ਬਾਗ਼ੀ ਅੱਗ ਨੂੰ, ਕੋਟਾਨ-ਕੋਟ ਕੇਸਰੀ ਸਲਾਮ। ਜਦ ਤੱਕ ਭਾਈ ਦਿਲਾਵਰ ਸਿੰਘ ਵਰਗੇ ਸੂਰਮੇ ਕੌਮ ਵਿੱਚ ਦੁਬਾਰਾ ਜੰਮਦੇ ਰਹਿਣਗੇ, ਤਦ ਤੱਕ ਖ਼ਾਲਸੇ ਦੇ ਝੰਡੇ ਪੂਰੇ ਬ੍ਰਹਿਮੰਡ ਵਿੱਚ ਝੂਲਦੇ ਰਹਿਣਗੇ। ਗੁਰੂ ਨਾਨਕ ਪਾਤਸ਼ਾਹ ਦਾ ਨਾਨਕਰਾਜ ਦਾ ਸਿੱਕਾ, ਭਗਤ ਰਵਿਦਾਸ ਜੀ ਦੇ ਹਲੇਮੀ ਰਾਜ ਬੇਗ਼ਮਪੁਰੇ ਦਾ ਸੰਕਲਪ, ਆਪਣੀ ਆਜ਼ਾਦ ਹਸਤੀ ਲਈ ਸਦਾ ਸੰਘਰਸ਼ਰਤ ਰਹੇਗਾ।** (ਭਾਈ ਰਤਿੰਦਰ ਸਿੰਘ ਇੰਦੌਰ)



**ਆਓ ਭਾਈ ਦਿਲਾਵਰ ਸਿੰਘ ਦੀ ਯਾਦ ਵਿੱਚ ਜੁੜ ਕੇ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਬੀਰ ਰਸ ਦਾ ਕੀਰਤਨ ਤੇ ਪ੍ਰਚੰਡ ਚੰਡੀ ਦੀ ਵਾਰ ਦੇ ਵੱਧ ਤੋਂ ਵੱਧ ਪਾਠ ਕਰਕੇ ਆਪਣੇ ਆਪ ਨੂੰ ਸ਼ਹੀਦੀਆਂ ਲਈ ਤਿਆਰ ਕਰੀਏ**

ਗੁਰੂ ਪੰਥ ਦਾ ਦਾਸ

## ਭਾਈ ਪਰਮਜੀਤ ਸਿੰਘ ਭਿਓਰਾ

ਨਜ਼ਰਬੰਦ ਬੁੜੈਲ ਜੇਲ੍ਹ

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ 31 ਵੀਂ ਸਲਾਨਾ ਬਰਸੀ

## 31 ਅਗਸਤ 2026 ਦਿਨ ਸੋਮਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ

ਪੰਜਾਬ ਵਿੱਚੋਂ ਸਿੱਖ ਜਵਾਨੀ ਨੂੰ ਚੁਣ-ਚੁਣ ਕੇ ਖਤਮ ਕਰਨ ਵਾਲੇ ਜ਼ੁਲਮੀ ਹਾਕਮ ਬੇਅੰਤ ਸਿੰਹੁ ਦੇ ਜ਼ੁਲਮੀ ਰਾਜ ਅਤੇ ਉਸ ਦਾ ਨਾਸ਼ ਕਰਦੇ ਹੋਏ *31* ਅਗਸਤ *1995* ਨੂੰ 'ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਮਹਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ। ਆਓ ਰਲ ਮਿਲਕੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸਲਾਨਾ ਬਰਸੀ ਮੌਕੇ ਉਨ੍ਹਾਂ ਵੱਲੋਂ ਖਾਲਿਸਤਾਨ ਦੇ ਸੰਘਰਸ਼ ਲਈ ਦਿੱਤੀ ਕੁਰਬਾਨੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ *31* ਅਗਸਤ *2026* ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਵਿੱਚ 'ਕੌਮੀ ਸ਼ਹੀਦ' ਭਾਈ ਦਿਲਾਵਰ ਸਿੰਘ ਬੱਬਰ ਦੀ ਯਾਦ ਵਿੱਚ ਰੱਖੇ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਹਿਤ ਹਾਜ਼ਰੀ ਲਗਵਾਉ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੋ ਜੀ।

**ਗੁਰੂ ਪੰਥ ਦੇ ਦਾਸ**

**ਜੱਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਦਲਜੀਤ ਸਿੰਘ ਕਸ਼ਮੀਰ (ਬੱਬਰ), ਭਾਈ ਪ੍ਰਗਟ ਸਿੰਘ ਬੱਬਰ**



## ਜਾਰੀ ਕਰਤਾ : ਬੱਬਰ ਖਾਲਸਾ

ਜਰਮਨੀ


ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ
ਸ਼ਹਾਦਤਾਂ ਕਦੇ ਮਰਦੀਆਂ ਨਹੀਂ, ਇਤਿਹਾਸ ਬਣ ਜਾਂਦੀਆਂ ਨੇ,
ਦਿਲਾਵਰ ਸਿੰਘ ਵਰਗੇ ਸੂਰਮੇ ਕੌਮਾਂ ਨੂੰ ਜਗਾ ਜਾਂਦੇ ਨੇ
ਪਾਪ ਦਾ ਅੰਤ ਕਰਨ ਲਈ ਕਈ ਵਾਰ ਪਾਪੀ ਨੂੰ ਉਸਦੇ ਕੀਤੇ ਪਾਪ ਦੀ ਸਜ਼ਾ ਦੇਣੀ ਪੈਂਦੀ ਹੈ, ਅਤੇ ਇਸ ਸੰਘਰਸ਼ ਦੀ ਸਭ ਤੋਂ ਉੱਚੀ ਮਿਸਾਲ ਸ਼ਹਾਦਤ ਹੁੰਦੀ ਹੈ। ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆ ਵਲੋਂ ਆਰੰਭੇ ਸੰਘਰਸ਼ ਵਿਚ ਭਾਈ ਦਿਲਾਵਰ ਸਿੰਘ ਨੇ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਇੱਕ ਅਜਿਹਾ ਇਤਿਹਾਸ ਸਿਰਜਿਆ, ਜਿਸ ਨੇ ਪੰਥਕ ਇਤਿਹਾਸ ਵਿੱਚ ਸ਼ਹਾਦਤ ਦੇ ਅਰਥਾਂ ਨੂੰ ਨਵੀਂ ਗਹਿਰਾਈ ਦਿੱਤੀ ਉੱਥੇ ਨੌਜੁਆਨ ਪੀੜ੍ਹੀ ਲਈ ਇਹ ਸੰਦੇਸ਼ ਵੀ ਛੱਡਿਆ ਕਿ ਕੌਮ ਦੇ ਹੱਕ, ਸੱਚ ਅਤੇ ਇਨਸਾਫ਼ ਲਈ ਕੁਰਬਾਨੀ ਦੇਣ ਵਾਲੇ ਇਤਿਹਾਸ ਵਿੱਚ ਸਦਾ ਜਿਉਂਦੇ ਰਹਿੰਦੇ ਹਨ। ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਪੰਥਕ ਇਤਿਹਾਸ ਦਾ ਇੱਕ ਅਦਭੁਤ ਅਧਿਆਇ ਬਣ ਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ਹਾਦਤ, ਦ੍ਰਿੜ੍ਹਤਾ ਅਤੇ ਕੁਰਬਾਨੀ ਦੇ ਅਰਥ ਸਮਝਾਉਂਦੀ ਰਹੇਗੀ
ਗੁਰੂ ਪੰਥ ਦਾ ਸੇਵਾਦਾਰ
ਪਰਮਜੀਤ ਸਿੰਘ ਭਿਓਰਾ
ਨਜ਼ਰਬੰਦ ਬੁੜੈਲ ਜੇਲ੍ਹ

### ਸ਼ਹਾਦਤ 30 ਅਗਸਤ 1987

# ਭਾਈ ਤਾਰੂ ਸਿੰਘ ਜੀ ਦੇ ਵਾਰਸ ਅਨੋਖੇ ਸ਼ਹੀਦ ਭਾਈ ਸਾਹਿਬ ਅਨੋਖ ਸਿੰਘ ਜੀ ਬੱਬਰ

**ਗੁਰਸਿੱਖੀ** ਦੀ ਮੂਰਤ ਭਾਈ ਅਨੋਖ ਸਿੰਘ ਬੱਬਰ ਦੀ ਇਹ ਤਸਵੀਰ ਪੁਰਾਤਨ ਅਤੇ ਨਵੀਨ ਇਤਿਹਾਸ ਦਾ ਬੇਮਿਸਾਲ ਜੋੜ ਕਰਦੀ ਹੈ । ਇਹ ਤਸਵੀਰ ਨਾਮਵਰ ਚਿੱਤਰਕਾਰ ਸ੍ਰ ਗੁਰਪ੍ਰੀਤ ਸਿੰਘ ਬਠਿੰਡਾ ਵੱਲੋਂ ਬਣਾਈ ਗਈ ਹੈ ।

18ਵੀਂ ਸਦੀ ਦੇ ਸ਼ਹੀਦਾਂ ਉੱਪਰ ਹੋਏ ਅਣਮਨੁੱਖੀ ਤਸ਼ੱਦਦ ਅਤੇ ਸਾਡੇ ਪੁਰਖਿਆਂ ਵੱਲੋਂ ਹੱਸ ਹੱਸ ਕੇ ਸ਼ਹਾਦਤਾਂ ਪਾਉਣ ਬਾਰੇ ਪੜ੍ਹਦੇ ਹੋਇਆਂ ਅਕਸਰ ਨੌਜਵਾਨ ਸਵਾਲ ਕਰਦੇ ਹਨ, ਕੀ ਇਹ ਸਭ ਸੰਭਵ ਹੈ ? ਕਿਸੇ ਦੀ ਖੋਪਰੀ ਲਾਹ ਦਿੱਤੀ ਜਾਵੇ ... ਜਿਓਂਦੇ ਸਾੜ ਦਿੱਤਾ ਜਾਵੇ ... ਬੰਦ ਬੰਦ ਕੱਟਿਆ ਜਾਵੇ ...ਜਿਓਂਦਿਆਂ ਸਰੀਰ ਦੀ ਖੱਲ ਲਾਹ ਦਿੱਤੀ ਜਾਵੇ ... ਇਤਨਾ ਦਰਦ ਕਿਵੇਂ ਸਹਿਣ ਕੀਤਾ ਜਾ ਸਕਦਾ ਹੈ ? ਜੇ ਸੰਭਵ ਹੈ ਤਾਂ ਕੀ ਅੱਜ ਵੀ ਐਸੇ ਸਿੰਘ ਹਨ ? ਤਾਂ ਇਹਨਾਂ ਸਵਾਲਾਂ ਦੇ ਜਵਾਬ ਮੌਜੂਦਾ ਸਿੱਖ ਸੰਘਰਸ਼ ਦੌਰਾਨ ਹਜ਼ਾਰਾਂ ਸਿੰਘਾਂ ਦੀਆਂ ਸ਼ਹਾਦਤਾਂ ਦੇ ਰਹੀਆਂ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਕੋਈ ਬਹੁਤ ਪੁਰਾਣੀਆਂ ਗੱਲਾਂ ਨਹੀਂ, ਦੋ ਤਿੰਨ ਦਹਾਕੇ ਪਹਿਲਾਂ ਹੋਈਆਂ ਕੁਰਬਾਨੀਆਂ ਹਨ । ਜਦ ਭਾਈ ਦਿਆਲਾ ਜੀ ਦੇ ਵਾਰਸ ਭਾਈ ਗੁਰਦੇਵ ਸਿੰਘ ਦੇਬੂ ਨੂੰ ਜਿਓਂਦੇ ਪਾਣੀ ਵਿਚ ਉਬਾਲਿਆ ਗਿਆ । ਭਾਈ ਜੈ ਸਿੰਘ ਜੀ ਦੇ ਇਤਿਹਾਸ ਨੂੰ ਦੁਹਰਾਉਂਦੇ ਹੋਏ ਬੱਬਰ ਭਾਈ ਰਣਜੀਤ ਸਿੰਘ ਤਰਸਿੱਕਾ ਨੇ ਆਪਣੀ ਖੱਲ ਲੁਹਾ ਲਈ ਅਤੇ ਬਾਣੀ ਪੜ੍ਹਦੇ ਰਹੇ । ਇਵੇਂ ਹੀ ਭਾਈ ਤਾਰੂ ਸਿੰਘ ਜੀ ਦੇ ਵਾਰਿਸ ਭਾਈ ਅਨੋਖ ਸਿੰਘ ਬੱਬਰ ਦੀ ਖੋਪੜੀ ਲਾਹ ਦਿੱਤੀ ਗਈ ਅਤੇ ਉਹ ਅਡੋਲ ਚਿੱਤ ਸਿਮਰਨ ਕਰਦੇ ਰਹੇ ਅਤੇ ਜ਼ਖਮੀ ਹਾਲਤ ਵਿਚ ਵੀ ਸੋਦਰ ਦਾ ਨਿਤਨੇਮ ਕੀਤਾ ।

ਭਾਈ ਅਨੋਖ ਸਿੰਘ ਜੀ ਦੀ ਅਦੁੱਤੀ ਸ਼ਹਾਦਤ ਨੇ ਅਨੇਕਾਂ ਨੌਜਵਾਨਾਂ ਨੂੰ ਸਿੱਖੀ ਵੱਲ ਪ੍ਰੇਰਿਤ ਕੀਤਾ ਹੈ । ਅੱਜ ਵੀ ਜਦ ਭਾਈ ਸਾਹਿਬ ਦੀ ਸ਼ਹਾਦਤ ਦਾ ਸੀਨ ਅੱਖਾਂ ਸਾਹਵੇਂ ਆ ਜਾਂਦਾ ਹੈ ਤਾਂ ਗੁਰਸਿਖਾਂ ਦੀਆਂ ਰਹਿਰਾਸ ਸਾਹਿਬ ਦਾ ਪਾਠ ਕਰਨ ਵੇਲੇ ਅੱਖਾਂ ਨਮ ਹੋ ਜਾਂਦੀਆਂ ਹਨ ।

ਭਾਈ ਸਾਹਿਬ ਦੀ ਸ਼ਹਾਦਤ ਵਾਲੇ ਦਿਨ ਭਾਈ ਅਨੋਖ ਸਿੰਘ ਜੀ ਉੱਤੇ ਸਾਰਾ ਦਿਨ ਤਸ਼ੱਦਦ ਕੀਤਾ ਗਿਆ ਅੱਖਾਂ ਕੱਢ ਦਿੱਤੀਆਂ, ਘੋਟਣਾ ਫੇਰ ਫੇਰ ਕੇ ਲੱਤਾਂ ਬਾਹਵਾਂ ਰੂੰ ਵਾਂਗ ਪਿੰਝ ਦਿੱਤੀਆਂ । ਉਸ ਦਿਨ ਭਾਈ ਸਾਹਿਬ ਦੀ ਜਥੇਦਾਰ ਸੁਖਦੇਵ ਸਿੰਘ ਬੱਬਰ ਅਤੇ ਭਾਈ ਮਹਿਲ ਸਿੰਘ ਬੱਬਰ ਹੁਣਾ ਨਾਲ ਮੁਲਾਕਾਤ ਤੈਅ ਸੀ ਅਤੇ ਉਹ ਮਿੱਥੇ ਸਮੇਂ ਤੇ ਪਹੁੰਚੇ ਹੋਏ ਸਨ ਪਰ ਲੱਖ ਕੋਸ਼ਿਸ਼ ਅਤੇ ਅਣਮਨੁੱਖੀ ਤਸ਼ੱਦਦ ਕਰਕੇ ਵੀ ਪੁਲਿਸ ਭਾਈ ਸਾਹਿਬ ਤੋਂ ਉਸ ਘਰ ਦਾ ਪਤਾ ਨਾ ਪੁੱਛ ਸਕੀ । ਅਖੀਰ ਭਾਈ ਸਾਹਿਬ ਦੀ ਖੋਪਰੀ ਵੀ ਚਾਕ ਕਰ ਦਿੱਤੀ ਗਈ ।

ਤਸ਼ੱਦਦ ਦਾ ਦੌਰ ਚਲਦੇ ਚਲਦੇ ਆਖਿਰ ਦਿਨ ਤੋਂ ਸ਼ਾਮ ਢਲ ਗਈ ... ਭਾਈ ਅਨੋਖ ਸਿੰਘ ਜੀ ਦੇ ਸਰੀਰ ਦਾ ਅੰਗ ਅੰਗ ਟੁੱਟ ਗਿਆ ... ਪੁਲਿਸ ਵਾਲੇ ਥੱਕ ਗਏ .. ਜਾਲਮਾਂ ਦਾ ਜਬਰ ਮੁੱਕ ਗਿਆ ਪਰ ਸੂਰਮੇ ਦਲੇਰ ਦਾ ਸਬਰ ਨਾ ਤੋੜਿਆ ਜਾ ਸਕਿਆ । ਪੁਲਿਸ ਨੇ ਹਰ ਹਥਕੰਡਾ ਵਰਤਿਆ ਸੀ ਪਰ ਭਾਈ ਸਾਹਿਬ ਨਾਮ ਰੂਪੀ ਖੰਡਾ "ਵਾਹਿਗੁਰੂ...ਵਾਹਿਗੁਰੂ ...ਵਾਹਿਗੁਰੂ" ਉਚੀ ਉਚੀ ਖੜਕਾਉਂਦੇ ਰਹੇ ।

ਅਖੀਰ ਜਦ ਭਾਈ ਸਾਹਿਬ ਦੇ ਸਰੀਰ ਨੂੰ ਨਿਢਾਲ ਸੁੱਟ ਕੇ ਪੁਲਿਸ ਅਫਸਰ ਪਾਸੇ ਹੋਏ ਤਾਂ ਅੱਖਾਂ ਕੱਢੀਆਂ ਹੋਣ ਕਰਕੇ ਭਾਈ ਸਾਹਿਬ ਨੇ ਪੈਰਾਂ ਦੀ ਬਿੜਕ ਸੁਣਕੇ ਸੰਤਰੀ ਤੋਂ ਸਮਾਂ ਪੁੱਛਿਆ । ਰਹਿਰਾਸ ਸਾਹਿਬ ਦਾ ਸਮਾਂ ਜਾਣਕੇ ਉਹਨਾਂ ਨੇ ਸਿਪਾਹੀ ਨੂੰ ਕਿਹਾ ਕਿ ਮੈਨੂੰ ਕੰਧ ਨਾਲ ਢਾਸਣਾ ਲਗਾ ਕੇ ਬਿਠਾ ਦੇ ਕਿਓਂਕਿ ਓਹਨਾਂ ਦੇ ਲੱਕ ਦੀ ਹੱਡੀ ਵੀ ਟੁੱਟ ਚੁੱਕੀ ਸੀ।

ਹੈਰਾਨੀ ਦੀ ਗੱਲ ਹੈ ਕਿ ਥੋੜ੍ਹਾ ਬਹੁਤ ਵੀ ਸਰੀਰ ਢਿੱਲਾ ਹੋਣ ਤੇ ਕੁਝ ਸੱਜਣ ਨਿਤਨੇਮ ਤੋਂ ਘੇਸ ਮਾਰ ਜਾਂਦੇ ਹਨ ਪਰ ਕਦੇ ਸੋਚਕੇ ਵੇਖੀਏ ਕਿ ਭਾਈ ਅਨੋਖ ਸਿੰਘ ਜੀ ਦੇ ਸਰੀਰ ਦਾ ਇੱਕ ਇੱਕ ਅੰਗ ਟੁੱਟਿਆ ਹੈ, ਅੱਖਾਂ ਨਿਕਲੀਆਂ ਹਨ, ਗੀੜ ਦੀ ਹੱਡੀ ਟੁੱਟ ਚੁੱਕੀ ਹੈ, ਕੰਧ ਦੇ ਸਹਾਰੇ ਬੈਠੇ ਹਨ, ਖੋਪਰੀ ਅੱਗੋਂ ਲਥੀ ਹੈ, ਕੰਧ ਨਾਲ ਕੇਸ ਚਿਪਕੇ ਹਨ, ਸਿਰ ਵਿਚੋਂ ਖੂਨ ਚੋ ਚੋਕੇ ਦਾਹੜਾ ਲਹੂ ਰੰਗਾ ਹੋ ਗਿਆ ਹੈ ਅਤੇ ਅਜਿਹੇ ਹਾਲਾਤ ਵਿਚ ਵੀ ਓਹਨਾਂ ਨੇ ਰਹਿਰਾਸ ਸਾਹਿਬ ਦੇ ਪਾਠ ਦਾ ਸਮਾਂ ਨਹੀਂ ਖੁੰਝਣ ਦਿੱਤਾ ।

ਇਤਨੀ ਦ੍ਰਿੜਤਾ !

ਇਤਨਾ ਗੁਰਸਿੱਖੀ ਪ੍ਰੇਮ !

ਇਤਨੀ ਨਿਤਨੇਮ ਦੀ ਮਰਿਆਦਾ !

ਇਹ ਹੈ ਸਤਿਗੁਰਾਂ ਦੇ ਸਿੱਖੀ ਹੁਕਮਾਂ ਨੂੰ ਕੇਸਾਂ ਸੁਆਸਾਂ ਨਾਲ ਨਿਭਾਉਣਾ ।

ਉਹ ਕੈਸਾ ਦ੍ਰਿਸ਼ ਹੋਵੇਗਾ ਜਦ ਭਾਈ ਅਨੋਖ ਸਿੰਘ ਜੀ ਨੇ ਲਹੂ ਵਿੱਚ ਭਿੱਜੇ ਸਰੀਰ ਦੀ ਪਰਵਾਹ ਨਾ ਕਰਦੇ ਹੋਏ ਪ੍ਰੇਮ ਵਿਚ ਭਿੱਜ ਕੇ ਇਹ ਪਾਠ ਅਰੰਭ ਕੀਤਾ ਹੋਵੇਗਾ –

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ......

........

ਕਿਸ ਵਜ਼ਦ ਵਿਚ ਆਣ ਸਰੀਰਕ ਦੁਖ ਭੁਲਾ ਕੇ ਦਸ਼ਮੇਸ਼ ਪਿਤਾ ਦੀ ਗੋਦ ਦਾ ਸੁੱਖ ਮਾਣਦੇ ਹੋਏ ਇਹ ਆਖਰੀ ਤੁਕਾਂ ਪੜੀਆਂ ਹੋਣਗੀਆਂ ।

ਜਿਸੁ ਸਿਮਰਤ ਸੁਖੁ ਹੋਇ ਸਗਲੇ ਦੂਖ ਜਾਹਿ ॥

ਭਾਈ ਸਾਹਿਬ ਦਾ ਜੀਵਨ ਅਤੇ ਸ਼ਹਾਦਤ ਨੂੰ ਦਰਸਾਉਂਦੀ ਇਹ ਤਸਵੀਰ ਆਉਣ ਵਾਲੀਆਂ ਪੀੜੀਆਂ ਨੂੰ ਖੰਡੇ ਦੀ ਧਾਰ ਤੇ ਚੱਲਣ ਲਈ ਪ੍ਰੇਰਿਤ ਕਰਦੀ ਰਹੇਗੀ ।

**-ਮੋਹਨ ਸਿੰਘ ਦਾਸੂਵਾਲ**



ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਵਾਰਿਸ
ਭਾਈ ਸਾਹਿਬ ਭਾਈ ਅਨੋਖ ਸਿੰਘ ਜੀ ਸ਼ਹੀਦ

### ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ

# ਅੱਤ ਦਾ ਅੰਤ ਕੀਤਾ

ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ'ਤਾਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਕੌਮੀ ਸ਼ਹੀਦ' ਦੇ ਖ਼ਿਤਾਬ ਨਾਲ ਸਨਮਾਨੇ ਭਾਈ ਦਿਲਾਵਰ ਸਿੰਘ ਜੀ ਦਾ ਅੱਜ ਸ਼ਹੀਦੀ ਦਿਹਾੜਾ ਹੈ। ਇਸ ਸੂਰਮੇ ਦੀ ਸ਼ਹਾਦਤ ਕੁਰਬਾਨੀ, ਤਿਆਗ, ਸਿਰੜ ਅਤੇ ਸੇਵਾ ਭਾਵਨਾ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਜ਼ਾਲਮ ਮੁੱਖ ਮੰਤਰੀ ਬੇਅੰਤ ਸਿਹੁੰ ਬੁੱਚੜ ਨੂੰ ਬੰਬ ਨਾਲ ਉਡਾ ਕੇ ਭਾਈ ਦਿਲਾਵਰ ਸਿੰਘ ਨੇ ਚੀਥੜੇ-ਚੀਥੜੇ ਕਰ ਦਿੱਤਾ ਤੇ ਇਸ ਜੁਝਾਰੂ ਕਾਰਨਾਮੇ ਵਿੱਚ ਭਾਈ ਦਿਲਾਵਰ ਸਿੰਘ ਜੀ ਖ਼ੁਦ ਵੀ ਆਪਾ ਵਾਰ ਗਏ ਤੇ ਸਿੱਖ ਕੌਮ ਨੂੰ ਇੱਕ ਨਵੀਂ ਜ਼ਿੰਦਗੀ ਬਖਸ਼ ਗਏ। ਅੱਜ ਜੇਕਰ ਸਾਡੇ ਸਿਰਾਂ ਦੇ ਉੱਤੇ ਦਸਤਾਰਾਂ-ਕੇਸ ਅਤੇ ਸਰੀਰਾਂ ਉੱਤੇ ਬਾਣੇ ਸ਼ੋਭ ਰਹੇ ਹਨ ਤਾਂ ਇਹ ਭਾਈ ਦਿਲਾਵਰ ਸਿੰਘ ਜੀ ਦੀ ਹੀ ਦੇਣ ਹੈ ਜਿਸ ਨੇ 31 ਅਗਸਤ 1995 ਨੂੰ ਔਰੰਗਜ਼ੇਬ, ਜ਼ਕਰੀਆ ਖ਼ਾਂ, ਫਰੁੱਖਸੀਅਰ, ਮੀਰ ਮੰਨੂ, ਲਖਪਤ ਰਾਏ, ਜਨਰਲ ਡਾਇਰ ਅਤੇ ਇੰਦਰਾ ਗਾਂਧੀ ਦੇ ਹੀ ਦੂਜੇ ਰੂਪ ਦਰਿੰਦੇ ਬੇਅੰਤ ਸਿਹੁੰ ਨੂੰ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਮੌਤ ਦੇ ਘਾਟ ਉਤਾਰ ਦਿੱਤਾ ਸੀ ਤੇ ਦੁਨੀਆਂ ਨੂੰ ਦੱਸ ਦਿੱਤਾ ਕਿ ਸਿੱਖ ਕੌਮ ਜਿਉਂਦੀ ਅਤੇ ਜਾਗਦੀ ਹੈ, ਹਥਿਆਰਬੰਦ ਸੰਘਰਸ਼ ਖਤਮ ਨਹੀਂ ਹੋਇਆ ਬਲਕਿ ਕਿਸੇ ਨਾ ਕਿਸੇ ਰੂਪ ਵਿੱਚ ਜਾਰੀ ਹੈ ਤੇ ਜ਼ੁਲਮ ਦਾ ਨਾਸ ਕਰਕੇ ਹੀ ਦਮ ਲਵੇਗਾ। ਬੇਅੰਤੇ ਬੁੱਚੜ ਦੇ ਸੋਧੇ ਨਾਲ ਭਾਰਤੀ ਹਕੂਮਤ, ਕਾਂਗਰਸੀ ਸਰਕਾਰ ਅਤੇ ਹੋਰ ਪੰਥ ਦੋਖੀਆਂ ਦੇ ਪਰਖੱਚੇ ਉੱਡ ਗਏ। ਖ਼ਾਲਸਾ ਪੰਥ ਦੇ ਬਹਾਦਰ ਜਰਨੈਲ ਭਾਈ ਦਿਲਾਵਰ ਸਿੰਘ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਗੁਰਮੀਤ ਸਿੰਘ ਇੰਜੀਨੀਅਰ, ਭਾਈ ਲਖਵਿੰਦਰ ਸਿੰਘ ਨਾਰੰਗਵਾਲ ਅਤੇ ਭਾਈ ਸ਼ਮਸ਼ੇਰ ਸਿੰਘ ਨੇ ਐਸਾ ਸ਼ਾਨਦਾਰ ਕਾਰਨਾਮਾ ਕਰ ਵਿਖਾਇਆ ਜਿਸ ਉੱਤੇ ਕੌਮ ਨੂੰ ਸਦੀਆਂ ਤੱਕ ਮਾਣ ਰਹੇਗਾ। ਇਹ ਸਾਰੇ ਸੂਰਬੀਰ ਸਾਡੀ ਕੌਮ ਦੇ ਨਾਇਕ ਹਨ ਜਿਨ੍ਹਾਂ ਤੋਂ ਸਿੱਖ ਨੌਜਵਾਨ ਹਮੇਸ਼ਾਂ ਸੇਧ ਲੈਂਦੇ ਰਹਿਣਗੇ। ਜਦੋਂ ਜਦੋਂ ਵੀ ਸਿੱਖ ਕੌਮ ਉੱਤੇ ਕੋਈ ਪਾਪੀ ਜ਼ੁਲਮ ਕਰੇਗਾ ਤਾਂ ਉਸ ਜ਼ੁਲਮ ਦਾ ਅੰਤ ਕਰਨ ਲਈ ਅਜਿਹੇ ਯੋਧੇ ਪੈਦਾ ਹੁੰਦੇ ਰਹਿਣਗੇ। ਬੇਅੰਤੇ ਬੁੱਚੜ ਨੂੰ ਭਾਈ ਦਿਲਾਵਰ ਸਿੰਘ ਨੇ ਮਨੁੱਖੀ ਬੰਬ ਬਣ ਕੇ ਇਸ ਧਰਤੀ ਤੋਂ ਖ਼ਤਮ ਕਰ ਦਿੱਤਾ। ਇਸ ਤੋਂ ਪਹਿਲਾਂ ਬੇਅੰਤੇ ਬੁੱਚੜ ਦੇ ਚਾਪਲੂਸਾਂ ਨੇ ਉਸ ਨੂੰ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਦਾ ਅਵਤਾਰ ਕਹਿਣਾ ਸ਼ੁਰੂ ਕਰ ਦਿੱਤਾ ਸੀ। ਪਰ ਭਾਈ ਦਿਲਾਵਰ ਸਿੰਘ ਨੇ ਕਿਹਾ ਕਿ "ਇਸ ਧਰਤੀ ਉੱਤੇ ਜਾਂ ਤਾਂ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਨਾਮ ਰਹੇਗਾ ਜਾਂ ਫਿਰ ਬੇਅੰਤਾ ਬੁੱਚੜ ! ਗੁਰੂ ਸਾਹਿਬਾਨਾਂ ਦੇ ਨਾਂਵਾਂ, ਉਪਦੇਸ਼ਾਂ ਅਤੇ ਸਿੱਖ ਕੌਮ ਨੂੰ ਤਾਂ ਕੋਈ ਨਹੀਂ ਮਿਟਾ ਸਕਦਾ ਪਰ ਬਿਅੰਤਾ ਬੁੱਚੜ ਹੁਣ ਜ਼ਰੂਰ ਮਿਟੇਗਾ।" ਬਿਅੰਤੇ ਬੁੱਚੜ ਤੋਂ ਪਹਿਲਾਂ ਲਖਪਤ ਰਾਏ ਵਰਗੇ ਵੀ ਆਏ ਸਨ ਜਿਹੜੇ ਕਹਿੰਦੇ ਸਨ ਕਿ "ਇੱਕ ਖੱਤਰੀ ਗੁਰੂ ਨਾਨਕ ਨੇ ਸਿੱਖ ਧਰਮ ਸ਼ੁਰੂ ਕੀਤਾ ਸੀ ਤੇ ਹੁਣ ਇੱਕ ਖੱਤਰੀ ਲਖਪਤ ਰਾਏ ਹੀ ਸਿੱਖ ਕੌਮ ਨੂੰ ਖਤਮ ਕਰੇਗਾ।" ਫਿਰ ਬਾਅਦ ਵਿੱਚ ਲਖਪਤ ਰਾਏ ਨੂੰ ਅਠਾਰ੍ਹਵੀਂ ਸਦੀ ਦੇ ਸਿੰਘਾਂ ਨੇ ਇਹੋ ਜਿਹੀ ਸਜ਼ਾ ਦਿੱਤੀ ਕਿ ਜਿਸ ਦੀ ਹੋਰ ਕੋਈ ਮਿਸਾਲ ਨਹੀਂ ਮਿਲਦੀ। ਇਸੇ ਤਰ੍ਹਾਂ ਜ਼ਾਲਮ ਪੁਲਿਸ ਅਫ਼ਸਰ ਗੋਬਿੰਦ ਰਾਮ ਬੁੱਚੜ ਵੀ ਬੜਾ ਹੰਕਾਰਿਆ ਸੀ ਜਦੋਂ ਇਹ ਸਿੰਘਾਂ ਉੱਤੇ ਜ਼ੁਲਮ ਕਰਦਾ ਸੀ ਤਾਂ ਕਹਿੰਦਾ ਸੀ ਕਿ "ਪਹਿਲਾਂ ਤੁਸੀਂ ਗੁਰੂ ਗੋਬਿੰਦ ਸਿੰਘ ਦਾ ਅੰਮ੍ਰਿਤ ਪੀਤਾ, ਹੁਣ ਗੋਬਿੰਦ ਰਾਮ ਦਾ ਮੂਤ ਪੀਓ।" ਫਿਰ ਜੁਝਾਰੂ ਸਿੰਘਾਂ ਨੇ ਇਸ ਨੂੰ ਵੀ ਬੰਬ ਨਾਲ ਉਡਾ ਕੇ ਪਾਪਣ ਇੰਦਰਾ ਗਾਂਧੀ ਕੋਲ ਭੇਜ ਦਿੱਤਾ ਤੇ ਹੁਣ ਵਾਰੀ ਸੀ ਬੇਅੰਤੇ ਬੁੱਚੜ ਦੀ ਜਿਸ ਨੇ ਡੀ.ਜੀ.ਪੀ. ਬੁੱਚੜ ਕੇ.ਪੀ. ਐੱਸ. ਗਿੱਲ ਨਾਲ ਮਿਲ ਕੇ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਉਤੇ ਜ਼ੋਰ ਦਿੱਤਾ ਹੋਇਆ ਸੀ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਵੀ ਭਾਈ ਮਨੀ ਸਿੰਘ ਵਾਂਗ ਬੰਦ-ਬੰਦ ਕੱਟ ਕੇ ਸ਼ਹੀਦ ਕਰ ਦਿੱਤਾ ਗਿਆ, ਬਾਬਾ ਚਰਨ ਸਿੰਘ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੂੰ ਵੀ ਭਾਈ ਮਤੀ ਦਾਸ ਜੀ ਵਾਂਗ ਦੋਫਾੜ ਕਰ ਦਿੱਤਾ ਗਿਆ। ਜ਼ਾਲਮ ਮੁੱਖ ਮੰਤਰੀ ਬੇਅੰਤੇ ਬੁੱਚੜ ਅਤੇ ਕੇ.ਪੀ.ਐਸ. ਗਿੱਲ ਦੇ ਰਾਜ ਵਿੱਚ ਪੱਤਾ-ਪੱਤਾ ਸਿੰਘਾਂ ਦਾ ਵੈਰੀ ਬਣ ਗਿਆ ਸੀ, ਜੁਝਾਰੂ ਸਿੰਘਾਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਖੌਫਨਾਕ ਤਸੀਹੇ ਦਿੱਤੇ ਜਾਂਦੇ ਸੀ, ਕਿਸੇ ਦੇ ਸਿਰ ਵਿੱਚ ਕਿੱਲ ਠੋਕ ਦਿੱਤੇ ਜਾਂਦੇ, ਭਾਈ ਅਨੋਖ ਸਿੰਘ ਬੱਬਰ ਵਾਂਗ ਕਿਸੇ ਦੀ ਖੋਪੜੀ ਲਾਹ ਦਿੱਤੀ ਜਾਂਦੀ, ਕਿਸੇ ਦੇ ਪੱਟ ਚੀਰ ਕੇ ਲੂਣ ਭਰ ਦਿੱਤਾ ਜਾਂਦਾ, ਕਿਸੇ ਦੀ ਗੁਦਾ ਵਿੱਚ ਡੰਡਾ ਧੱਕ ਦਿੱਤਾ ਜਾਂਦਾ, ਕਿਸੇ ਦਾ ਸਰੀਰ ਗਰਮ ਪ੍ਰੈੱਸਾਂ ਨਾਲ ਸਾੜ ਦਿੱਤਾ ਜਾਂਦਾ, ਕਿਸੇ ਨੂੰ ਗਰਮ ਕੜਾਹੇ ਵਿੱਚ ਉਬਾਲ ਦਿੱਤਾ ਜਾਂਦਾ, ਹਰ ਰੋਜ ਘਰਾਂ ਖੇਤਾਂ ਅਤੇ ਦੁਕਾਨਾਂ ਵਿੱਚੋਂ ਬੇਦੋਸ਼ੇ ਸਿੱਖ ਨੌਜਵਾਨਾਂ ਨੂੰ ਚੁੱਕ ਕੇ ਝੂਠੇ ਪੁਲਿਸ ਮੁਕਾਬਲੇ ਬਣਾ ਦਿੱਤੇ ਜਾਂਦੇ, ਸਿੱਖ ਹੋਣਾ ਹੀ ਇਸ ਦੇਸ਼ ਵਿੱਚ ਜੁਰਮ ਅਤੇ ਪਾਪ ਬਣ ਗਿਆ, ਨੀਲੀਆਂ ਤੇ ਪੀਲੀਆਂ ਦਸਤਾਰਾਂ ਸਜਾਉਣ ਵਾਲੇ ਅਤੇ ਅੰਮ੍ਰਿਤਧਾਰੀ ਨੌਜਵਾਨਾਂ ਨੂੰ ਤਾਂ ਖਾਸ ਕਰਕੇ ਨਿਸ਼ਾਨਾ ਬਣਾਇਆ ਜਾਂਦਾ ਰਿਹਾ, ਬੀਬੀਆਂ ਨੂੰ ਵੀ ਨਹੀਂ ਸੀ ਬਖਸ਼ਿਆ ਜਾਂਦਾ, ਥਾਣਿਆਂ ਵਿੱਚ ਬੀਬੀਆਂ ਦੀ ਪੱਤ ਰੋਲੀ ਜਾਂਦੀ, ਭੈਣ ਉੱਤੇ ਭਰਾ ਨੂੰ ਲਿਟਾਇਆ ਜਾਂਦਾ ਅਤੇ ਪਿਓ ਸਾਹਮਣੇ ਧੀ ਨੂੰ ਨੰਗਾ ਕੀਤਾ ਜਾਂਦਾ, ਮੇਰੇ ਚਾਚਾ ਜੀ ਭਾਈ ਕਸ਼ਮੀਰ ਸਿੰਘ ਸ਼ੀਰਾ (ਪੱਟੀ) ਨੂੰ ਵੀ ਜ਼ਾਲਮਾਨਾ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਉਸ ਸਮੇਂ ਪੁਲਿਸ ਇੱਕ ਬੰਦੇ ਮਾਰਨ ਵਾਲੀ ਮਸ਼ੀਨ ਬਣ ਚੁੱਕੀ ਸੀ, ਫੀਤੀਆਂ-ਸਟਾਰਾਂ-ਇਨਾਮਾਂ ਅਤੇ ਤਰੱਕੀਆਂ ਦੇ ਲਾਲਚ ਵਿੱਚ ਬੁੱਚੜ ਪੁਲਿਸ ਅਫਸਰਾਂ ਨੇ ਸਿੱਖ ਜਵਾਨੀ ਦਾ ਘਾਣ ਕਰ ਦਿੱਤਾ, ਬੇਅੰਤ ਸਿਹੁੰ ਅਤੇ ਕੇਪੀਐਸ ਗਿੱਲ ਨੇ ਪੁਲਿਸ ਨੂੰ ਪੂਰੀ ਖੁੱਲ੍ਹ ਦਿੱਤੀ ਹੋਈ ਸੀ ਕਿ 'ਜਿੱਥੇ ਮਰਜ਼ੀ ਬੰਦਾ ਮਾਰ ਦਿਓ, ਤੁਹਾਨੂੰ ਕੋਈ ਨਹੀਂ ਪੁੱਛੇਗਾ।' ਸਵੇਰੇ ਬੰਦਾ ਘਰ ਜਾਂਦਾ ਸੀ, ਪਰ ਪਤਾ ਨਹੀਂ ਸੀ ਹੁੰਦਾ ਕਿ ਵਾਪਸ ਸ਼ਾਮ ਨੂੰ ਉਸਨੇ ਮੁੜਨਾ ਹੈ ਕਿ ਨਹੀਂ ! ਬਿਅੰਤਾ ਬੁੱਚੜ ਅਤੇ ਕੇਪੀਐਸ ਗਿੱਲ ਦੋਵੇਂ ਭਾਰਤ ਸਰਕਾਰ ਦੇ ਪਿਆਦੇ ਅਤੇ ਜਮੂਰੇ ਬਣੇ ਹੋਏ ਸੀ, ਜੋ ਹਿੰਦੁਸਤਾਨ ਦੇ ਹਿੰਦੂ ਹਾਕਮਾਂ ਨੂੰ ਖੁਸ਼ ਕਰਨ ਲਈ ਉਹਨਾਂ ਦੇ ਸੰਦ ਬਣ ਕੇ ਸਿੱਖ ਕੌਮ ਦਾ ਅੰਤ ਕਰਨ ਤੁਰੇ ਹੋਏ ਸਨ। ਇਹ ਆਪਣੇ ਆਪ ਨੂੰ ਰੱਬ ਸਮਝਣ ਲੱਗ ਪਏ ਸਨ, ਹਥਿਆਰਬੰਦ ਖਾਲਿਸਤਾਨੀ ਸੰਘਰਸ਼ ਨੂੰ ਖਤਮ ਕਰਨ ਦੀ ਆੜ ਹੇਠ ਇਹਨਾਂ ਨੇ ਪੰਜਾਬ ਵਿੱਚ ਖ਼ੂਨ ਦੀਆਂ ਨਦੀਆਂ ਵਗਾ ਦਿੱਤੀਆਂ, ਸਰਕਾਰੀ ਅੱਤਵਾਦ ਨਾਲ ਸਾਰੇ ਪਾਸੇ ਹਾਹਾਕਾਰ ਮੱਚੀ ਹੋਈ ਸੀ। ਪਰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੇ ਵਾਰਸ ਅਜੇ ਜਿਉਂਦੇ ਤੇ ਜਾਗਦੇ ਸਨ, ਫਿਰ ਜਾਗੋ ਨਿਕਲੀ ਅਤੇ ਚੰਡੀਗੜ੍ਹ ਦੇ ਸਕੱਤਰੇਤ ਵਿੱਚ ਐਸਾ ਧਮਾਕਾ ਹੋਇਆ ਜਿਸ ਨੇ ਦਿੱਲੀ ਤਖ਼ਤ ਹਿਲਾ ਦਿੱਤਾ। ਮੈਂ ਜਦੋਂ ਸ਼ਹੀਦਾਂ ਦੇ ਘਰਾਂ ਵਿੱਚ ਜਾਂਦਾ ਹਾਂ ਤਾਂ ਇੱਕ-ਦੋ ਜਾਂ ਸੌ ਨਹੀਂ, ਬਲਕਿ ਹਜ਼ਾਰਾਂ ਪਰਿਵਾਰ ਇਹ ਗੱਲ ਆਖਦੇ ਹਨ ਕਿ "ਬੇਅੰਤੇ ਬੁੱਚੜ ਦੇ ਮਰਨ ਤੋਂ ਬਾਅਦ ਅਸੀਂ ਸੁੱਖ ਦਾ ਸਾਹ ਲਿਆ, ਨਹੀਂ ਤਾਂ ਪੁਲਿਸ ਨੇ ਤਾਂ ਸਾਡਾ ਜੀਣਾ ਹਰਾਮ ਕੀਤਾ ਹੋਇਆ ਸੀ। ਜੇਕਰ ਬਿਅੰਤਾ ਬੁੱਚੜ ਨਾ ਮਰਦਾ ਤਾਂ ਹੁਣ ਤੱਕ ਪੁਲਿਸ ਨੇ ਸਾਡਾ ਸਾਰਾ ਪਰਿਵਾਰ ਝੂਠੇ ਮੁਕਾਬਲਿਆਂ ਵਿੱਚ ਮਾਰ ਦੇਣਾ ਸੀ।" ਭਾਈ ਦਿਲਾਵਰ ਸਿੰਘ ਅਤੇ ਉਹਨਾਂ ਦੇ ਜੁਝਾਰੂ ਸਾਥੀਆਂ ਦੀ ਸਿੱਖ ਕੌਮ ਸਦਾ ਹੀ ਰਿਣੀ ਰਹੇਗੀ। ਮੈਨੂੰ ਮਹਿਸੂਸ ਹੁੰਦਾ ਹੈ ਕਿ ਇਹ ਕੋਈ ਆਮ ਰੂਹਾਂ ਨਹੀਂ ਬਲਕਿ ਅਠਾਰ੍ਹਵੀਂ ਸਦੀ ਦੇ ਸਿੰਘ-ਸੂਰਮੇ ਹੀ ਦੁਬਾਰਾ ਆਏ ਸਨ। ਇਹਨਾਂ ਸਮੂਹ ਜੁਝਾਰੂ ਸਿੰਘਾਂ ਨੂੰ ਸਾਡਾ ਸੁਆਸ-ਸੁਆਸ ਪ੍ਰਣਾਮ ਹੈ। ਭਾਈ ਦਿਲਾਵਰ ਸਿੰਘ ਦੀ ਯਾਦ ਵਿੱਚ 31 ਅਗਸਤ ਨੂੰ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਪਾਇਆ ਜਾਂਦਾ ਹੈ ਤੇ ਸ਼ਹੀਦੀ ਸਮਾਗਮ ਵਿੱਚ ਅਨੇਕਾਂ ਸੰਗਤਾਂ ਜੁੜਦੀਆਂ ਹਨ ਤੇ ਇਸ ਸੂਰਮੇ ਦੀ ਜੈ-ਜੈਕਾਰ ਹੁੰਦੀ ਹੈ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਵੀ ਭਾਈ ਦਿਲਾਵਰ ਸਿੰਘ ਦੀ ਤਸਵੀਰ ਸ਼ੋਭ ਰਹੀ ਹੈ, ਭਾਈ ਸਾਹਿਬ ਨੂੰ ਸੰਨ 2012 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਕੌਮੀ ਸ਼ਹੀਦ' ਦਾ ਦਰਜਾ ਦਿੱਤਾ ਗਿਆ ਸੀ। ਦੂਜੇ ਪਾਸੇ ਬੇਅੰਤ ਸਿਹੁੰ ਬੁੱਚੜ ਨੂੰ ਲਾਹਣਤਾਂ ਪੈਂਦੀਆਂ ਹਨ। ਸੰਨ 2007 ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਤਤਕਾਲੀ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਨੇ ਬੇਅੰਤੇ ਬੁੱਚੜ ਦੇ ਜਲੰਧਰ ਵਿੱਚ ਲੱਗੇ ਬੁੱਤ ਉੱਤੇ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀਆਂ ਤਸਵੀਰ ਵਾਲੀਆਂ ਤਖ਼ਤੀਆਂ ਪਾ ਦਿੱਤੀਆਂ ਸਨ ਅਤੇ ਬੇਅੰਤੇ ਬੁੱਚੜ ਦੇ ਪੋਤਰੇ ਰਵਨੀਤ ਬਿੱਟੂ ਨੂੰ ਅਕਸਰ ਹੀ ਸਿੱਖ ਕੌਮ ਦੇ ਰੋਹ ਦਾ ਸ਼ਿਕਾਰ ਹੋਣਾ ਪੈਂਦਾ ਹੈ। ਸ਼ਹੀਦ ਭਾਈ ਦਿਲਾਵਰ ਸਿੰਘ ਦੇ ਜੁਝਾਰੂ ਕਾਰਨਾਮੇ ਤੋਂ ਬਾਅਦ ਫਿਰ ਕਵੀਸ਼ਰ ਸਿੰਘਾਂ ਨੇ ਗਾਇਆ ਸੀ "ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ'ਤਾ।" ਅੱਜ ਸਿੱਖ ਕੌਮ ਦੇ ਬੱਚੇ ਬੱਚੇ ਦੇ ਮੂੰਹ ਉੱਤੇ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਅਤੇ ਉਹਨਾਂ ਦੇ ਸਾਥੀਆਂ ਦਾ ਨਾਮ ਹੈ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਜ਼ਿੰਦਾਬਾਦ, ਸ਼ਹੀਦ ਭਾਈ ਦਿਲਾਵਰ ਸਿੰਘ ਅਮਰ ਰਹੇ, ਜਥੇਦਾਰ ਜਗਤਾਰ ਸਿੰਘ ਹਵਾਰਾ ਜ਼ਿੰਦਾਬਾਦ, ਖ਼ਾਲਿਸਤਾਨ ਜ਼ਿੰਦਾਬਾਦ।

**- ਭਾਈ ਰਣਜੀਤ ਸਿੰਘ**




ਆਵਾਜ਼ਿ ਕੌਮ AWAZE QAUM International Newspaper & WEB TV

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**
ਕਨਵੀਨਰ ਪੰਥਕ ਅਕਾਲੀ ਦਲ, +91 99146 00715

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਨਖਾਹ ਲਈ ਸੰਘਰਸ਼ ਕਰ ਰਹੇ ਸਟਾਫ਼ ਅਤੇ ਡਾਕਟਰਾਂ ਨਾਲ

# ਧੱਕੇਸ਼ਾਹੀ ਬੰਦ ਕਰੇ ਮੀਰੀ-ਪੀਰੀ ਪ੍ਰਬੰਧਨ, ਨਹੀਂ ਤਾਂ ਹੋਵੇਗਾ ਰੋਸ ਪ੍ਰਦਰਸ਼ਨ : ਜਥੇਦਾਰ ਦਾਦੂਵਾਲ



**ਤਲਵੰਡੀ ਸਾਬੋ, 30 ਅਗਸਤ (ਗੁਰਜੰਟ ਸਿੰਘ ਨਥੇਹਾ)**- ਮੀਰੀ-ਪੀਰੀ ਸੰਸਥਾ ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਲੰਬਿਤ ਤਨਖਾਹਾਂ ਨੂੰ ਲੈ ਕੇ ਕਰਮਚਾਰੀਆਂ ਅਤੇ ਡਾਕਟਰਾਂ ਵੱਲੋਂ ਉਠਾਈ ਗਈ ਆਵਾਜ਼ ਤੋਂ ਬਾਅਦ ਕਥਿਤ ਕਾਰਵਾਈ ਦਾ ਮਾਮਲਾ ਲਗਾਤਾਰ ਤੂਲ ਫੜਦਾ ਜਾ ਰਿਹਾ ਹੈ। ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਪੀੜਤ ਕਰਮਚਾਰੀਆਂ ਅਤੇ ਡਾਕਟਰਾਂ ਦੇ ਹੱਕ ਵਿੱਚ ਸਖ਼ਤ ਰੁਖ ਅਪਣਾਉਂਦਿਆਂ ਸੰਸਥਾ ਪ੍ਰਬੰਧਨ ਨੂੰ ਕਾਰਵਾਈ ਵਾਪਸ ਲੈਣ ਅਤੇ ਲੰਬਿਤ ਤਨਖਾਹਾਂ ਜਾਰੀ ਕਰਨ ਲਈ ਕਿਹਾ ਹੈ। ਜਥੇਦਾਰ ਦਾਦੂਵਾਲ ਨੇ ਸੰਸਥਾ ਦੇ ਸੀਈਓ ਡਾ. ਸੰਦੀਪ ਇੰਦਰ ਸਿੰਘ ਚੀਮਾ ਅਤੇ ਟਰੱਸਟ ਪ੍ਰਬੰਧਨ ਨੂੰ ਕਿਹਾ ਕਿ ਕਰਮਚਾਰੀਆਂ ਅਤੇ ਡਾਕਟਰਾਂ ਨਾਲ ਕੀਤੀ ਜਾ ਰਹੀ ਕਥਿਤ ਧੱਕੇਸ਼ਾਹੀ ਤੁਰੰਤ ਬੰਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਰਮਚਾਰੀ ਤਿੰਨ ਮਹੀਨੇ ਤੱਕ ਆਪਣੀਆਂ ਸੇਵਾਵਾਂ ਦੇਣ ਤੋਂ ਬਾਅਦ ਆਪਣੇ ਮਿਹਨਤਾਨੇ ਦੀ ਮੰਗ ਕਰ ਰਹੇ ਹਨ। ਤਨਖਾਹ ਮੰਗਣਾ ਕਿਸੇ ਵੀ ਕਰਮਚਾਰੀ ਦਾ ਅਪਰਾਧ ਨਹੀਂ, ਸਗੋਂ ਉਸ ਦਾ ਜਾਇਜ਼ ਹੱਕ ਹੈ। ਜਥੇਦਾਰ ਦਾਦੂਵਾਲ ਅਨੁਸਾਰ, ਬੀਤੀ 3 ਜੁਲਾਈ ਨੂੰ ਮੀਰੀ-ਪੀਰੀ ਕਰਮਚਾਰੀ ਸੰਘਰਸ਼ ਕਮੇਟੀ ਦੇ ਪ੍ਰਧਾਨ ਪ੍ਰਿਤਪਾਲ ਸਿੰਘ, ਖਜ਼ਾਨਚੀ ਤਰਸੇਮ ਸਿੰਘ ਸਮੇਤ 11 ਮੈਂਬਰੀ ਕਮੇਟੀ ਅਤੇ ਤਿੰਨ ਸੀਨੀਅਰ ਡਾਕਟਰਾਂ ਨੇ ਕਰਮਚਾਰੀਆਂ ਦੀ ਅਗਵਾਈ ਕਰਦਿਆਂ ਤਿੰਨ ਮਹੀਨਿਆਂ ਤੋਂ ਲੰਬਿਤ ਤਨਖਾਹਾਂ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਸੀ। ਉਨ੍ਹਾਂ ਦਾ ਦੋਸ਼ ਹੈ ਕਿ ਕਰਮਚਾਰੀਆਂ ਵੱਲੋਂ ਆਪਣੀ ਆਵਾਜ਼ ਉਠਾਏ ਜਾਣ ਤੋਂ ਬਾਅਦ ਕੁਝ ਸਟਾਫ਼ ਮੈਂਬਰਾਂ ਅਤੇ ਡਾਕਟਰਾਂ ਖ਼ਿਲਾਫ਼ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇੱਕ ਸੀਨੀਅਰ ਡਾਕਟਰ ਡਾ. ਅਰਵਿੰਦ ਟਿੱਕੋਂ ਨੂੰ ਨੌਕਰੀ ਤੋਂ ਹਟਾ ਦਿੱਤਾ ਗਿਆ ਹੈ, ਜਦਕਿ ਦੋ ਡਾਕਟਰਾਂ ਸਮੇਤ ਹੋਰ ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਜਥੇਦਾਰ ਦਾਦੂਵਾਲ ਨੇ ਦੋਸ਼ ਲਗਾਇਆ ਕਿ ਸਬੰਧਤ ਕਰਮਚਾਰੀਆਂ ਦਾ ਪੱਖ ਸੁਣੇ ਬਿਨਾਂ ਕਾਰਵਾਈ ਕਰਨਾ ਨਿਰਪੱਖ ਪ੍ਰਕਿਰਿਆ ਦੇ ਉਲਟ ਹੈ। ਜਥੇਦਾਰ ਦਾਦੂਵਾਲ ਨੇ ਕਰਮਚਾਰੀ ਸੰਘਰਸ਼ ਕਮੇਟੀ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਅਤੇ ਖਜ਼ਾਨਚੀ ਤਰਸੇਮ ਸਿੰਘ ਦੀ ਮੁਅੱਤਲੀ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਦੋਵਾਂ 'ਤੇ ਕਰਮਚਾਰੀ ਵਿਕਾਸ ਕੁਮਾਰ ਦੀ ਮੋਟਰਸਾਈਕਲ ਚੋਰੀ ਦੇ ਮਾਮਲੇ ਵਿੱਚ ਸੁਰੱਖਿਆ ਡਿਊਟੀ ਵਿੱਚ ਲਾਪਰਵਾਹੀ ਦਾ ਦੋਸ਼ ਲਗਾਇਆ ਗਿਆ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਸਟਾਫ਼ ਮੈਂਬਰ ਵਿਕਾਸ ਕੁਮਾਰ ਨੇ ਹਲਫ਼ਨਾਮਾ ਦੇ ਕੇ ਸਪੱਸ਼ਟ ਕੀਤਾ ਹੈ ਕਿ ਉਹ ਕਿਸੇ ਵੀ ਕਰਮਚਾਰੀ ਜਾਂ ਅਧਿਕਾਰੀ ਤੋਂ ਕੋਈ ਕਲੇਮ ਨਹੀਂ ਕਰਨਾ ਚਾਹੁੰਦੇ ਅਤੇ ਇਸ ਨੂੰ ਆਪਣੀ ਨਿੱਜੀ ਗਲਤੀ ਮੰਨਦੇ ਹਨ। ਅਜਿਹੇ ਵਿੱਚ ਇਸ ਮਾਮਲੇ ਨੂੰ ਆਧਾਰ ਬਣਾ ਕੇ ਕਰਮਚਾਰੀਆਂ ਖ਼ਿਲਾਫ਼ ਕਾਰਵਾਈ ਕਰਨ ਦਾ ਔਚਿਤ ਕੀ ਹੈ, ਇਹ ਪ੍ਰਬੰਧਨ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ। ਦਾਦੂਵਾਲ ਨੇ ਪੰਜ ਕਰਮਚਾਰੀਆਂ ਅਤੇ ਦੋ ਡਾਕਟਰਾਂ ਨੂੰ ਜਾਰੀ ਕੀਤੇ ਕਾਰਨ ਦੱਸੋ ਨੋਟਿਸਾਂ ਨੂੰ ਵੀ ਕਥਿਤ ਤੌਰ 'ਤੇ ਅਸਪੱਸ਼ਟ ਦੱਸਦਿਆਂ ਕਿਹਾ ਕਿ ਦੋਸ਼ ਸਪੱਸ਼ਟ ਕੀਤੇ ਬਿਨਾਂ ਕਰਮਚਾਰੀਆਂ ਤੋਂ ਜਵਾਬ ਮੰਗਣਾ ਉਚਿਤ ਨਹੀਂ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਹ ਕਾਰਵਾਈ ਬਦਲੇ ਦੀ ਭਾਵਨਾ ਤੋਂ ਪ੍ਰੇਰਿਤ ਪ੍ਰਤੀਤ ਹੁੰਦੀ ਹੈ। ਜਥੇਦਾਰ ਦਾਦੂਵਾਲ ਨੇ ਡਾ. ਚੀਮਾ ਅਤੇ ਟਰੱਸਟ ਦੇ ਮੈਂਬਰਾਂ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਸੰਸਥਾਵਾਂ ਕਿਸੇ ਵਿਅਕਤੀ ਦੀ ਨਿੱਜੀ ਜਾਗੀਰ ਨਹੀਂ ਹੁੰਦੀਆਂ, ਸਗੋਂ ਤੈਅ ਨਿਯਮਾਂ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਆਧਾਰ 'ਤੇ ਚਲਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਇਤਿਹਾਸ ਵਿੱਚ ਹਿਟਲਰ ਅਤੇ ਔਰੰਗਜ਼ੇਬ ਵਰਗੇ ਸ਼ਾਸਕਾਂ ਨੇ ਪ੍ਰਬੰਧਾਂ ਨੂੰ ਆਪਣੀ ਨਿੱਜੀ ਇੱਛਾ ਅਨੁਸਾਰ ਚਲਾਉਣ ਦੀ ਕੋਸ਼ਿਸ਼ ਕੀਤੀ, ਜਿਸ ਦਾ ਨਤੀਜਾ ਦਮਨ, ਅਸੰਤੋਸ਼ ਅਤੇ ਆਖ਼ਰਕਾਰ ਪ੍ਰਬੰਧ ਦੇ ਕਮਜ਼ੋਰ ਹੋਣ ਦੇ ਰੂਪ ਵਿੱਚ ਸਾਹਮਣੇ ਆਇਆ। ਉਨ੍ਹਾਂ ਕਿਹਾ ਕਿ ਸੰਸਥਾਵਾਂ ਡਰ ਅਤੇ ਦਬਾਅ ਨਾਲ ਨਹੀਂ, ਸਗੋਂ ਵਿਸ਼ਵਾਸ, ਨਿਯਮਾਂ ਅਤੇ ਨਿਆਂ ਨਾਲ ਮਜ਼ਬੂਤ ਹੁੰਦੀਆਂ ਹਨ। ਜਥੇਦਾਰ ਦਾਦੂਵਾਲ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਦੋਵਾਂ ਕਰਮਚਾਰੀਆਂ ਦੀ ਮੁਅੱਤਲੀ, ਡਾ. ਅਰਵਿੰਦ ਟਿੱਕੋਂ ਨੂੰ ਹਟਾਉਣ ਦੀ ਕਾਰਵਾਈ ਅਤੇ ਕਰਮਚਾਰੀਆਂ ਤੇ ਡਾਕਟਰਾਂ ਨੂੰ ਜਾਰੀ ਕੀਤੇ ਨੋਟਿਸ ਤੁਰੰਤ ਵਾਪਸ ਲਏ ਜਾਣ ਅਤੇ ਕਰਮਚਾਰੀਆਂ ਤੇ ਡਾਕਟਰਾਂ ਦੀਆਂ ਲੰਬਿਤ ਤਨਖਾਹਾਂ ਜਾਰੀ ਕੀਤੀਆਂ ਜਾਣ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਜੇਕਰ ਜਲਦ ਹੀ ਪੀੜਤਾਂ ਨੂੰ ਰਾਹਤ ਨਾ ਦਿੱਤੀ ਗਈ ਤਾਂ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨਾਲ ਮਿਲ ਕੇ ਪੀੜਤ ਸਟਾਫ਼ ਅਤੇ ਡਾਕਟਰਾਂ ਦੇ ਸਮਰਥਨ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੇ ਹੱਕਾਂ ਦੀ ਲੜਾਈ ਵਿੱਚ ਉਹ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਅਤੇ ਕਿਸੇ ਨਾਲ ਵੀ ਅਨਿਆਂ ਨਹੀਂ ਹੋਣ ਦਿੱਤਾ ਜਾਵੇਗਾ।

**ਬੋਲੇ, ਤਨਖਾਹ ਮੰਗਣਾ ਕੋਈ ਅਪਰਾਧ ਨਹੀਂ, ਮੁਅੱਤਲੀ ਅਤੇ ਕਾਰਨ ਦੱਸੋ ਨੋਟਿਸ ਤੁਰੰਤ ਵਾਪਸ ਲਏ ਜਾਣ**

ਆਵਾਜ਼ਿ ਕੌਮ AWAZE QAUM International Newspaper & WEB TV

### ਭਾਜਪਾ ਸੱਤਾ 'ਚ ਆਉਣ 'ਤੇ ਮੁਲਾਜ਼ਮਾਂ ਸਬੰਧੀ

# ਹਾਈ ਕੋਰਟ ਦੇ ਫ਼ੈਸਲੇ ਇਨ-ਬਿਨ ਲਾਗੂ ਕਰੇਗੀ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਸੱਤਾ ਵਿੱਚ ਆਉਣ 'ਤੇ ਮੁਲਾਜ਼ਮਾਂ ਨਾਲ ਸਬੰਧਤ ਹਾਈ ਕੋਰਟ ਦੇ ਫ਼ੈਸਲੇ ਇਨ-ਬਿਨ ਲਾਗੂ ਕਰੇਗੀ। ਮਾਨ ਸਰਕਾਰ ਵੱਲੋਂ ਹੜਤਾਲ 'ਤੇ ਗਏ ਮੁਲਾਜ਼ਮਾਂ ਦੀਆਂ ਸੂਚੀਆਂ ਮੰਗੇ ਜਾਣ ਅਤੇ ਉਨ੍ਹਾਂ ਖ਼ਿਲਾਫ਼ ਕਾਰਵਾਈ ਦੀ ਤਿਆਰੀ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਗੱਲਬਾਤ ਦੀ ਮੇਜ਼ 'ਤੇ ਕਰਨ ਦੀ ਬਜਾਏ ਪ੍ਰਸ਼ਾਸਨਿਕ ਦਬਾਅ ਰਾਹੀਂ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਪਹਿਲਾਂ ਹੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਮਰਥਨ ਵਿੱਚ ਉਨ੍ਹਾਂ ਨਾਲ ਚੱਟਾਨ ਵਾਂਗ ਖੜ੍ਹਨ ਦਾ ਐਲਾਨ ਕਰ ਚੁੱਕੇ ਹਨ ਅਤੇ ਹੜਤਾਲ ਵਿੱਚ ਸ਼ਾਮਲ ਮੁਲਾਜ਼ਮਾਂ ਨੂੰ ਜਾਰੀ ਕੀਤੇ ਗਏ 'ਕਾਰਨ ਦੱਸੋ ਨੋਟਿਸਾਂ' ਦੀ ਸਖ਼ਤ ਨਿੰਦਾ ਕੀਤੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਜੇਕਰ ਸਰਕਾਰ ਨੂੰ ਸੱਚਮੁੱਚ ਆਮ ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਦੀ ਚਿੰਤਾ ਹੈ ਤਾਂ ਉਸ ਨੂੰ ਪਹਿਲਾਂ ਇਹ ਜਵਾਬ ਦੇਣਾ ਚਾਹੀਦਾ ਹੈ ਕਿ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਵਿੱਚ ਦੇਰੀ ਕਿਉਂ ਕੀਤੀ ਗਈ? ਅਦਾਲਤੀ ਹੁਕਮਾਂ ਦੇ ਬਾਵਜੂਦ ਮਾਮਲੇ ਨੂੰ ਗੱਲਬਾਤ ਅਤੇ ਸਾਰਥਕ ਹੱਲ ਵੱਲ ਕਿਉਂ ਨਹੀਂ ਲਿਜਾਇਆ ਗਿਆ? ਅਤੇ ਜਦੋਂ ਮੁਲਾਜ਼ਮ ਆਪਣੀਆਂ ਸਮੱਸਿਆਵਾਂ ਮੁੱਖ ਮੰਤਰੀ ਦੇ ਸਾਹਮਣੇ ਰੱਖਣ ਲਈ ਮਿਲਣਾ ਚਾਹੁੰਦੇ ਹਨ ਤਾਂ ਉਨ੍ਹਾਂ ਲਈ ਗੱਲਬਾਤ ਦੇ ਦਰਵਾਜ਼ੇ ਕਿਉਂ ਬੰਦ ਕੀਤੇ ਜਾ ਰਹੇ ਹਨ?

ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਆਪਣੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕਰ ਸਕੀ, ਉਹ ਹੁਣ ਧਮਕੀਆਂ ਦੇਣ, ਗੈਰਹਾਜ਼ਰ ਮੁਲਾਜ਼ਮਾਂ ਦੀਆਂ ਸੂਚੀਆਂ ਬਣਾਉਣ ਅਤੇ ਸਜ਼ਾਯੋਗ ਕਾਰਵਾਈ ਦੀ ਤਿਆਰੀ ਕਰਨ ਨੂੰ ਹੀ ਪ੍ਰਸ਼ਾਸਨ ਚਲਾਉਣ ਦਾ ਤਰੀਕਾ ਸਮਝ ਰਹੀ ਹੈ। "ਇਹ ਲੋਕਤੰਤਰਿਕ ਸਰਕਾਰ ਦਾ ਰਵੱਈਆ ਨਹੀਂ, ਸਗੋਂ ਹੰਕਾਰ ਅਤੇ ਪ੍ਰਸ਼ਾਸਨਿਕ ਅਸਫਲਤਾ ਦੀ ਨਿਸ਼ਾਨੀ ਹੈ," ਉਨ੍ਹਾਂ ਕਿਹਾ।

ਪ੍ਰੋ. ਖਿਆਲਾ ਨੇ ਕਿਹਾ, "ਮੁਲਾਜ਼ਮਾਂ ਦੀਆਂ ਸੂਚੀਆਂ ਬਣਾਉਣ ਨਾਲ ਸਰਕਾਰ ਦੀਆਂ ਨਾਕਾਮੀਆਂ ਦੀ ਸੂਚੀ ਨਹੀਂ ਮਿਟੇਗੀ। ਧਮਕੀਆਂ ਨਾਲ ਡੀਏ ਦਾ ਬਕਾਇਆ ਖ਼ਤਮ ਨਹੀਂ ਹੋਣਾ ਅਤੇ ਨਾ ਹੀ ਸਰਕਾਰ ਅਦਾਲਤੀ ਹੁਕਮਾਂ ਦੀ ਪਾਲਣਾ ਕਰਨ ਦੀ ਆਪਣੀ ਜ਼ਿੰਮੇਵਾਰੀ ਤੋਂ ਬਚ ਸਕਦੀ ਹੈ। ਪੰਜਾਬ ਦੇ ਲੋਕ ਜਾਣਨਾ ਚਾਹੁੰਦੇ ਹਨ ਕਿ ਸਰਕਾਰੀ ਖ਼ਜ਼ਾਨਾ ਮੁਲਾਜ਼ਮਾਂ ਅਤੇ ਆਮ ਲੋਕਾਂ ਦੇ ਜਾਇਜ਼ ਹੱਕਾਂ ਦੀ ਰੱਖਿਆ ਲਈ ਵਰਤਿਆ ਜਾਵੇਗਾ ਜਾਂ ਇਸ਼ਿਤਹਾਰਬਾਜ਼ੀ ਅਤੇ ਸਿਆਸੀ ਪ੍ਰਚਾਰ ਲਈ?"

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਦਾ ਲੰਬਿਤ ਮਹਿੰਗਾਈ ਭੱਤਾ (ਡੀਏ) ਅਤੇ ਹੋਰ ਬਕਾਇਆ ਸਿਰਫ਼ ਕਿਸੇ ਮੁਲਾਜ਼ਮ ਜਥੇਬੰਦੀ ਦੀ ਮੰਗ ਨਹੀਂ, ਸਗੋਂ ਸਾਲਾਂ ਦੀ ਸੇਵਾ ਅਤੇ ਮਿਹਨਤ ਨਾਲ ਕਮਾਏ ਉਨ੍ਹਾਂ ਦੇ ਹੱਕ ਹਨ। ਇਹ ਹਜ਼ਾਰਾਂ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਆਰਥਿਕ ਸੁਰੱਖਿਆ ਨਾਲ ਸਿੱਧੇ ਤੌਰ 'ਤੇ ਜੁੜਿਆ ਮਾਮਲਾ ਹੈ।

ਉਨ੍ਹਾਂ ਕਿਹਾ ਕਿ ਜੇ ਸਰਕਾਰ ਮੁਲਾਜ਼ਮਾਂ ਦੇ ਜਾਇਜ਼ ਹੱਕ ਲਟਕਾ ਕੇ ਰੱਖਦੀ ਹੈ ਅਤੇ ਹੱਕ ਮੰਗਣ 'ਤੇ ਉਨ੍ਹਾਂ ਨੂੰ ਸਜ਼ਾਯੋਗ ਕਾਰਵਾਈ ਦੀਆਂ ਧਮਕੀਆਂ ਦਿੰਦੀ ਹੈ ਤਾਂ ਇਸ ਨਾਲ ਸਰਕਾਰ ਦੀ ਨੀਅਤ ਅਤੇ ਪ੍ਰਸ਼ਾਸਨਿਕ ਸਮਰੱਥਾ ਦੋਵਾਂ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਦਾ ਇੱਕ ਪਾਸੇ ਮੁਲਾਜ਼ਮਾਂ ਨੂੰ ਆਪਣੇ ਪਰਿਵਾਰ ਦਾ ਅਹਿਮ ਹਿੱਸਾ ਦੱਸਣਾ ਅਤੇ ਦੂਜੇ ਪਾਸੇ ਹੜਤਾਲ ਕਰਨ ਵਾਲੇ ਮੁਲਾਜ਼ਮਾਂ ਨੂੰ ਕਾਰਵਾਈ ਦੀ ਧਮਕੀ ਦੇਣਾ ਦੋਹਰਾ ਰਵੱਈਆ ਹੈ। "ਜੇ ਮੁਲਾਜ਼ਮ ਸੱਚਮੁੱਚ ਸਰਕਾਰ ਦੇ ਪਰਿਵਾਰ ਦਾ ਹਿੱਸਾ ਹਨ ਤਾਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਗੱਲਬਾਤ ਰਾਹੀਂ ਕੀਤਾ ਜਾਣਾ ਚਾਹੀਦਾ ਹੈ। ਪਰਿਵਾਰ ਨਾਲ ਧਮਕੀਆਂ ਅਤੇ ਸਰਕਾਰੀ ਹੁਕਮਾਂ ਦੀ ਧੌਂਸ ਰਾਹੀਂ ਗੱਲ ਨਹੀਂ ਕੀਤੀ ਜਾਂਦੀ," ਉਨ੍ਹਾਂ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਜਿਨ੍ਹਾਂ ਮੁਲਾਜ਼ਮਾਂ ਨੂੰ ਅੱਜ 'ਗੈਰਹਾਜ਼ਰ' ਕਹਿ ਕੇ ਕਾਰਵਾਈ ਦੀ ਧਮਕੀ ਦਿੱਤੀ ਜਾ ਰਹੀ ਹੈ, ਉਹੀ ਮੁਲਾਜ਼ਮ ਸਾਲਾਂ ਤੋਂ ਪੰਜਾਬ ਦਾ ਸਰਕਾਰੀ ਤੰਤਰ ਚਲਾ ਰਹੇ ਹਨ ਅਤੇ ਆਮ ਲੋਕਾਂ ਨੂੰ ਜ਼ਰੂਰੀ ਸੇਵਾਵਾਂ ਪ੍ਰਦਾਨ ਕਰ ਰਹੇ ਹਨ।

"ਆਪਣੇ ਹੀ ਮੁਲਾਜ਼ਮਾਂ ਨੂੰ ਵਿਰੋਧੀ ਸਮਝ ਕੇ ਕੋਈ ਵੀ ਸਰਕਾਰ ਲੋਕ-ਪੱਖੀ ਹੋਣ ਦਾ ਦਾਅਵਾ ਨਹੀਂ ਕਰ ਸਕਦੀ," ਉਨ੍ਹਾਂ ਕਿਹਾ।

ਪ੍ਰੋ. ਖਿਆਲਾ ਨੇ ਆਮ ਆਦਮੀ ਪਾਰਟੀ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਮੁਲਾਜ਼ਮਾਂ ਨੂੰ ਧਮਕੀਆਂ ਦੇ ਕੇ ਚੁੱਪ ਕਰਾਉਣ ਦਾ ਭਰਮ ਨਹੀਂ ਪਾਲਣਾ ਚਾਹੀਦਾ। ਜੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਇੱਕੋ ਤਰ੍ਹਾਂ ਦੇ ਮੁੱਦਿਆਂ ਨੂੰ ਲੈ ਕੇ ਸਰਕਾਰ ਦੇ ਸਾਹਮਣੇ ਆਪਣੀ ਆਵਾਜ਼ ਉਠਾ ਰਹੇ ਹਨ ਤਾਂ ਉਨ੍ਹਾਂ ਦੀ ਸਾਂਝੀ ਚਿੰਤਾ ਨੂੰ ਸਿਰਫ਼ 'ਅਨੁਸ਼ਾਸਨਹੀਣਤਾ' ਕਹਿ ਕੇ ਖ਼ਾਰਜ ਕਰਨਾ ਹਕੀਕਤ ਤੋਂ ਮੂੰਹ ਮੋੜਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਿੰਨਾ ਪ੍ਰਸ਼ਾਸਨਿਕ ਦਬਾਅ ਵਧਾਏਗੀ, ਸਰਕਾਰ ਅਤੇ ਮੁਲਾਜ਼ਮਾਂ ਵਿਚਕਾਰ ਟਕਰਾਅ ਓਨਾ ਹੀ ਵਧ ਸਕਦਾ ਹੈ। "ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਹਨ। ਸਰਕਾਰ ਨੂੰ ਸਮਝਣਾ ਚਾਹੀਦਾ ਹੈ ਕਿ ਸਰਕਾਰੀ ਮੁਲਾਜ਼ਮ ਸਿਰਫ਼ ਦਫ਼ਤਰਾਂ ਤੱਕ ਸੀਮਤ ਨਹੀਂ ਹੁੰਦੇ, ਸਗੋਂ ਉਹ ਪੰਜਾਬ ਦੇ ਲਗਭਗ ਹਰ ਪਿੰਡ, ਸ਼ਹਿਰ ਅਤੇ ਪਰਿਵਾਰ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ। ਉਨ੍ਹਾਂ ਦੇ ਜਾਇਜ਼ ਹੱਕਾਂ ਨੂੰ ਦਬਾਉਣ ਦੀ ਕੋਸ਼ਿਸ਼ ਆਮ ਆਦਮੀ ਪਾਰਟੀ ਨੂੰ ਭਾਰੀ ਸਿਆਸੀ ਕੀਮਤ ਪਾ ਸਕਦੀ ਹੈ," ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਕੋਲ ਹੁਣ ਦੋ ਹੀ ਰਸਤੇ ਹਨ—ਜਾਂ ਤਾਂ ਟਕਰਾਅ ਵਾਲੀ ਪਹੁੰਚ ਛੱਡ ਕੇ ਮੁਲਾਜ਼ਮਾਂ ਨਾਲ ਤੁਰੰਤ ਸਾਰਥਕ ਗੱਲਬਾਤ ਸ਼ੁਰੂ ਕਰੇ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕੱਢੇ ਜਾਂ ਫਿਰ ਟਕਰਾਅ ਦਾ ਰਸਤਾ ਅਪਣਾਏ, ਜੋ ਪੰਜਾਬ ਦੇ ਹਿੱਤ ਵਿੱਚ ਨਹੀਂ ਹੋਵੇਗਾ।

ਪ੍ਰੋ. ਖਿਆਲਾ ਨੇ ਕਿਹਾ, "ਮਾਨ ਸਰਕਾਰ ਨੂੰ ਤਾਕਤ ਦੇ ਹੰਕਾਰ ਨੂੰ ਛੱਡ ਕੇ ਸੰਵਾਦ ਦਾ ਰਸਤਾ ਅਪਣਾਉਣਾ ਚਾਹੀਦਾ ਹੈ। ਮੁਲਾਜ਼ਮਾਂ ਨੂੰ ਡਰਾਉਣ ਦੀ ਬਜਾਏ ਉਨ੍ਹਾਂ ਦੇ ਜਾਇਜ਼ ਹੱਕ ਦਿੱਤੇ ਜਾਣ। ਨਹੀਂ ਤਾਂ ਇਸ ਟਕਰਾਅ ਦੇ ਨਤੀਜੇ ਸਿਰਫ਼ ਸਰਕਾਰੀ ਦਫ਼ਤਰਾਂ ਤੱਕ ਸੀਮਤ ਨਹੀਂ ਰਹਿਣਗੇ ਅਤੇ ਸਰਕਾਰ ਨੂੰ ਇਸ ਦੀ ਭਾਰੀ ਸਿਆਸੀ ਕੀਮਤ ਚੁਕਾਉਣੀ ਪੈ ਸਕਦੀ ਹੈ।" ••

**☛ ਮੁਲਾਜ਼ਮਾਂ ਨੂੰ ਧਮਕਾਉਣ ਦੀ ਬਜਾਏ ਮਾਨ ਸਰਕਾਰ ਪਹਿਲਾਂ ਅਦਾਲਤੀ ਹੁਕਮਾਂ ਦੀ ਪਾਲਣਾ ਕਰੇ: ਭਾਜਪਾ ਬੁਲਾਰਾ ☛ ਮੁਲਾਜ਼ਮਾਂ ਦੀਆਂ ਸੂਚੀਆਂ ਬਣਾਉਣ ਨਾਲ ਸਰਕਾਰ ਦੀਆਂ ਨਾਕਾਮੀਆਂ ਦੀ ਸੂਚੀ ਨਹੀਂ ਮਿਟੇਗੀ**

ਆਵਾਜ਼ਿ ਕੌਮ AWAZE QAUM International Newspaper & WEB TV

# ਬਲਾਤਕਾਰੀ ਸੌਦਾ ਸਾਧ ਨੂੰ ਵਾਰ ਵਾਰ ਪੈਰੋਲ ਦੇ ਕੇ ਸਿੱਖਾਂ ਦੇ ਜਖਮਾਂ ਤੇ ਲੂਣ ਛਿੜਕ ਰਹੀਆ ਹਨ ਸਰਕਾਰਾਂ: ਕਾਤਰੋਂ




**ਸੇਰਪੁਰ ( ਰਣਜੀਤ ਸਿੰਘ ਪੇਧਨੀ )**- ਪਿਛਲੇ ਲੰਮੇ ਸਮੇਂ ਤੋਂ ਸੁਨਾਰੀਆ ਜੇਲ ਵਿੱਚ ਬੰਦ ਸੌਦਾ ਸਾਧ ਨੂੰ 17 ਵੀਂ ਵਾਰ ਪੈਰੋਲ ਦੇ ਕੇ ਸਰਕਾਰਾਂ ਨੇ ਪੰਜਾਬ ਦੇ ਸਿੱਖਾਂ ਤੇ ਲੂਣ ਛਿੜਕਣ ਦਾ ਕੰਮ ਕੀਤਾ ਹੈ। ਇੱਕ ਪਾਸੇ ਪੰਜਾਬ ਦੇ ਸਿੱਖ ਨੌਜਵਾਨ ਆਪਣੀਆਂ ਸਜ਼ਾਵਾਂ ਪੂਰੀਆਂ ਕਰਕੇ ਫਿਰ ਵੀ ਜੇਲਾਂ ਵਿੱਚ ਰੁਲਣ ਲਈ ਮਜਬੂਰ ਹੋ ਰਹੇ ਹਨ। ਪਰ ਇੱਕ ਪਾਸੇ ਸੌਦਾ ਸਾਧ ਨੂੰ 17 ਵੀਂ ਵਾਰ ਪੈਰੋਲ ਦਿੱਤੀ ਜਾ ਰਹੀ ਹੈ। ਜੋ ਕਿ ਕਾਨੂੰਨ ਦੀਆਂ ਸਰਾਸਰ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਈ ਅਮਰੀਕ ਸਿੰਘ ਕਾਤਰੋਂ ਸੀਨੀਅਰ ਆਗੂ ਵਾਰਿਸ ਪੰਜਾਬ ਜਥੇਬੰਦੀ ਹਲਕਾ ਧੂਰੀ ਨੇ ਕੀਤਾ। ਉਹਨਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੀਆਂ ਜਥੇਬੰਦੀਆਂ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦੇ ਲਈ ਵੱਖ-ਵੱਖ ਤਰਹਾਂ ਦੇ ਮੋਰਚੇ ਲਗਾ ਕੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਪਰ ਦੂਜੇ ਪਾਸੇ ਇੱਕ ਬਲਾਤਕਾਰ ਦੇ ਕੇਸ ਵਿੱਚ ਸੁਨਾਰੀਆ ਜੇਲ ਅੰਦਰ ਜੇਲ ਕੱਟ ਰਹੇ ਸੌਦਾ ਸਾਧ ਨੂੰ ਵਾਰ ਵਾਰ ਪੈਰੋਲ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਰਕਾਰਾਂ ਵੱਲੋਂ ਚੋਣਾਂ ਨੇੜੇ ਆਉਂਦਿਆਂ ਹੀ ਸੌਦਾ ਸਾਧ ਨੂੰ ਪੈਰੋਲ ਦੇ ਕੇ ਬਾਹਰ ਕੱਢਿਆ ਜਾਂਦਾ ਹੈ ਜਦ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਆਖਰੀ ਸਾਹਾਂ ਤੇ ਹੈ ਉਹਨਾਂ ਨੂੰ ਮਿਲਣ ਦੇ ਲਈ ਸਿਰਦਸ ਦਿਨ ਦੀ ਪੈਰੋਲ ਵੀ ਨਹੀਂ ਦਿੱਤੀ ਜਾ ਰਹੀ ਇਹ ਸਿੱਖਾਂ ਦੇ ਨਾਲ ਬੇਇਨਸਾਫੀ ਹੈਦਿੱਲੀ ਦੀਆਂ ਸਰਕਾਰਾਂ ਨੇ ਕਦੇ ਵੀ ਪੰਜਾਬ ਦੇ ਸਿੱਖਾਂ ਦੇ ਨਾਲ ਹਮਦਰਦੀ ਨਹੀਂ ਦਿਖਾਈ ।

ਆਵਾਜ਼ਿ ਕੌਮ AWAZE QAUM International Newspaper & WEB TV

# ਹਰਜਿੰਦਰ ਸਿੰਘ ਕਾਂਝਲਾ ਨੇ ਆਪਣੇ ਸਾਥੀਆਂ ਦੇ ਨਾਲ ਛਾਅ ਦਾਰ ਪੌਦੇ ਲਗਾਏ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਾਲੀਆਂ ਜ਼ੋਨ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਣੇ, ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਸੰਗਰੂਰ ਨੈਸਨਲ ਹਾਈ ਵੇ ਦਾ ਨਾਲ ਨਾਲ ਛਾਅ ਦਾਰ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਦੇ ਲਈ ਹਰ ਇਨਸਾਨ ਨੂੰ ਇੱਕ ਪੌਦਾ, ਦਰਖਤ ਲਗਾ ਕੇ ਉਸ ਦੀ ਸਾਂਭ ਸੰਭਾਲ ਕਰਨੀ ਅਤੀ ਜਰੂਰੀ ਹੈ। ਉਹਨਾਂ ਕਿਹਾ ਕਿ ਅਸੀਂ ਵਣ ਉਤਸਵ ਤਾ ਮਨਾਉਂਦੇ ਹਾਂ, ਪਰ ਪੌਦੇ ਲਗਾ ਕੇ ਉਹਨਾਂ ਨੂੰ ਵਿੱਚ ਹੀ ਛੱਡ ਦਿੰਦੇ ਹਾਂ। ਉਹਨਾਂ ਦੀ ਸਾਂਭ ਸੰਭਾਲ ਨਹੀਂ ਕਰਦੇ ਜਿਸ ਕਰਕੇ ਬੂਟੇ ਪਿੱਛੋਂ ਸੁੱਕ ਜਾਂਦੇ ਹਨ। ਉਹਨਾਂ ਹਰ ਵਿਅਕਤੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰ ਵਿੱਚ ਇੱਕ ਪੌਦਾ ਲਗਾ ਕੇ ਉਸ ਦੀ ਚੰਗੀ ਤਰ੍ਹਾਂ ਸਾਂਭ ਸੰਭਾਲ ਕਰਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਵਾਤਾਵਰਨ ਨੂੰ ਬਚਾ ਕੇ ਹਰਿਆਲੀ ਨੂੰ ਬਚਾਉਣ ਲਈ ਆਪਣਾ ਅਹਿਮ ਯੋਗਦਾਨ ਪਾ ਸਕੀਏ । ਇਸ ਮੌਕੇ ਐਡਵੋਕੇਟ ਸੁਮੀਰ ਕੁਮਾਰ ਫੱਤਾ, ਜਸਵਿੰਦਰ ਸਿੰਘ ਧੀਮਾਨ, ਕੁਲਵਿੰਦਰ ਸਿੰਘ ਗਿੱਲ, ਮਨੀਸ ਕੁਮਾਰ ਗੋਇਲ, ਸੁਨੀਲ ਮਿੱਤਲ, ਗੁਲਸਨ ਮੋਦਗਿੱਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦੋਹਰੇ ਮਾਪਦੰਡ: ਜਦੋਂ ਸੇਵਾ ਵਿੱਚ ਦੇਸ਼ ਪ੍ਰੇਮੀ, ਪਰ ਹੱਕ ਮੰਗਣ ਤੇ ਦੇਸ਼ ਧ੍ਰੋਹੀ ?

ਸਰਕਾਰਾਂ ਅਤੇ ਸਮਾਜ ਲਈ ਸਿੱਖ ਸੰਗਤ ਅਤੇ ਪੰਜਾਬੀ ਹਮੇਸ਼ਾ ਦੋ ਪ੍ਰਮੁੱਖ ਕੰਮਾਂ ਲਈ ਸਭ ਤੋਂ ਪਹਿਲਾਂ ਚਾਹੀਦੇ ਹੁੰਦੇ ਹਨ—ਇੱਕ ਦੇਸ਼ ਦੀਆਂ ਸਰਹੱਦਾਂ 'ਤੇ ਸ਼ਹਾਦਤਾਂ ਦੇਣ ਅਤੇ ਦੁਸ਼ਮਣਾਂ 'ਤੇ "ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ" ਦੇ ਜੈਕਾਰੇ ਛੱਡਣ ਲਈ, ਅਤੇ ਦੂਜਾ ਦੇਸ਼ ਜਾਂ ਦੁਨੀਆ ਵਿੱਚ ਕਿਤੇ ਵੀ ਹੜ੍ਹ, ਭੂਚਾਲ ਜਾਂ ਕੋਈ ਹੋਰ ਕੁਦਰਤੀ ਆਫ਼ਤ ਆਵੇ ਤਾਂ ਬਿਨਾਂ ਭੇਦਭਾਵ ਦੇ ਲੰਗਰ ਲਗਾਉਣ ਲਈ। ਜਦੋਂ ਤੱਕ ਸਿੱਖ ਸਰਹੱਦਾਂ 'ਤੇ ਗੋਲੀਆਂ ਖਾਂਦੇ ਹਨ, ਉਦੋਂ ਤੱਕ ਉਹ "ਦੇਸ਼ ਭਗਤ" ਹਨ। ਜਦੋਂ ਉਹ ਮੁਸੀਬਤ ਵਿੱਚ ਫਸੇ ਲੋਕਾਂ ਤੱਕ ਰੋਟੀ ਪਹੁੰਚਾਉਂਦੇ ਹਨ, ਉਦੋਂ ਉਹ "ਸਮਾਜ ਸੇਵੀ" ਹਨ। ਪਰ ਜਿਸ ਦਿਨ ਉਹੀ ਲੋਕ ਆਪਣੇ ਹੱਕਾਂ, ਜ਼ਮੀਨਾਂ ਅਤੇ ਇਨਸਾਫ਼ ਲਈ ਉਹੀ ਜੈਕਾਰਾ ਛੱਡ ਕੇ ਸੜਕਾਂ 'ਤੇ ਉੱਤਰਦੇ ਹਨ, ਉਸੇ ਦਿਨ ਸਰਕਾਰੀ ਤੰਤਰ ਉਨ੍ਹਾਂ 'ਤੇ "ਦੇਸ਼ ਧ੍ਰੋਹੀ" ਦਾ ਲੇਬਲ ਲਗਾ ਦਿੰਦਾ ਹੈ। ਇਹ ਦੋਹਰਾ ਮਾਪਦੰਡ ਕੋਈ ਨਵਾਂ ਨਹੀਂ, ਸਗੋਂ ਕਈ ਘਟਨਾਵਾਂ ਵਿੱਚ ਸਾਫ਼ ਨਜ਼ਰ ਆਉਂਦਾ ਹੈ । ਲਾਲ ਕਿਲ੍ਹੇ ਦੀ ਘਟਨਾ ਅਤੇ ਦੀਪ ਸਿੱਧੂ : ਕਿਸਾਨ ਅੰਦੋਲਨ ਦੌਰਾਨ ਲਾਲ ਕਿਲ੍ਹੇ 'ਤੇ ਨਿਸ਼ਾਨ ਸਾਹਿਬ ਝੁਲਾ ਕੇ ਜੈਕਾਰਾ ਛੱਡਣ ਨੂੰ ਸਰਕਾਰ ਅਤੇ ਮੀਡੀਆ ਨੇ ਦੇਸ਼ ਦੀ ਅਖੰਡਤਾ 'ਤੇ ਹਮਲਾ ਕਰਾਰ ਦੇ ਦਿੱਤਾ ਸੀ। ਦੀਪ ਸਿੱਧੂ 'ਤੇ ਕਈ ਸੰਗੀਨ ਧਾਰਾਵਾਂ ਲਗਾਈਆਂ ਗਈਆਂ। ਪਰ ਬਾਅਦ ਵਿੱਚ ਅਦਾਲਤ ਨੇ ਵੀ ਇਹ ਗੱਲ ਮੰਨੀ ਕਿ ਆਪਣਾ ਰੋਸ ਪ੍ਰਗਟਾਉਣਾ ਅਤੇ ਖਾਲੀ ਪੋਲ 'ਤੇ ਧਾਰਮਿਕ ਝੰਡਾ ਝੁਲਾਉਣਾ ਕੋਈ ਦੇਸ਼ ਧ੍ਰੋਹ ਜਾਂ ਅਪਰਾਧ ਨਹੀਂ ਸੀ, ਸਗੋਂ ਵਿਰੋਧ ਦਰਜ ਕਰਵਾਉਣ ਦਾ ਇੱਕ ਤਰੀਕਾ ਸੀ। ਬੰਦੀ ਸਿੰਘਾਂ ਦਾ ਮੋਰਚਾ: ਅਠਾਰਾਂ-ਅਠਾਰਾਂ, ਵੀਹ-ਵੀਹ ਸਾਲਾਂ ਤੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਜਦੋਂ ਚੰਡੀਗੜ੍ਹ ਮੋਹਾਲੀ ਬਾਰਡਰ 'ਤੇ ਸ਼ਾਂਤਮਈ ਮੋਰਚਾ ਲਗਾਇਆ ਗਿਆ, ਤਾਂ ਆਪਣੇ ਹੱਕਾਂ ਲਈ ਜੈਕਾਰੇ ਛੱਡਣ ਅਤੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਬਦਲੇ ਚੰਡੀਗੜ੍ਹ ਪੁਲਿਸ ਨੇ 3000 ਅਣਪਛਾਤੇ ਸਿੱਖਾਂ 'ਤੇ ਪਰਚੇ ਦਰਜ ਕਰ ਦਿੱਤੇ। ਇਹ ਵਿਰੋਧਾਭਾਸ ਸਵਾਲ ਖੜ੍ਹੇ ਕਰਦਾ ਹੈ: ਜਦੋਂ ਬਾਰਡਰ 'ਤੇ ਦੁਸ਼ਮਣ ਦੇ ਸਾਹਮਣੇ ਜੈਕਾਰਾ ਗੂੰਜਦਾ ਹੈ, ਤਾਂ ਉਹ ਦੇਸ਼ ਭਗਤੀ ਬਣ ਜਾਂਦਾ ਹੈ। ਜਦੋਂ ਕਿਸੇ ਆਫ਼ਤ ਵਿੱਚ ਭੁੱਖਿਆਂ ਨੂੰ ਅੰਨ ਛਕਾਉਂਦਿਆਂ ਜੈਕਾਰਾ ਗੂੰਜਦਾ ਹੈ, ਤਾਂ ਉਹ ਮਾਨਵਤਾ ਦੀ ਸੇਵਾ ਬਣ ਜਾਂਦਾ ਹੈ। ਪਰ ਜਦੋਂ ਉਹੀ ਜੈਕਾਰਾ ਆਪਣੇ ਸੰਵਿਧਾਨਕ ਹੱਕਾਂ, ਇਨਸਾਫ਼ ਅਤੇ ਅਣਖ ਲਈ ਹਾਕਮਾਂ ਦੇ ਤਖ਼ਤ ਸਾਹਮਣੇ ਗੂੰਜਦਾ ਹੈ, ਤਾਂ ਉਹ ਦੇਸ਼ ਧ੍ਰੋਹ ਕਿਵੇਂ ਬਣ ਜਾਂਦਾ ਹੈ? ਸੱਚਾਈ ਇਹ ਹੈ ਕਿ ਜੈਕਾਰਾ ਬੁਲੰਦੀ, ਚੜ੍ਹਦੀ ਕਲਾ ਅਤੇ ਜ਼ੁਲਮ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਦਾ ਪ੍ਰਤੀਕ ਹੈ। ਸਰਕਾਰਾਂ ਨੂੰ ਇਹ ਸਮਝਣਾ ਪਵੇਗਾ ਕਿ ਜੋ ਕੌਮ ਦੇਸ਼ ਦੀ ਰੱਖਿਆ ਅਤੇ ਸੇਵਾ ਵਿੱਚ ਸਭ ਤੋਂ ਅੱਗੇ ਹੋ ਸਕਦੀ ਹੈ, ਉਹ ਆਪਣੇ ਹੱਕਾਂ ਲਈ ਆਵਾਜ਼ ਉਠਾਉਣ ਤੋਂ ਵੀ ਕਦੇ ਪਿੱਛੇ ਨਹੀਂ ਹਟੇਗੀ। ਹੱਕ ਮੰਗਣਾ ਅਪਰਾਧ ਨਹੀਂ, ਸਗੋਂ ਲੋਕਤੰਤਰ ਦਾ ਅਨਿਖੜਵਾਂ ਅੰਗ ਹੈ।

**-ਪਰਗਟ ਸਿੰਘ ਬਲਬੇੜਾ, 9022000070**

### ਸ਼ਰਧਾ ਅਤੇ ਸਤਿਕਾਰ ਸਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 320ਵਾਂ ਸੰਪੂਰਨਤਾ ਦਿਵਸ ਮਨਾਇਆ ਗਿਆ







**ਤਲਵੰਡੀ ਸਾਬੋ, 30 ਅਗਸਤ (ਗੁਰਜੰਟ ਸਿੰਘ ਨਥੇਹਾ)**-ਗੁਰੂ ਕੀ ਕਾਸ਼ੀ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ '320ਵਾਂ ਸੰਪੂਰਨਤਾ ਦਿਵਸ' ਅਲੌਕਿਕ ਸ਼ਰਧਾ, ਭਾਵਨਾ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਇਆ ਗਿਆ। ਇਸ ਇਤਿਹਾਸਿਕ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਮਹਾਨ ਧਾਰਮਿਕ ਸਮਾਗਮਾਂ ਦੌਰਾਨ ਦੂਰ-ਦੁਰਾਡੇ ਤੋਂ ਪੁੱਜੀਆਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੀ ਆਰੰਭਤਾ ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਸੰਪੂਰਨ ਭੋਗ ਨਾਲ ਹੋਈ। ਇਸ ਉਪਰੰਤ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਦੀ ਸੇਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਜੀ ਵੱਲੋਂ ਨਿਭਾਈ ਗਈ। ਸਮਾਗਮ ਦੌਰਾਨ ਹਜ਼ੂਰੀ ਰਾਗੀ ਭਾਈ ਨਿਰਭੈ ਸਿੰਘ ਜੀ ਦੇ ਜਥੇ ਨੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਅਧੀਨ ਚੱਲ ਰਹੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਵੀ ਮਨੋਹਰ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਆਲਮ ਸਿੰਘ ਜੀ ਨੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ, ਜਦਕਿ ਵਧੀਕ ਮੁੱਖ ਗ੍ਰੰਥੀ ਭਾਈ ਗੁਰਜੰਟ ਸਿੰਘ ਜੀ ਨੇ ਇਤਿਹਾਸ ਨਾਲ ਸੰਗਤਾਂ ਨੂੰ ਇਸ ਦਿਨ ਦੀ ਮਹੱਤਤਾ ਤੋਂ ਜਾਣੂ ਕਰਵਾਇਆ।

ਅੰਮ੍ਰਿਤ ਵੇਲੇ ਦੇ ਪਾਵਨ ਹੁਕਮਨਾਮੇ ਦੀ ਕਥਾ ਕਰਦਿਆਂ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਆਪਣੇ ਪ੍ਰਭਾਵਸ਼ਾਲੀ ਸੰਦੇਸ਼ ਵਿੱਚ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੇਵਲ ਇੱਕ ਧਾਰਮਿਕ ਗ੍ਰੰਥ ਨਹੀਂ, ਬਲਕਿ ਸਮੁੱਚੀ ਮਨੁੱਖਤਾ ਲਈ ਜੀਵਨ ਜਾਚ ਦਾ ਇੱਕ ਅਲੌਕਿਕ ਚਾਨਣ-ਮੁਨਾਰਾ ਹਨ। ਅੱਜ ਦੇ ਭੌਤਿਕਵਾਦੀ ਯੁੱਗ ਵਿੱਚ ਜਦੋਂ ਮਨੁੱਖ ਮਾਨਸਿਕ ਅਸ਼ਾਂਤੀ ਅਤੇ ਭਟਕਣਾ ਦਾ ਸ਼ਿਕਾਰ ਹੋ ਰਿਹਾ ਹੈ, ਤਾਂ ਗੁਰਬਾਣੀ ਦੀ ਸਰਨ ਹੀ ਸਾਨੂੰ ਸੱਚਾ ਸੁਖ ਅਤੇ ਆਤਮਿਕ ਸ਼ਾਂਤੀ ਬਖ਼ਸ਼ ਸਕਦੀ ਹੈ। ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਅਮਲੀ ਜੀਵਨ ਵਿੱਚ ਢਾਲ ਕੇ ਹੀ ਅਸੀਂ ਇੱਕ ਅਰੋਗ ਅਤੇ ਸੋਚਵਾਨ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।" ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਦਿਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਅਤੇ ਅਹਿਮ ਜ਼ਰੂਰਤ ਇਹ ਹੈ ਕਿ ਅਸੀਂ ਆਪਣੇ ਕੋਮਲ-ਚਿੱਤ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਅਤੇ ਅਮੀਰ ਵਿਰਸੇ ਨਾਲ ਜੋੜੀਏ। ਉਨ੍ਹਾਂ ਸੰਗਤਾਂ ਅਤੇ ਪ੍ਰਬੰਧਕਾਂ ਨੂੰ ਵਿਸ਼ੇਸ਼ ਅਪੀਲ ਕਰਦਿਆਂ ਕਿਹਾ ਕਿ ਹਰ ਘਰ ਵਿੱਚ ਬੱਚਿਆਂ ਨੂੰ ਗੁਰਬਾਣੀ ਦੀ ਸ਼ੁੱਧ ਸੰਥਿਆ ਦੁਆਈ ਜਾਵੇ ਤਾਂ ਜੋ ਉਹ ਬਾਣੀ ਦੇ ਸ਼ੁੱਧ ਉਚਾਰਨ ਅਤੇ ਅਰਥਾਂ ਤੋਂ ਜਾਣੂ ਹੋ ਸਕਣ। ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਵਿਸ਼ੇਸ਼ 'ਪਾਠ ਬੋਧ ਸਮਾਗਮ' ਉਲੀਕੇ ਜਾਣ, ਤਾਂ ਜੋ ਗੁਰਮਤਿ ਪ੍ਰਚਾਰ ਦੀ ਲਹਿਰ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਸਕੇ ਅਤੇ ਨਵੀਂ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਮੋੜਨ ਲਈ ਗੁਰੂ ਸਾਹਿਬ ਦੇ ਸਿਧਾਂਤ ਹੀ ਸਭ ਤੋਂ ਵੱਡਾ ਓਟ-ਆਸਰਾ ਹਨ। ਸਿੰਘ ਸਾਹਿਬ ਨੇ ਕਿਹਾ ਕਿ ਅੱਜ ਅਸੀਂ ਧੁਰ ਕੀ ਬਾਣੀ ਕਲਯੁਗੀ ਜਹਾਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸੰਪੂਰਨਤਾ ਦਿਵਸ ਮਨਾ ਰਹੇ ਹਾਂ ਇਹ ਬਾਣੀ ਸਾਨੂੰ ਜਬਰ ਅਤੇ ਜ਼ੁਲਮ ਖਿਲਾਫ ਅਵਾਜ਼ ਬੁਲੰਦ ਕਰਨਾ ਸਿਖਾਉਂਦੀ ਹੈ ਤੇ ਸਾਡੇ ਬੰਦੀ ਸਿੰਘ ਲੰਮੇ ਸਮੇਂ ਤੋਂ ਜੇਲਾਂ 'ਚ ਬੰਦ ਹਨ ਸਾਨੂੰ ਇੱਕ ਜੁੱਟ ਹੋ ਕੇ ਉਨ੍ਹਾਂ ਨੂੰ ਰਿਹਾਅ ਕਰਵਾਉਣ ਲਈ ਵੀ ਸੰਘਰਸ਼ ਕਰਨਾ ਚਾਹੀਦਾ ਹੈ। ਸਮਾਗਮ ਦੀ ਸਮਾਪਤੀ 'ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਆਈਆਂ ਸੰਗਤਾਂ ਨੇ ਬੜੀ ਸ਼ਰਧਾ ਨਾਲ ਸੇਵਾ ਅਤੇ ਸਿਮਰਨ ਵਿੱਚ ਹਿੱਸਾ ਲਿਆ। ਇਸ ਵਿਸ਼ੇਸ਼ ਮੌਕੇ 'ਤੇ ਸ. ਗੁਰਪ੍ਰੀਤ ਸਿੰਘ ਝੱਬਰ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਬੂਟਾ ਸਿੰਘ ਮੈਂਬਰ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਸ. ਜਗਸੀਰ ਸਿੰਘ ਮਾਂਗੇਆਣਾ ਮੈਂਬਰ, ਬੀਬੀ ਜਸਪਾਲ ਕੌਰ ਮੈਂਬਰ, ਸ. ਸੁਰਜੀਤ ਸਿੰਘ ਰਾਇਪੁਰ ਮੈਬਰ,ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ. ਪ੍ਰ. ਕਮੇਟੀ ਸ੍ਰੀ ਅੰਮ੍ਰਿਤਸਰ ਸ. ਬਿੰਦਰ ਸਿੰਘ ਮੈਂਬਰ ਸ. ਪ੍ਰਕਾਸ਼ ਸਿੰਘ ਸਾਹੂਵਾਲਾ, ਸ. ਅੰਮ੍ਰਿਤਪਾਲ ਸਿੰਘ ਮੈਂਬਰਾਨ ਹਰਿਆਣਾ ਗੁ.ਪ੍ਰ.ਕਮੇਟੀ,ਸ.ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ,ਸ.ਨਰਿੰਦਰਜੀਤ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ, ਸ. ਰਵਿੰਦਰ ਸਿੰਘ ਖਾਲਸਾ ਪ੍ਰਿੰਸੀਪਲ ਗੁਰਮਤਿ ਵਿਦਿਆਲਾ, ਸ. ਮਨਦੀਪ ਸਿੰਘ ਮਾਖਾ, ਸ. ਗੁਰਦੇਵ ਸਿੰਘ, ਸ. ਗੁਰਸੇਵਕ ਸਿੰਘ ਕਿੰਗਰਾ, ਸ. ਅਜੈਬ ਸਿੰਘ, ਸ. ਜਗਦੇਵ ਸਿੰਘ, ਬਾਬਾ ਪ੍ਰੀਤਮ ਸਿੰਘ ਮੱਲੜੀ ਵਾਲੇ, ਬਾਬਾ ਦਰਸ਼ਨ ਸਿੰਘ ਦਾਦੂ ਵਾਲੇ, ਸਮੂਹ ਕਾਲਜਾਂ ਅਤੇ ਸਕੂਲਾਂ ਦੇ ਪ੍ਰਿੰਸੀਪਲ ਅਤੇ ਸਟਾਫ ਸਮੇਤ ਵੱਖ ਵੱਖ ਸਖਸ਼ੀਅਤਾਂ ਨੇ ਹਾਜ਼ਰੀ ਭਰੀ।

**ਨਵੀਂ ਪੀੜ੍ਹੀ ਨੂੰ ਬਾਣੀ ਨਾਲ ਜੋੜਨ ਲਈ ਪਿੰਡ-ਪਿੰਡ ਉਲੀਕੇ ਜਾਣ ਪਾਠ ਬੋਧ ਸਮਾਗਮ-ਸਿੰਘ ਸਾਹਿਬ ਗਿਆਨੀ ਟੇਕ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਚਰਨ ਸਿੰਘ ਨਾਹਰ ਵੱਲੋਂ ਸਮੂਹ ਭੈਣਾਂ ਨੂੰ ਰੱਖੜੀ ਦੇ ਪਵਿੱਤਰ ਤਿਉਹਾਰ ਦੀਆਂ ਲੱਖ—ਲੱਖ ਵਧਾਈਆਂ



ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਾਈਸ ਚੇਅਰਮੈਨ ਅਤੇ ਜ਼ਿਲ੍ਹਾ ਫਿਰੋਜ਼ਪੁਰ ਕਾਂਗਰਸ ਦੇ ਸਾਬਕਾ ਪ੍ਰਧਾਨ ਗੁਰਚਰਨ ਸਿੰਘ ਨਾਹਰ ਨੇ ਰੱਖੜੀ ਦੇ ਪਵਿੱਤਰ ਤਿਉਹਾਰ ਦੇ ਸ਼ੁਭ ਅਵਸਰ ਤੇ ਦੇਸ਼ ਅਤੇ ਪੰਜਾਬ ਦੀਆਂ ਸਮੂਹ ਭੈਣਾਂ ਨੂੰ ਦਿਲੋ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ ਆਪਣੇ ਵਧਾਈ ਸੰਦੇਸ਼ ਵਿੱਚ ਗੁਰਚਰਨ ਸਿੰਘ ਨਾਹਰ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ—ਭਰਾ ਦੇ ਅਟੁੱਟ ਪਿਆਰ, ਸਤਿਕਾਰ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ। ਇਹ ਤਿਉਹਾਰ ਸਾਡੇ ਸਮਾਜਿਕ ਰਿਸ਼ਤਿਆਂ ਵਿੱਚ ਮਿਠਾਸ ਅਤੇ ਪਰਿਵਾਰਕ ਸਾਂਝ ਨੂੰ ਹੋਰ ਪੱਕਾ ਕਰਦਾ ਹੈ।

ਉਨ੍ਹਾਂ ਕਿਹਾ ਕਿ ਇਕ ਰੱਖੜੀ ਦੀ ਡੋਰ ਨਾਲ ਜੁੜਿਆ ਇਹ ਪਿਆਰ ਦਾ ਰਿਸ਼ਤਾ ਅਤੇ ਪਵਿੱਤਰ ਬੰਧਨ ਸਦਾ ਕਾਇਮ ਰਹੇ। ਸ੍ਰੀ ਨਾਹਰ ਨੇ ਭੈਣਾਂ ਦੀ ਸੁਰੱਖਿਆ, ਤਰੱਕੀ ਅਤੇ ਖੁਸ਼ਹਾਲੀ ਦੀ ਕਾਮਨਾ ਕਰਦਿਆਂ ਸਮਾਜ ਵਿੱਚ ਔਰਤਾਂ ਦੇ ਸਤਿਕਾਰ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ।ਇਸ ਮੌਕੇ ਉਨ੍ਹਾਂ ਨੇ ਸਮੂਹ ਪ੍ਰਦੇਸ਼ ਵਾਸੀਆਂ ਦੀ ਸੁੱਖ—ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਅਦਾਲਤ ਵੱਲੋਂ ਜ਼ਮਾਨਤ ਮਿਲਣ ਤੇ ਬਾਬਾ ਦਲਜੀਤ ਸਿੰਘ ਦਾ ਸਨਮਾਨ—ਗਾਬੜੀਆ



ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਮਮਦੋਟ ਇਲਾਕੇ ਦੀ ਮਾਨਯੋਗ ਸ਼ਖ਼ਸੀਅਤ ਬਾਬਾ ਦਲਜੀਤ ਸਿੰਘ ਨੂੰ ਅਦਾਲਤ ਵਲੋਂ ਜ਼ਮਾਨਤ ਮਿਲਣ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਅਤੇ ਮੈਂਬਰਾ ਵੱਲੋਂ ਬਾਬਾ ਦਲਜੀਤ ਸਿੰਘ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਆਗੂਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਨਸਾਫ਼ ਦੀ ਹਮੇਸ਼ਾ ਜਿੱਤ ਹੁੰਦੀ ਹੈ ਅਤੇ ਅਦਾਲਤੀ ਫੈਸਲੇ ਨਾਲ ਸਮਰਥਕਾਂ ਅਤੇ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਵਰਗਾ ਮਾਹੌਲ ਸੀ। ਸਨਮਾਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸਮਰਥਕ ਅਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ। ਬਾਬਾ ਦਲਜੀਤ ਸਿੰਘ ਨੇ ਸੋਸਾਇਟੀ ਦੇ ਅਹੁਦੇਦਾਰਾਂ ਤੇ ਸਥਾਨਿਕ ਸੰਗਤਾਂ ਅਤੇ ਸਮਰੱਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਹਿਲਾਂ ਵਾਂਗ ਹੀ ਸਮਾਜ ਸੇਵਾ ਅਤੇ ਮਾਨਵਤਾ ਦੀ ਭਲਾਈ ਦੇ ਕਾਰਜਾਂ ਵਿੱਚ ਡੱਟੇ ਰਹਿਣਗੇ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸਵਰਨ ਸਿੰਘ ਕਲਸੀ, ਹਰਜਿੰਦਰ ਸਿੰਘ ਬੱਗਾ, ਬਾਬਾ ਦਲਜੀਤ ਸਿੰਘ, ਗੁਰਦੇਵ ਸਿੰਘ, ਤਰਲੋਕ ਸਿੰਘ ਛਾਬੜਾ, ਪੂਰਨ ਸਿੰਘ, ਉਦੇਦੀਪ ਸਿੰਘ, ਸੁਖਮੰਦਰ ਸਿੰਘ, ਅਕਾਸ਼ਦੀਪ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਤੀਸਰੀ ਮੰਜਿਲ ਤੋਂ ਹੇਠਾਂ ਡਿਗੀ 24 ਸਾਲਾ ਅਰਸ਼ਦੀਪ ਮੁਹੱਲਾ ਨਿਵਾਸੀ ਇਲਾਜ ਲਈ ਆਏ ਅੱਗੇ



ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਜਿਸ ਨੂੰ ਵਾਹਿਗੁਰੂ ਰੱਖੇ ਉਸ ਨੂੰ ਕੋਈ ਮਾਰ ਨਹੀਂ ਸਕਦਾ, ਇਹ ਅਖਾਣ ਉਸ ਵੇਲੇ ਸੱਚ ਸਾਬਤ ਹੋਈ ਜਦੋਂ ਫ਼ਿਰੋਜ਼ਪੁਰ ਸ਼ਹਿਰ ਦੀ ਗਲੀ ਨਿਹੰਗਾਂ ਵਾਲੀ (ਬਗਦਾਦੀ ਗੇਟ) ਵਿਖੇ ਇੱਕ ਭਿਆਨਕ ਹਾਦਸਾ ਵਾਪਰਿਆ। ਗੁਰਦੁਆਰਾ ਸਰਬ ਨਿਵਾਸ ਦੇ ਹੈਡ ਗ੍ਰੰਥੀ ਬਾਬਾ ਅਵਤਾਰ ਸਿੰਘ ਦੀ 24 ਸਾਲਾ ਬੇਟੀ ਅਰਸ਼ਦੀਪ ਆਪਣੇ ਘਰ ਦੀ ਤੀਸਰੀ ਮੰਜ਼ਿਲ ਤੇ ਕੱਪੜੇ ਸੁਕਾ ਰਹੀ ਸੀ। ਇਸੇ ਦੌਰਾਨ ਹੇਠਾਂ ਸ਼ੋਰ ਸੁਣ ਕੇ ਜਦੋਂ ਉਸ ਨੇ ਝਾਕ ਕੇ ਦੇਖਣ ਦੀ ਕੋਸ਼ਿਸ਼ ਕੀਤੀ ਤਾਂ ਉਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਤੀਸਰੀ ਮੰਜ਼ਿਲ ਤੋਂ ਸਿੱਧੀ ਹੇਠਾਂ ਜਾ ਡਿਗੀ। ਇਸ ਦਰਦਨਾਕ ਹਾਦਸੇ ਵਿੱਚ ਅਰਸ਼ਦੀਪ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ। ਹਾਦਸੇ ਕਾਰਨ ਉਸ ਦੀ ਸੱਜੀ ਲੱਤ ਬੁਰੀ ਤਰ੍ਹਾਂ ਚਕਨਾਚੂਰ ਹੋ ਗਈ, ਸੱਜੇ ਪੈਰ ਦੀ ਹੱਡੀ ਟੁੱਟ ਗਈ, ਡਿਸਕ ਤੇ ਗੰਭੀਰ ਸੱਟਾਂ ਲੱਗੀਆਂ ਅਤੇ ਹੱਥਾਂ ਤੇ ਵੀ ਕਾਫੀ ਚੋਟਾਂ ਆਈਆਂ ਹਨ। ਡਾਕਟਰਾਂ ਵੱਲੋਂ ਉਸ ਦਾ ਆਪ੍ਰੇਸ਼ਨ ਕਰਕੇ ਲੱਤ ਚ ਮਹਿੰਗੀਆਂ ਪਲੇਟਾਂ ਪਾਈਆਂ ਜਾ ਰਹੀਆਂ ਹਨ। ਇਸ ਮੁਸ਼ਿਕਲ ਘੜੀ ਵਿੱਚ ਇਲਾਕਾ ਨਿਵਾਸੀਆਂ ਨੇ ਇਨਸਾਨੀਅਤ ਦੀ ਮਿਸਾਲ ਪੇਸ਼ ਕੀਤੀ ਹੈ। ਸਮੂਹ ਬਗਦਾਦੀ ਗੇਟ, ਆਊਟਸਾਈਡ ਬਗਦਾਦੀ ਗੇਟ ਅਤੇ ਗਲੀ ਨਿਹੰਗਾਂ ਵਾਲੀ ਦੇ ਨਿਵਾਸੀਆਂ ਨੇ ਇਕੱਠੇ ਹੋ ਕੇ ਪੈਸੇ ਫੰਡ ਕੀਤੇ ਹਨ ਤਾਂ ਜੋ ਬੱਚੀ ਦਾ ਇਲਾਜ ਕਰਵਾਇਆ ਜਾ ਸਕੇ। ਮੁਹੱਲਾ ਨਿਵਾਸੀਆਂ ਵੱਲੋਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਜਾ ਰਹੀ ਹੈ ਕਿ ਅਰਸ਼ਦੀਪ ਜਲਦੀ ਸਿਹਤਯਾਬ ਹੋ ਕੇ ਆਪਣੇ ਪੈਰਾਂ ਤੇ ਚੱਲ ਫਿਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਯਾਦਗਾਰੀ ਹੋ ਨਿਬੜਿਆ ਇੰਗਲੈਂਡ ਦੀ ਧਰਤੀ ’ਤੇ

# ਧੰਨ-ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਸਮਾਗਮ






**ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :—** ਯਾਦਗਾਰੀ ਹੋ ਨਿਬੜਿਆ ਇੰਗਲੈਂਡ ਦੀ ਧਰਤੀ ਤੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਸਮਾਗਮ ਤੇ 91 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਜਿਸ ਵਿਚ ਚਾਰ ਲੜੀਆਂ ਦੇ ਭੋਗ ਪਾਏ। ਇਸ ਮੌਕੇ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਜਿਨ੍ਹਾਂ ਦੀਆਂ ਸੁੱਖਾਂ ਪੂਰੀਆਂ ਹੋਈਆਂ, ਉਨ੍ਹਾਂ ਦੀਆਂ ਹੋਰ ਮੁਰਾਦਾਂ ਪੂਰੀਆਂ ਕਰਨ ਤਾਂ ਜੋ ਉਹ ਅਗਲੇ ਸਾਲ ਸ੍ਰੀ ਆਖੰਡ ਪਾਠ ਸਾਹਿਬ ਕਰਵਾ ਕੇ ਵਾਹਿਗੁਰੂ ਦਾ ਸ਼ੁਕਰਾਨਾ ਕਰ ਸਕਣ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਅਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਖਾਂ ਨੇ ਹਾਜ਼ਰੀ ਭਰੀ। ਜਿਸ ਵਿਚ ਬਾਬਾ ਬਲਬੀਰ ਸਿੰਘ ਸੀਚੇਵਾਲ ਵਾਤਾਵਰਣ ਪ੍ਰੇਮੀ, ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬਾਬਾ ਬੁੱਢਾ ਦਲ, ਸੰਤ ਬਾਬਾ ਜਗਜੀਤ ਸਿੰਘ ਲੋਪੋਵਾਲ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਧੂਆਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਮਨਿੰਦਰ ਸਿੰਘ, ਭਾਈ ਬਲਦੇਵ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਮੋਹਿੰਦਰ ਸਿੰਘ ਦਿੱਲੀ ਵਾਲੇ, ਬਾਬੇ ਕੇ ਗੁਰਦੁਆਰੇ ਦੇ ਹਜ਼ੂਰੀ ਜਥਾ ਭਾਈ ਜੁਝਾਰ ਸਿੰਘ, ਭਾਈ ਨਿਹਾਲ ਸਿੰਘ, ਭਾਈ ਹਰਪਾਲ ਸਿੰਘ ਲਾਲੀ, ਭਾਈ ਸਿਮਰਨਜੀਤ ਸਿੰਘ, ਭਾਈ ਸੁਖਦੇਵ ਸਿੰਘ ਡੱਲੇਵਾਲ ਬਾਉਲੀ ਸਾਹਿਬ, ਭਾਈ ਅਮਰਜੀਤ ਸਿੰਘ ਨਾਨਕਸਰ ਈਸ਼ਵਰ ਦਰਬਾਰ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਵਾਲੇ ਖਾਲਸਾ ਵਾਲੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਅਤੇ ਇੰਗਲੈਂਡ ਨਿਵਾਸੀ ਪਹੁੰਚੇ। ਇਸ ਮੌਕੇ ਤੇ ਮਹਾਨ ਸਖਸ਼ੀਅਤਾਂ ਵਿਚ ਗੁਰਸੇਵਕ ਸਿੰਘ ਚੀਮਾ ਮੋਗਾ, ਕੁਲਦੀਪ ਸਿੰਘ ਨੂਰ ਮਹਿਲ, ਚਰਨਜੀਤ ਸਿੰਘ ਚੰਨੀ ਖਰੜ ਤੋਂ ਜਸਪਾਲ ਸਿੰਘ ਸ਼ਾਹਕੋਟ ਤੋਂ ਤਜਿੰਦਰ ਸਿੰਘ ਸੰਗੂ ਕੋਟਕਪੂਰੇ ਤੋਂ, ਡਾ: ਓਮ ਨਰੈਣ ਦੂਬੇ ਗੋਲਡ ਮੈਡਲਿਸਟ ਹੋਮਿਓਪੈਥਿਕ ਲੋਹੀਆਂ ਤੋਂ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹਾਜ਼ਰੀ ਭਰੀ। ਇਸ ਮੌਕੇ ਤੇ ਬਾਬੇ ਕੇ ਫਾਰਮ ਟਰੱਸਟੀ ਸਵਰਨ ਸਿੰਘ ਸੈਭੀ, ਜਸਵਿੰਦਰ ਸਿੰਘ ਕਾਲਾ, ਗੁਰਮੀਤ ਸਿੰਘ ਜੰਡੂ, ਜਸਵੰਤ ਸਿੰਘ ਸੈਬੀ, ਤਜਿੰਦਰ ਸਿੰਘ ਘਟੋੜਾ ਨੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਮਹਾਂ ਪੁਰਸ਼ਾਂ ਦੀ ਅਤੇ ਸੰਗਤਾਂ ਦੀ 9ਦਿਨ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਵੀਰ ਸੁਖਵਿੰਦਰ ਸਿੰਘ ਸੁਖੀ ਨੇ ਸਟੇਜ ਸੰਚਾਲਕ ਦਾ ਕੰਮ ਵਧੀਆ ਢੰਗ ਨਾਲ ਨਿਭਾਇਆ। ਇਸ ਮੌਕੇ ਤੇ ਭਾਈ ਦਵਿੰਦਰ ਸਿੰਘ ਬਾਟਾਲਾ ਹਜ਼ੂਰੀ ਜਥਾ ਸ੍ਰੀ ਦਰਬਾਰ ਸਾਹਿਬ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਦਿਆਂ ਸਵੇਰੇ—ਸ਼ਾਮ ਹਰ ਵੇਲੇ ਅਕਾਲਪੁਰਖ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਦੀ ਅਪੀਲ ਕੀਤੀ।

**91 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ—ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੇ ਭਰੀ ਹਾਜ਼ਰੀ**

ਇਸ ਮੌਕੇ ਤੇ ਬਾਬੇ ਕੇ ਫਾਰਮ ਪ੍ਰਬੰਧਕ ਕਮੇਟੀ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਧੰਜਲ, ਸਵਰਨ ਸਿੰਘ ਸੈਭੀ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੋੜਾ ਅਤੇ ਜਥੇਦਾਰ ਜਸਵੰਤ ਸਿੰਘ ਸੈਭੀ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਬਲਦੇਵ ਸਿੰਘ ਮਲਸੀਆਂ, ਅਵਤਾਰ ਸਿੰਘ ਜੰਡੀ, ਜਗਤਾਰ ਸਿੰਘ ਘਟੋੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ, ਸਤ ਪ੍ਰਕਾਸ਼, ਹਰਿਜੰਦਰ ਸਿੰਘ ਸੈਭੀ ਤੇ ਰਾਜਾ ਨੇ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਜਸਵਿੰਦਰ ਸਿੰਘ ਕਾਲਾ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ, ਜਿਹੜੇ ਕਿ ਖਾਸ ਤੌਰ ਤੇ ਇੰਡੀਆ ਅਤੇ ਦੇਸ਼ਾਂ—ਵਿਦੇਸ਼ਾਂ ਤੋਂ ਆਏ ਹਨ ਅਤੇ ਸੰਗਤਾਂ ਭਾਰੀ ਗਿਣਤੀ ਵਿਚ ਇੰਗਲੈਂਡ ਤੋਂ ਆਈਆਂ ਹਨ, ਉਨ੍ਹਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦੇ ਹਾਂ। ਇਸ ਮੌਕੇ ਤੇ ਸੰਤ ਮਹਾਂਪੁਰਖਾਂ ਨੇ ਸਟੇਜ ਤੋਂ ਬੋਲਦਿਆਂ ਕਿਹਾ ਕਿ ਸਾਨੂੰ ਇੰਗਲੈਂਡ ਦੀ ਸੰਗਤ ਖਾਸ ਕਰਕੇ ਬਾਬੇ ਕੇ ਫਾਰਮ ਦੇ ਪ੍ਰਬੰਧਕਾਂ ਦਾ ਅਸੀਂ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਸਾਡੀ 10—12 ਦਿਨ ਹੱਥੀਂ ਸੇਵਾ ਕੀਤੀ ਖਾਸ ਕਰਕੇ ਅਸੀਂ ਬੀਬੀਆਂ ਦਾ ਵੀ ਧੰਨਵਾਦ ਕਰਦੇ ਹਾਂ ਕਿ ਸਾਨੂੰ ਵਧੀਆ ਲੰਗਰ ਛਕਾਇਆ। ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਰਿੰਦਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਨੇ 9 ਦਿਨ ਹੱਥੀਂ ਸੇਵਾ ਕੀਤੀ, ਜਿਸ ਵਿਚ ਉਨ੍ਹਾਂ ਗੁਰੂ ਕਾ ਲੰਗਰ, ਚਾਹ ਕੌਫੀ ਦਾ ਲੰਗਰ, ਪੀਜਾ, ਬਰਗਰ, ਨਿਊਡਲ, ਟਿੱਕੀ ਸਮੋਸੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਲੰਗਰ ਤਿਆਰ ਕਰਕੇ ਸੰਗਤਾਂ ਨੂੰ ਵਰਤਾਇਆ।

## ਸੀ: ਪੱਤਰਕਾਰ ਅਤੇ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੂੰ

# ਮਿਲੀਆਂ ਜਾਨੋਂ ਮਾਰਨ ਦੀਆਂ ਧਮਕੀਆਂ



**ਚੌਂਕ ਮਹਿਤਾ 30 ਅਗਸਤ ( .. ਬਾਬਾ ਸੁਖਵੰਤ ਸਿੰਘ ਚੰਨਣਕੇ........)**-ਫੀਲ਼ਡ ਪੱਤਰਕਾਰ ਐਸੋਸੋਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ, ਪੱਤਰਕਾਰ ਸੁਰਿੰਦਰਪਾਲ ਸਿੰਘ ਲੱਡੂ ਜੋ ਕਿ ਕਸਬਾ ਬਿਆਸ ਤੋਂ ਸਰਪੰਚ ਵੀ ਹਨ, ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਕਮਲੇਸ਼ ਰਾਣੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਵੀ ਹਨ, ਨੂੰ ਬੀਤੇ ਦਿਨ ਇਕ ਅਣਜਾਣ ਫੋਨ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਹਨ । ਜਿਸ ’ਤੇ ਪੱਤਰਕਾਰ ਅਤੇ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੇ ਐਸ.ਐਸ.ਪੀ. ਅੰਮ੍ਰਿਤਸਰ ਦਿਹਾਤੀ, ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ, ਥਾਣਾ ਮੁਖੀ ਬਿਆਸ ਅਤੇ ਹੋਰ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਪਾਸ ਲਿਖਤੀ ਤੌਰ ਤੇ ਦਰਖਾਸਤ ਦੇ ਕੇ ਮੰਗ ਕੀਤੀ ਕਿ ਬੀਤੇ ਕੁਝ ਮਹੀਨੇ ਪਹਿਲਾਂ ਵੀ ਉਸਨੂੰ ਉਸਦੇ ਪਰਿਵਾਰ ਸਮੇ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਸਨ, ਜਿਸ ਕਾਰਣ ਉਨ੍ਹਾਂ ਦੇ ਪਰਿਵਾਰ ਵਿੱਚ ਸਹਿਮ ਦਾ ਮਾਹੌਲ ਹੈ, ਉਨ੍ਹਾਂ ਨੇ ਮੰਗ ਕੀਤੀ ਹੈ ਕਿ ਸਾਡੀ ਜਾਨ ਮਾਲ ਦੀ ਰੱਖਿਆ ਕੀਤੀ ਜਾਵੇ । ਇਸ ਸਬੰਧੀ ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਹਰਜੀਪ੍ਰੀਤ ਸਿੰਘ ਕੰਗ, ਕੈਪਟਨ ਸਿੰਘ ਮਹਿਤਾ, ਧਰਮਿੰਦਰ ਸਿੰਘ ਭੰਮਰਾ, ਲੱਖਾ ਸਿੰਘ ਅਜ਼ਾਦ, ਬਲਵਿੰਦਰ ਸਿੰਘ ਅਠੌਲਾ, ਨਰਿੰਦਰ ਸਿੰਘ ਬਿਆਸ, ਪਰਮਜੀਤ ਸਿੰਘ ਰੱਖੜਾ, ਜਗੀਰ ਸਿੰਘ ਸਫਰੀ, ਗੌਰਵ ਜੋਸ਼ੀ, ਸੁਸ਼ੀਲ ਅਰੋੜਾ, ਬਾਬਾ ਸਤਨਾਮ ਸਿੰਘ ਚੰਨਣਕੇ, ਰਣਜੀਤ ਸਿੰਘ ਸੰਧੂ, ਸੁਰਜੀਤ ਸਿੰਘ ਬੁਤਾਲਾ, ਸੁਖਵਿੰਦਰ ਸਿੰਘ ਬੁਤਾਲਾ, ਨਿਰਮਲ ਸਿੰਘ ਸੰਘਾ, ਸਤਨਾਮ ਸਿੰਘ ਨੌਰੰਗਪੁਰੀ ਸਮੇਤ ਪੱਤਰਕਾਰਾਂ ਨੇ ਪੱਤਰਕਾਰ ਸੁਰਿੰਦਰਪਾਲ ਸਿੰਘ ਲੱਡੂ ਨੂੰ ਮਿਆਂ ਧਮਕੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੁਲਸ-ਪ੍ਰਸ਼ਾਸ਼ਨ ਪਾਸੋਂ ਮੰਗ ਕੀਤੀ ਹੈ ਕਿ ਇਸਦੀ ਜਾਂਚ ਪੜਤਾਲ ਕੀਤੀ ਜਾਵੇ ਅਤੇ ਸਰਪੰਚ ਲੱਡੂ ਦੇ ਪਰਿਵਾਰ ਦੀ ਜਾਨ ਮਾਲ ਦੀ ਰੱਖਿਆ ਕੀਤੀ ਜਾਵੇ ।

**ਫੀਲਡ ਪੱਤਰਕਾਰ ਐਸੋ: ਸਬ ਡਵੀਜਨ ਬਾਬਾ ਬਕਾਲਾ ਸਾਹਿਬ ਵੱਲੋਂ ਨਿੰਦਾ**

## ਇਨਸਾਨੀਅਤ ਸੇਵਾ ਦਲ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ ਵਿਸ਼ੇਸ਼ ਮੀਟਿੰਗ, ਮੈਂਬਰਾਂ ਦੀਆਂ ਲਗਾਈਆਂ ਡਿਊਟੀਆਂ



ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਇਨਸਾਨੀਅਤ ਸੇਵਾ ਦਲ ਵੱਲੋਂ ਪਵਿੱਤਰ ਤਿਉਹਾਰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਮਨੋਰਥ ਜਨਮ ਅਸ਼ਟਮੀ ਦੇ ਸ਼ੁਭ ਅਵਸਰ ਤੇ ਵੱਖ—ਵੱਖ ਮੰਦਰਾਂ ਵਿੱਚ ਸ਼ਰਧਾਲੂਆਂ ਦੀ ਸੁਵਿਧਾ ਅਤੇ ਸੇਵਾ ਸੰਭਾਲ ਲਈ ਢੁਕਵੇਂ ਪ੍ਰਬੰਧ ਕਰਨਾ ਸੀ। ਮੀਟਿੰਗ ਦੌਰਾਨ ਵਿਚਾਰ—ਵਟਾਂਦਰਾ ਕਰਦਿਆਂ ਸੰਸਥਾ ਦੇ ਅਹੁਦੇਦਾਰਾਂ ਵੱਲੋਂ ਵੱਖ—ਵੱਖ ਮੰਦਰਾਂ ਵਿੱਚ ਸੇਵਾ ਨਿਭਾਉਣ ਲਈ ਮੈਂਬਰਾਂ ਦੀਆਂ ਜ਼ਿੰਮੇਵਾਰੀਆਂ ਅਤੇ ਡਿਊਟੀਆਂ ਤੈਅ ਕੀਤੀਆਂ ਗਈਆਂ। ਸਾਰੇ ਮੈਂਬਰਾਂ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਸੇਵਾ ਕਾਰਜਾਂ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ ਤਾਂ ਜੋ ਮੰਦਰਾਂ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੀਟਿੰਗ ਵਿੱਚ ਸੰਸਥਾ ਦੇ ਪ੍ਰਧਾਨ ਰਮਨ ਵਧਵਾ, ਜਨਰਲ ਸਕੱਤਰ ਰਮੇਸ਼ ਸ਼ਰਮਾ, ਸੰਜੀਵ ਸ਼ਰਮਾ ਬਬਲਾ, ਰਾਜਿੰਦਰ ਸ਼ਰਮਾ ਮਾਮਾ ਸਮੇਤ ਸਮੂਹ ਮੈਂਬਰ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਮੀਟਿੰਗ ਦੇ ਅੰਤ ਵਿੱਚ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਮਿਲ ਕੇ ਤਿਉਹਾਰ ਨੂੰ ਸ਼ਾਂਤੀਪੂਰਨ ਅਤੇ ਸੁਚੱਜੇ ਢੰਗ ਨਾਲ ਮਨਾਉਣ ਦਾ ਸੰਕਲਪ ਲਿਆ।

## ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਮਿਲਿਆ ਭਾਰੀ ਬਲ: ਅੰਮ੍ਰਿਤਸਰ ਤੋਂ ਵੱਖ-ਵੱਖ ਪਾਰਟੀਆਂ ਦੇ 200 ਤੋਂ ਵੱਧ ਆਗੂ ਤੇ ਵਰਕਰ ਪਾਰਟੀ ਵਿੱਚ ਸ਼ਾਮਲ









**ਅੰਮ੍ਰਿਤਸਰ 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਉਸ ਵੇਲੇ ਭਾਰੀ ਰਾਜਨੀਤਿਕ ਬਲ ਮਿਲਿਆ, ਜਦੋਂ ਅੰਮ੍ਰਿਤਸਰ ਜ਼ਿਲ੍ਹੇ ਨਾਲ ਸਬੰਧਤ ਵੱਖ-ਵੱਖ ਰਾਜਨੀਤਿਕ ਧਿਰਾਂ — ਸ਼੍ਰੋਮਣੀ ਅਕਾਲੀ ਦਲ (ਬਾਦਲ), ਆਮ ਆਦਮੀ ਪਾਰਟੀ ਅਤੇ ਹੋਰ ਪ੍ਰਮੁੱਖ ਜਥੇਬੰਦੀਆਂ — ਦੇ 200 ਤੋਂ ਵੱਧ ਸੀਨੀਅਰ ਵਰਕਰਾਂ ਅਤੇ ਅਹੁਦੇਦਾਰਾਂ ਨੇ ਮੌਜੂਦਾ ਧਿਰਾਂ ਦੀਆਂ ਨੀਤੀਆਂ ਤੋਂ ਦੁਖੀ ਹੋ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਪਾਰਟੀ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਆਏ ਸਾਰੇ ਨੁਮਾਇੰਦਿਆਂ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਦੇ ਕੇ ਪਾਰਟੀ ਵਿੱਚ ਜੀ ਆਇਆਂ ਨੂੰ ਆਖਿਆ। ਨਵੇਂ ਸ਼ਾਮਲ ਹੋਏ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਯੋਗ ਅਗਵਾਈ ਹੇਠ ਪੰਥਕ ਅਤੇ ਰਾਜਨੀਤਿਕ ਸਰਗਰਮੀਆਂ ਨੂੰ ਤੇਜ਼ ਕਰਨ ਦਾ ਅਹਿਦ ਲਿਆ। ਸ਼ਾਮਲ ਹੋਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ: ਸੁੱਚਾ ਸਿੰਘ ਗੱਗੋਮਾਹਲ (ਸ਼੍ਰੋਮਣੀ ਅਕਾਲੀ ਦਲ ਬਾਦਲ) ਸੁਰਜੀਤ ਸਿੰਘ ਨੰਗਲਸੋਹਲ ( ਸਾਬਕਾ ਮੀਡੀਆ ਇੰਚਾਰਜ, ਆਈ.ਟੀ. ਸੈੱਲ, ਆਮ ਆਦਮੀ ਪਾਰਟੀ, ਜ਼ਿਲ੍ਹਾ ਅੰਮ੍ਰਿਤਸਰ) ਮੰਗਲ ਸਿੰਘ (ਪੰਜਾਬ ਪ੍ਰਧਾਨ, ਧੋਣਾ ਟਰੱਸਟ / ਭਗਵਾਨ ਵਾਲਮੀਕ ਆਸ਼ਰਮ ਧੋਣਾ ਸਾਹਿਬ ਟਰੱਸਟ) ਸਤਪਾਲ ਸਿੰਘ (ਸਾਬਕਾ ਸਰਪੰਚ, ਗਾਲਬ) ਦਿਲਬਾਗ ਸਿੰਘ (ਸਾਬਕਾ ਸਰਪੰਚ, ਪਿੰਡ ਫਤੇਵਾਲ) ਗੁਰਦੀਪ ਸਿੰਘ ਸਹੋਤਾ (ਫਤੇਵਾਲ) ਸੁਰਿੰਦਰ ਸਿੰਘ (ਫਤੇਵਾਲ) ਡਾ. ਜੋਬਨਜੀਤ ਸਿੰਘ (ਦਬਰ) ਰਾਜਬੀਰ ਸਿੰਘ (ਰਿਟਾਇਰਡ ਐਕਸੀਅਨ) ਹਰਦੇਵ ਸਿੰਘ (ਗਾਲਿਬ) ਹਰਵਿੰਦਰ ਸਿੰਘ, ਸੁਖਚੈਨ ਸਿੰਘ, ਆਕਾਸ਼ ਢਿੱਲੋਂ, ਲਕਸ਼ਮਣ ਸਿੰਘ, ਸਾਹਿਬਗੁਰਨੂਰ ਸਿੰਘ, ਸਹਿਲਪ੍ਰੀਤ ਸਿੰਘ, ਅਮਰ ਸਿੰਘ, ਅਮਰਜੀਤ ਸਿੰਘ ਅਤੇ ਸੁਖਦੇਵ ਸਿੰਘ ਗੱਗੋਮਾਹਲ। ਇਸ ਮੌਕੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ, ਸਰਦਾਰ ਦਿਲਜਿੰਦਰ ਬੀਰ ਸਿੰਘ ਵਿਰਕ ਪ੍ਰਧਾਨ ਜ਼ਿਲ੍ਹਾ ਜਥੇਦਾਰ ਦਿਹਾਤੀ ਅੰਮ੍ਰਿਤਸਰ,ਸਰਦਾਰ ਹਰਜੀਤ ਸਿੰਘ ਪੁਰੇਵਾਲ ਜਥੇਬੰਦਕ ਸਕੱਤਰ ਅਤੇ ਸਰਦਾਰ ਮਧੂਪਾਲ ਸਿੰਘ ਗੋਗਾ ਵਰਕਿਗ ਕਮੇਟੀ ਮੈਂਬਰ ਸਮੇਤ ਸੀਨੀਅਰ ਆਗੂਆਂ ਨੇ ਸੰਤ ਸਿਪਾਹੀ ਦਲ ਦੇ ਮੁੱਖ ਸੇਵਾਦਾਰ ਭਾਈ ਦਵਿੰਦਰ ਸਿੰਘ ਦੇ ਉਦਮ ਦੀ ਸ਼ਲਾਘਾ ਕੀਤੀ, ਜਿਨ੍ਹਾਂ ਦੇ ਯਤਨਾਂ ਸਦਕਾ ਇਹ ਸਾਰਾ ਉਪਰਾਲਾ ਸੰਭਵ ਹੋਇਆ। ਪਾਰਟੀ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਸੰਗਠਨ ਦਾ ਹੋਰ ਪਸਾਰ ਕੀਤਾ ਜਾਵੇਗਾ।

### ਸਕਾਟਲੈਂਡ ਦਾ 126.5 ਏਕੜ ਰਕਬਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਨਾਂ

# ‘ਲਾਰਡ ਆਫ਼ ਬਟਲੀ ਮੈਨਰ’ ਇਕਬਾਲ ਸਿੰਘ ਨੇ 1993 ’ਚ ਖਰੀਦਿਆ ਸੀ ਵੈਕਸੇ ਟਾਪੂ, ਭਰਾ ਇੰਦਰ ਸਿੰਘ ਉੱਪਲ ਨੇ ਗੁਰੂਘਰ ਨੂੰ ਸੌਂਪਿਆ



-ਇੰਦਰ ਸਿੰਘ ਉੱਪਲ




**ਲੰਡਨ/ਸਕਾਟਲੈਂਡ**, 30 **ਅਗਸਤ (ਸਰਬਜੀਤ ਸਿੰਘ ਬਨੂੜ)**- ਬਰਤਾਨੀਆ ਦੇ ਸਿੱਖ ਇਤਿਹਾਸ ਵਿੱਚ ਸੇਵਾ ਅਤੇ ਦਾਨ ਦੀ ਇੱਕ ਵਿਲੱਖਣ ਮਿਸਾਲ ਸਾਹਮਣੇ ਆਈ ਹੈ। ਉੱਘੀ ਸਿੱਖ ਸ਼ਖ਼ਸੀਅਤ ਇੰਦਰ ਸਿੰਘ ਉੱਪਲ ਐੱਮ.ਬੀ.ਈ. ਅਤੇ ਉਨ੍ਹਾਂ ਦੇ ਪਰਿਵਾਰ ਨੇ ਇਤਿਹਾਸਕ ਫ਼ੈਸਲਾ ਲੈਂਦਿਆਂ ਸਕਾਟਲੈਂਡ ਸਥਿਤ ਵੈਕਸੇ ਟਾਪੂ ਅਤੇ ਇਸ ਨਾਲ ਲੱਗਦੇ ਛੋਟੇ ਟਾਪੂਆਂ ਦੀ ਕਾਨੂੰਨੀ ਮਾਲਕੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਨਾਂ ਤਬਦੀਲ ਕਰਵਾ ਦਿੱਤੀ ਹੈ।

**ਇੰਦਰ ਸਿੰਘ ਉੱਪਲ ਤੇ ਮਾਰਗਰੇਟ ਉੱਪਲ ਦੇ ਸੇਵਾ-ਭਾਵ ਦੀ ਦੁਨੀਆ ਭਰ ’ਚ ਸ਼ਲਾਘਾ**

ਪ੍ਰਾਪਤ ਜਾਣਕਾਰੀ ਅਨੁਸਾਰ ਵੈਕਸੇ ਟਾਪੂ ਪਹਿਲਾਂ ਉੱਘੇ ਸਿੱਖ ਕਾਰੋਬਾਰੀ ਸਰਦਾਰ ਇਕਬਾਲ ਸਿੰਘ ਦੀ ਮਲਕੀਅਤ ਸੀ। ਉਨ੍ਹਾਂ ਨੇ ਇਹ ਟਾਪੂ ਸੰਨ 1993 ਵਿੱਚ ਕਰੀਬ 80 ਹਜ਼ਾਰ ਪੌਂਡ ਵਿੱਚ ਖਰੀਦਿਆ ਸੀ। ਸਰਦਾਰ ਇਕਬਾਲ ਸਿੰਘ ‘ਲਾਰਡ ਆਫ਼ ਬਟਲੀ ਮੈਨਰ’ ਦੇ ਇਤਿਹਾਸਕ ਖ਼ਿਤਾਬ ਨਾਲ ਜਾਣੇ ਜਾਂਦੇ ਸਨ, ਜਦਕਿ ਸਕਾਟਲੈਂਡ ਵਿੱਚ ਉਨ੍ਹਾਂ ਨੂੰ ‘ਲੈਸਮਹੇਗੋ ਦੇ ਲੈਅਰਡ’ ਵੀ ਕਿਹਾ ਜਾਂਦਾ ਸੀ। ਹਾਲਾਂਕਿ ਇਹ ਰਵਾਇਤੀ ਜਾਇਦਾਦੀ ਖ਼ਿਤਾਬ ਸੀ ਅਤੇ ਉਹ ਬਰਤਾਨਵੀ ਸੰਸਦ ਦੇ ਹਾਊਸ ਆਫ਼ ਲਾਰਡਜ਼ ਦੇ ਮੈਂਬਰ ਨਹੀਂ ਸਨ।

ਸਰਦਾਰ ਇਕਬਾਲ ਸਿੰਘ ਦਾ 6 ਮਾਰਚ 2021 ਨੂੰ 91 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਮੌਤ ਤੋਂ ਬਾਅਦ ਵੈਕਸੇ ਟਾਪੂ ਉਨ੍ਹਾਂ ਦੇ ਭਰਾ ਇੰਦਰ ਸਿੰਘ ਉੱਪਲ ਨੂੰ ਵਿਰਾਸਤ ਵਿੱਚ ਮਿਲਿਆ। ਇੰਦਰ ਸਿੰਘ ਉੱਪਲ ਤੇ ਮਾਰਗਰੇਟ ਉੱਪਲ ਨੇ ਇਸ ਵੱਡੀ ਜਾਇਦਾਦ ਨੂੰ ਨਿੱਜੀ ਵਰਤੋਂ ਜਾਂ ਵਪਾਰਕ ਲਾਭ ਲਈ ਰੱਖਣ ਦੀ ਥਾਂ ਗੁਰੂਘਰ ਨੂੰ ਸਮਰਪਿਤ ਕਰਨ ਦਾ ਫ਼ੈਸਲਾ ਕੀਤਾ।



ਸਾਰੀਆਂ ਲੋੜੀਂਦੀਆਂ ਕਾਨੂੰਨੀ ਕਾਰਵਾਈਆਂ ਮੁਕੰਮਲ ਹੋਣ ਤੋਂ ਬਾਅਦ ਟਾਪੂ ਦੀ ਮਾਲਕੀ ਬਕਾਇਦਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਨਾਂ ਦਰਜ ਹੋ ਗਈ ਹੈ। ਇਸ ਤਰ੍ਹਾਂ ਗੁਰਦੁਆਰਾ ਸੰਸਥਾ ਹੁਣ ਇਸ ਇਤਿਹਾਸਕ ਟਾਪੂ ਦੀ ਕਾਨੂੰਨੀ ਮਾਲਕ ਬਣ ਗਈ ਹੈ ਤੇ ਸਭਾ ਵੱਲੋਂ ਇਸ ਨੂੰ ਭਵਿੱਖ ਵਿੱਚ ਕਦੇ ਵੀ ਵੇਚਣ ਦਾ ਇਤਿਹਾਸਕ ਫੈਸਲਾ ਲਿਆ ਗਿਆ ਹੈ।

**ਕੁਦਰਤੀ ਸੁੰਦਰਤਾ ਨਾਲ ਭਰਪੂਰ ਹੈ ਵੈਕਸੇ ਟਾਪੂ**

ਵੈਕਸੇ ਟਾਪੂ ਸਕਾਟਲੈਂਡ ਦੇ ਆਊਟਰ ਹੈਬ੍ਰਿਡੀਜ਼ ਖੇਤਰ ਵਿੱਚ ਲੂਇਸ ਦੇ ਪੱਛਮੀ ਤੱਟ ਨੇੜੇ ਵੈਸਟ ਲੌਖ ਰੋਅਗ ਵਿੱਚ ਸਥਿਤ ਹੈ। ਇਕੱਲੇ ਵੈਕਸੇ ਟਾਪੂ ਦਾ ਖੇਤਰਫਲ ਲਗਭਗ 41 ਹੈਕਟੇਅਰ, ਭਾਵ ਕਰੀਬ 101 ਏਕੜ ਹੈ। ਇਸ ਨਾਲ ਲੱਗਦੇ ਛੋਟੇ ਟਾਪੂਆਂ ਨੂੰ ਮਿਲਾ ਕੇ ਗੁਰੂਘਰ ਦੇ ਨਾਂ ਹੋਏ ਕੁੱਲ ਰਕਬੇ ਦਾ ਖੇਤਰਫਲ ਲਗਭਗ 126.5 ਏਕੜ ਦੱਸਿਆ ਜਾ ਰਿਹਾ ਹੈ।



ਸਮੁੰਦਰ ਨਾਲ ਘਿਰਿਆ ਇਹ ਟਾਪੂ ਹਰਿਆਲੀ, ਪੱਥਰੀਲੇ ਕੰਢਿਆਂ, ਰੇਤਲੇ ਤੱਟਾਂ ਅਤੇ ਕੁਦਰਤੀ ਸੁੰਦਰਤਾ ਲਈ ਜਾਣਿਆ ਜਾਂਦਾ ਹੈ। ਇਸ ਵੇਲੇ ਟਾਪੂ ਉੱਤੇ ਕੋਈ ਸਥਾਈ ਆਬਾਦੀ ਨਹੀਂ ਹੈ।

**ਸੰਨ 1827 ਤੱਕ ਟਾਪੂ ਉੱਤੇ ਵੱਸਦੇ ਸਨ ਲੋਕ**

ਇਤਿਹਾਸਕ ਜਾਣਕਾਰੀ ਅਨੁਸਾਰ ਵੈਕਸੇ ਟਾਪੂ ਹਮੇਸ਼ਾ ਤੋਂ ਗੈਰ-ਆਬਾਦ ਨਹੀਂ ਸੀ। ਕਿਸੇ ਸਮੇਂ ਇੱਥੇ ਪਰਿਵਾਰ ਵੱਸਦੇ ਸਨ ਅਤੇ ਖੇਤੀਬਾੜੀ ਤੇ ਪਸ਼ੂ ਪਾਲਣ ਰਾਹੀਂ ਆਪਣਾ ਜੀਵਨ ਬਤੀਤ ਕਰਦੇ ਸਨ। ਟਾਪੂ ਉੱਤੇ ਮੌਜੂਦ ਪੁਰਾਣੇ ਘਰਾਂ ਅਤੇ ਵਸੇਬਿਆਂ ਦੇ ਖੰਡਰ ਅੱਜ ਵੀ ਉਸ ਬੀਤੇ ਸਮੇਂ ਦੀ ਗਵਾਹੀ ਭਰਦੇ ਹਨ।

ਸੰਨ 1827 ਵਿੱਚ ਸਕਾਟਲੈਂਡ ’ਚ ਹੋਈਆਂ ‘ਹਾਈਲੈਂਡ ਕਲੀਅਰੈਂਸਿਜ਼’ ਦੌਰਾਨ ਇੱਥੋਂ ਦੇ ਵਸਨੀਕਾਂ ਨੂੰ ਉਜਾੜ ਦਿੱਤਾ ਗਿਆ ਸੀ। ਉਸ ਸਮੇਂ ਸਕਾਟਲੈਂਡ ਦੇ ਕਈ ਟਾਪੂਆਂ ਅਤੇ ਪਹਾੜੀ ਇਲਾਕਿਆਂ ਵਿੱਚੋਂ ਕਿਰਾਏਦਾਰ ਕਿਸਾਨ ਪਰਿਵਾਰਾਂ ਨੂੰ ਹਟਾ ਕੇ ਜ਼ਮੀਨਾਂ ਭੇਡਾਂ ਚਰਾਉਣ ਅਤੇ ਵਪਾਰਕ ਖੇਤੀ ਲਈ ਵਰਤੀਆਂ ਗਈਆਂ ਸਨ। ਇਸ ਤੋਂ ਬਾਅਦ ਵੈਕਸੇ ਟਾਪੂ ਮੁੜ ਪੱਕੇ ਤੌਰ ’ਤੇ ਆਬਾਦ ਨਹੀਂ ਹੋ ਸਕਿਆ।

ਆਵਾਜ਼ਿ ਕੌਮ AWAZE QAUM International Newspaper & WEB TV

**ਪੰਥਕ ਸੇਵਾ ਦੀ ਵਿਲੱਖਣ ਮਿਸਾਲ**

ਸਿੱਖ ਭਾਈਚਾਰੇ ਵੱਲੋਂ ਉੱਪਲ ਪਰਿਵਾਰ ਦੇ ਇਸ ਫ਼ੈਸਲੇ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਸਿੱਖ ਆਗੂਆਂ ਦਾ ਕਹਿਣਾ ਹੈ ਕਿ ਕਿਸੇ ਪੂਰੇ ਟਾਪੂ ਦੀ ਕਾਨੂੰਨੀ ਮਾਲਕੀ ਗੁਰੂਘਰ ਦੇ ਨਾਂ ਕਰਵਾਉਣਾ ਨਿਸ਼ਕਾਮ ਸੇਵਾ, ਦਸਵੰਧ ਅਤੇ ਸਰਬੱਤ ਦੇ ਭਲੇ ਦੇ ਸਿਧਾਂਤਾਂ ਦੀ ਬੇਮਿਸਾਲ ਉਦਾਹਰਨ ਹੈ।

ਸਭਾ ਦੇ ਮੁੱਖ ਸੇਵਾਦਾਰ ਸ ਗੁਰਮੇਲ ਸਿੰਘ ਮੱਲ੍ਹੀ ਨੇ ਦੱਸਿਆ ਕਿ ਵੈਕਸੇ ਟਾਪੂ ਦੀ ਭਵਿੱਖੀ ਵਰਤੋਂ ਬਾਰੇ ਵਿਸਥਾਰਤ ਰੂਪ-ਰੇਖਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤ ਦੀ ਸਲਾਹ ਨਾਲ ਤਿਆਰ ਕੀਤੀ ਜਾ ਸਕਦੀ ਹੈ। ਇਸ ਥਾਂ ਨੂੰ ਸਿੱਖ ਵਿਰਾਸਤ, ਧਾਰਮਿਕ ਸਿੱਖਿਆ, ਨੌਜਵਾਨਾਂ ਦੇ ਕੈਂਪਾਂ ਅਤੇ ਲੋਕ-ਭਲਾਈ ਨਾਲ ਸਬੰਧਤ ਕਾਰਜਾਂ ਲਈ ਵਰਤੇ ਜਾਣ ਦੀ ਸੰਭਾਵਨਾ ਹੈ।

ਉਨ੍ਹਾਂ ਕਿਹਾ ਕਿ ਉੱਪਲ ਪਰਿਵਾਰ ਦਾ ਇਹ ਉਪਰਾਲਾ ਨਾ ਸਿਰਫ਼ ਬਰਤਾਨੀਆ ਦੇ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਸਥਾਨ ਬਣਾਏਗਾ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਗੁਰੂਘਰ ਪ੍ਰਤੀ ਪਿਆਰ, ਤਿਆਗ ਅਤੇ ਨਿਸ਼ਕਾਮ ਸੇਵਾ ਦਾ ਪ੍ਰੇਰਨਾਦਾਇਕ ਪ੍ਰਤੀਕ ਵੀ ਬਣੇਗਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੈਡੀਸਨ ਸਕੁਏਅਰ ਗਾਰਡਨ ਬਾਹਰ ਮੋਹਨ ਭਾਗਵਤ ਦੇ ਸਮਾਗਮ ਦਾ ਸਿੱਖ ਜਥੇਬੰਦੀਆਂ ਵੱਲੋਂ ਭਾਰੀ ਵਿਰੋਧ

# ਅਮਰੀਕੀ ਆਗੂ ਬ੍ਰੈਡ ਲੈਂਡਰ ਵੀ ਆਰ.ਐੱਸ.ਐੱਸ.-ਵਿਰੋਧੀ ਮੁਜ਼ਾਹਰੇ 'ਚ ਪਹੁੰਚੇ; ਖਾਲਿਸਤਾਨੀ ਝੰਡਿਆਂ ਤੇ ਨਾਅਰਿਆਂ ਨਾਲ ਗੂੰਜਿਆ ਮੈਨਹੈਟਨ












**ਨਿਊਯਾਰਕ/ਲੰਡਨ**, 30 **ਅਗਸਤ (ਸਰਬਜੀਤ ਸਿੰਘ ਬਨੂੜ)**- ਨਿਊਯਾਰਕ ਦੇ ਮੈਨਹੈਟਨ ਸਥਿਤ ਵਿਸ਼ਵ ਪ੍ਰਸਿੱਧ ਮੈਡੀਸਨ ਸਕੁਏਅਰ ਗਾਰਡਨ ਵਿਖੇ ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦੇ ਸਮਾਗਮ ਮੌਕੇ ਸਿੱਖ ਜਥੇਬੰਦੀਆਂ ਅਤੇ ਵੱਖ-ਵੱਖ ਮਨੁੱਖੀ ਅਧਿਕਾਰ ਸੰਗਠਨਾਂ ਵੱਲੋਂ ਵੱਡੇ ਪੱਧਰ 'ਤੇ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਦੌਰਾਨ ਖਾਲਿਸਤਾਨ ਦੇ ਝੰਡੇ ਲਹਿਰਾਏ ਗਏ ਅਤੇ ਪੰਜਾਬ ਦੀ ਆਜ਼ਾਦੀ ਤੇ ਸਵੈ-ਨਿਰਣੇ ਦੇ ਹੱਕ ਵਿੱਚ ਆਕਾਸ਼-ਗੂੰਜਾਊ ਨਾਅਰੇ ਲਾਏ ਗਏ। ਅਮਰੀਕੀ ਸਿਆਸੀ ਆਗੂ ਅਤੇ ਨਿਊਯਾਰਕ ਦੇ ਸਾਬਕਾ ਕੰਪਟਰੋਲਰ ਬ੍ਰੈਡ ਲੈਂਡਰ ਵੀ ਮੈਡੀਸਨ ਸਕੁਏਅਰ ਗਾਰਡਨ ਦੇ ਬਾਹਰ ਆਰ.ਐੱਸ.ਐੱਸ.-ਵਿਰੋਧੀ ਪ੍ਰਦਰਸ਼ਨ ਵਿੱਚ ਪਹੁੰਚੇ। ਉਨ੍ਹਾਂ ਮੋਹਨ ਭਾਗਵਤ ਅਤੇ ਆਰ.ਐੱਸ.ਐੱਸ. ਦੀ ਵਿਚਾਰਧਾਰਾ ਵਿਰੁੱਧ ਆਪਣਾ ਵਿਰੋਧ ਦਰਜ ਕਰਵਾਇਆ। ਇਸ ਤੋਂ ਪਹਿਲਾਂ ਵੀ ਲੈਂਡਰ ਨੇ ਨਿਊਯਾਰਕ ਸਿਟੀ ਹਾਲ ਵਿਖੇ ਵੱਖ-ਵੱਖ ਧਰਮਾਂ ਦੇ ਆਗੂਆਂ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਨਾਲ ਮਿਲ ਕੇ ਭਾਗਵਤ ਦੇ ਸਮਾਗਮ ਦਾ ਵਿਰੋਧ ਕੀਤਾ ਸੀ। ਮੋਹਨ ਭਾਗਵਤ ਵੱਲੋਂ ਸੰਬੋਧਨ ਕੀਤੇ ਗਏ ਸਮਾਗਮ ਨੂੰ 'ਯੂਨੀਵਰਸਲ ਆਨਨੈੱਸ ਸੈਲੀਬ੍ਰੇਸ਼ਨ' ਦਾ ਨਾਂ ਦਿੱਤਾ ਗਿਆ ਸੀ। ਇਸ ਦਾ ਪ੍ਰਬੰਧ 'ਅਮਰੀਕਨ ਹਿੰਦੂਜ਼ ਫਾਰ ਐਨਗੇਜਮੈਂਟ ਐਂਡ ਡਾਇਲਾਗ' ਵੱਲੋਂ ਕੀਤਾ ਗਿਆ। ਪ੍ਰਬੰਧਕਾਂ ਅਨੁਸਾਰ ਸਮਾਗਮ ਵਿੱਚ 5,000 ਤੋਂ ਵੱਧ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ 200 ਤੋਂ ਵੱਧ ਹਿੰਦੂ-ਅਮਰੀਕੀ ਤੇ ਸਹਿਯੋਗੀ ਜਥੇਬੰਦੀਆਂ ਇਸ ਨਾਲ ਜੁੜੀਆਂ ਹੋਈਆਂ ਸਨ। ਪ੍ਰਬੰਧਕਾਂ ਨੇ ਦੱਸਿਆ ਕਿ ਅਮਰੀਕਾ ਦੇ 39 ਸੂਬਿਆਂ ਦੇ 85 ਸ਼ਹਿਰਾਂ ਤੋਂ ਲੋਕਾਂ ਨੇ ਸਮਾਗਮ ਲਈ ਰਜਿਸਟ੍ਰੇਸ਼ਨ ਕਰਵਾਈ ਸੀ। ਵੱਡੀ ਮੰਗ ਕਾਰਨ ਰਜਿਸਟ੍ਰੇਸ਼ਨ ਸਮਾਗਮ ਤੋਂ ਪਹਿਲਾਂ ਹੀ ਬੰਦ ਕਰਨੀ ਪਈ। ਸਮਾਗਮ ਵਿੱਚ ਅੰਤਰ-ਧਾਰਮਿਕ, ਸੱਭਿਆਚਾਰਕ ਅਤੇ ਅਧਿਆਤਮਿਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਪ੍ਰਬੰਧਕਾਂ ਨੇ ਇਸ ਨੂੰ ਭਾਰਤੀ ਦਰਸ਼ਨ 'ਵਸੁਧੈਵ ਕੁਟੁੰਬਕਮ' ਅਰਥਾਤ ਸਾਰਾ ਸੰਸਾਰ ਇਕ ਪਰਿਵਾਰ ਹੈ ਦੇ ਸੰਦੇਸ਼ ਨੂੰ ਸਮਰਪਿਤ ਇਕੱਠ ਕਰਾਰ ਦਿੱਤਾ। ਇਸ ਦੇ ਉਲਟ ਮੈਡੀਸਨ ਸਕੁਏਅਰ ਗਾਰਡਨ ਦੇ ਬਾਹਰ ਸਿੱਖਾਂ, ਵੱਖ-ਵੱਖ ਧਰਮਾਂ ਦੇ ਨੁਮਾਇੰਦਿਆਂ, ਮਨੁੱਖੀ ਅਧਿਕਾਰ ਕਾਰਕੁਨਾਂ ਅਤੇ ਆਰ.ਐੱਸ.ਐੱਸ.-ਵਿਰੋਧੀ ਸੰਗਠਨਾਂ ਨੇ ਰੋਸ ਪ੍ਰਗਟਾਇਆ। ਪਰਦਰਸ਼ਨ ਕਰ ਰਹੇ ਸਿੱਖਸ ਫਾਰ ਜਸਟਿਸ ਦੇ ਕਾਰਕੁਨਾਂ ਆਰ ਐਸ ਐਸ ਦੇ ਵਰਕਰਾਂ ਤੋ ਤਿਰੰਗਾ ਖੋਹ ਲਿਆ ਗਿਆ ਤੇ ਉਸ ਨੂੰ ਬਾਦ ਵਿੱਚ ਲੀਰੋ ਲੀਰ ਕਰ ਦਿੱਤਾ ਗਿਆ। ਇਸ ਮੌਕੇ ਪ੍ਰਦਰਸ਼ਨਕਾਰੀਆਂ ਤੇ ਆਰ ਐਸ ਐਸ ਦੇ ਵਰਕਰਾਂ ਵਿੱਚ ਪੁਲਸ ਦਾ ਸਖ਼ਤ ਪ੍ਰਬੰਧ ਕੀਤਾ ਗਿਆ ਸੀ।

**ਅਮਰੀਕਾ ਦੇ ਕਈ ਸੂਬਿਆਂ ਤੋਂ ਪਹੁੰਚੀਆਂ ਸਿੱਖ ਸੰਗਤਾਂ :** ਰੋਸ ਮੁਜ਼ਾਹਰੇ ਦੀ ਕਾਲ ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਵੱਲੋਂ ਦਿੱਤੀ ਗਈ ਸੀ। ਇਸ ਵਿੱਚ ਸਿੱਖਸ ਫਾਰ ਜਸਟਿਸ, ਬਾਬਾ ਬੰਦਾ ਸਿੰਘ ਬਹਾਦਰ ਇੰਟਰਨੈਸ਼ਨਲ ਸਿੱਖ ਸੁਸਾਇਟੀ, ਖਾਲਿਸਤਾਨ ਅਫੇਅਰਜ਼ ਸੈਂਟਰ, ਕਾਊਂਸਿਲ ਆਫ ਖਾਲਿਸਤਾਨ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਅਮੈਰਿਕਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਕਾਕਸ ਕਮੇਟੀ, ਸ਼ਹੀਦ ਕਰਤਾਰ ਸਿੰਘ ਸਰਾਭਾ ਸਪੋਰਟਸ ਕਲੱਬ, ਗੁਰਦੁਆਰਾ ਸਾਹਿਬ ਸਿੱਖ ਕਲਚਰਲ ਸੁਸਾਇਟੀ ਰਿਚਮੰਡ ਹਿੱਲ, ਗੁਰਦੁਆਰਾ ਸਿੱਖ ਸੈਂਟਰ ਆਫ ਨਿਊਯਾਰਕ ਅਤੇ ਵਰਲਡ ਸਿੱਖ ਪਾਰਲੀਮੈਂਟ ਸਮੇਤ ਵੱਖ-ਵੱਖ ਪੰਥਕ ਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ। ਨਿਊਯਾਰਕ ਤੋਂ ਇਲਾਵਾ ਨਿਊਜਰਸੀ, ਕਨੈਕਟੀਕਟ, ਪੈਨਸਿਲਵੇਨੀਆ, ਮੈਰੀਲੈਂਡ, ਵਰਜੀਨੀਆ, ਇੰਡਿਆਨਾ ਅਤੇ ਬੋਸਟਨ ਸਮੇਤ ਵੱਖ-ਵੱਖ ਇਲਾਕਿਆਂ ਤੋਂ ਸਿੱਖ ਆਗੂ, ਨੌਜਵਾਨ, ਕਾਰਕੁਨ ਅਤੇ ਸੰਗਤਾਂ ਮੁਜ਼ਾਹਰੇ ਵਿੱਚ ਪਹੁੰਚੀਆਂ। ਪ੍ਰਬੰਧਕਾਂ ਨੇ ਇਸ ਇਕੱਠ ਨੂੰ ਅਮਰੀਕਾ ਵੱਸਦੇ ਸਿੱਖ ਭਾਈਚਾਰੇ ਦੀ ਸੰਗਠਿਤ ਆਵਾਜ਼ ਕਰਾਰ ਦਿੱਤਾ। ਸਿੱਖਸ ਫਾਰ ਜਸਟਿਸ ਦੇ ਕਾਰਕੁਨਾਂ ਨੇ ਭਾਰਤੀ ਤਿਰੰਗੇ ਨੂੰ ਲੀਰੋ-ਲੀਰ ਕਰਨ ਮਗਰੋਂ ਪੈਰਾਂ ਹੇਠ ਰੋਲ ਕੇ ਭਾਰਤ ਸਰਕਾਰ ਅਤੇ ਆਰ.ਐੱਸ.ਐੱਸ. ਦੀਆਂ ਨੀਤੀਆਂ ਵਿਰੁੱਧ ਰੋਸ ਪ੍ਰਗਟਾਇਆ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਅਮਰੀਕਾ ਧਾਰਮਿਕ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਵਾਲੀ ਧਰਤੀ ਹੈ ਅਤੇ ਇੱਥੇ ਘੱਟਗਿਣਤੀਆਂ ਵਿਰੁੱਧ ਨਫ਼ਰਤ ਫੈਲਾਉਣ ਵਾਲੀ ਕਿਸੇ ਵੀ ਵਿਚਾਰਧਾਰਾ ਦਾ ਸ਼ਾਂਤਮਈ ਅਤੇ ਜਮਹੂਰੀ ਢੰਗ ਨਾਲ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ, "ਸ੍ਰੀ ਦਰਬਾਰ ਸਾਹਿਬ 'ਤੇ ਜੂਨ 1984 ਦੇ ਭਾਰਤੀ ਫ਼ੌਜੀ ਹਮਲੇ, ਜਿਸ ਦਾ ਆਰ.ਐੱਸ.ਐੱਸ. ਅਤੇ ਭਾਜਪਾ ਨੇ ਸਮਰਥਨ ਕੀਤਾ ਸੀ, ਤੋਂ ਲੈ ਕੇ 1992 ਵਿੱਚ ਬਾਬਰੀ ਮਸਜਿਦ ਢਾਹੇ ਜਾਣ ਅਤੇ ਮਨੀਪੁਰ ਵਿੱਚ ਚਰਚਾਂ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਤੱਕ ਮੋਦੀ ਅਤੇ ਮੋਹਨ ਭਾਗਵਤ ਦੀ ਆਰ.ਐੱਸ.ਐੱਸ.-ਭਾਜਪਾ ਜੋੜੀ ਇਕਹਿਰੇ 'ਹਿੰਦੂ ਰਾਸ਼ਟਰ' ਦੀ ਸਥਾਪਨਾ ਵੱਲ ਵਧ ਰਹੀ ਹੈ।" ਪੰਨੂ ਨੇ ਦੋਸ਼ ਲਾਇਆ ਕਿ ਭਾਰਤੀ ਰਾਜ ਦੀਆਂ ਸੰਸਥਾਵਾਂ ਨੂੰ ਹਮਲਾਵਰ ਢੰਗ ਨਾਲ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ, ਜਿਸ ਕਾਰਨ ਸਿੱਖਾਂ, ਮੁਸਲਮਾਨਾਂ ਅਤੇ ਈਸਾਈਆਂ ਦੀ ਹੋਂਦ ਲਈ ਗੰਭੀਰ ਖ਼ਤਰਾ ਪੈਦਾ ਹੋ ਗਿਆ ਹੈ। ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਕੋਆਰਡੀਨੇਟਰ ਹਿੰਮਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਆਪਣੇ ਰਾਜਨੀਤਕ ਭਵਿੱਖ ਬਾਰੇ ਖ਼ੁਦ ਫ਼ੈਸਲਾ ਕਰਨ ਦਾ ਹੱਕ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ, "ਪੰਜਾਬ ਦੀ ਆਜ਼ਾਦੀ ਹੀ ਸਾਡੀ ਕੌਮੀ ਹੋਂਦ, ਪਛਾਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਸੁਰੱਖਿਆ ਦਾ ਰਾਹ ਹੈ। ਸਿੱਖ ਕੌਮ ਆਪਣੇ ਸਵੈ-ਨਿਰਣੇ ਅਤੇ ਆਜ਼ਾਦੀ ਦੀ ਆਵਾਜ਼ ਦੁਨੀਆ ਦੇ ਹਰ ਲੋਕਤੰਤਰੀ ਮੰਚ ਉੱਤੇ ਸ਼ਾਂਤਮਈ ਢੰਗ ਨਾਲ ਬੁਲੰਦ ਕਰਦੀ ਰਹੇਗੀ।" ਹਿੰਮਤ ਸਿੰਘ ਨੇ ਦੋਸ਼ ਲਾਇਆ ਕਿ ਭਾਰਤ ਦੀ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਉਸ ਨਾਲ ਜੁੜੇ ਨੈੱਟਵਰਕਾਂ ਨੂੰ ਕਥਿਤ ਤੌਰ 'ਤੇ ਵਿਦੇਸ਼ਾਂ ਵਿੱਚ ਸਿੱਖ ਡਾਇਸਪੋਰਾ ਵਿਰੁੱਧ ਹਿੰਸਕ ਕਾਰਵਾਈਆਂ ਲਈ ਵਰਤਿਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਗੰਭੀਰ ਦੋਸ਼ਾਂ ਦੀ ਅੰਤਰਰਾਸ਼ਟਰੀ ਪੱਧਰ 'ਤੇ ਸੁਤੰਤਰ ਅਤੇ ਪਾਰਦਰਸ਼ੀ ਜਾਂਚ ਕਰਵਾ ਕੇ ਵਿਦੇਸ਼ਾਂ ਵਿੱਚ ਰਹਿੰਦੇ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਡਾ. ਅਮਰਜੀਤ ਸਿੰਘ ਨੇ ਕਿਹਾ ਕਿ ਸਿੱਖਾਂ ਦੇ ਸਵੈ-ਨਿਰਣੇ ਅਤੇ ਮਨੁੱਖੀ ਅਧਿਕਾਰਾਂ ਦਾ ਮਸਲਾ ਅੰਤਰਰਾਸ਼ਟਰੀ ਪੱਧਰ 'ਤੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਸੇ ਕੌਮ ਦੀ ਰਾਜਨੀਤਕ ਇੱਛਾ ਅਤੇ ਆਵਾਜ਼ ਨੂੰ ਦਬਾਉਣ ਦੀ ਬਜਾਏ ਉਸ ਨੂੰ ਜਮਹੂਰੀ ਢੰਗ ਨਾਲ ਸੁਣਿਆ ਜਾਣਾ ਚਾਹੀਦਾ ਹੈ। ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਦੇ ਮੀਡੀਆ ਬੁਲਾਰੇ ਹਰਜਿੰਦਰ ਸਿੰਘ ਨੇ ਕਿਹਾ ਕਿ ਸਿੱਖਾਂ ਵਿਰੁੱਧ ਕਥਿਤ 'ਟਰਾਂਸਨੈਸ਼ਨਲ ਰਿਪਰੈਸ਼ਨ' ਦੇ ਮਾਮਲੇ ਸੰਬੰਧਤ ਸਰਕਾਰਾਂ ਅਤੇ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਸਥਾਵਾਂ ਸਾਹਮਣੇ ਉਠਾਏ ਜਾਂਦੇ ਰਹਿਣਗੇ। ਇਸ ਮੌਕੇ ਸੁਰਜੀਤ ਸਿੰਘ ਕਲਾਰ, ਡਾ. ਬਖਸ਼ੀਸ਼ ਸਿੰਘ, ਬਲਵਿੰਦਰ ਸਿੰਘ ਚੱਠਾ, ਸੰਤੋਖ ਸਿੰਘ ਇੰਡਿਆਨਾ, ਹਰਮਿੰਦਰ ਸਿੰਘ ਆਲੂਵਾਲੀਆ, ਬਲਾਕਾ ਸਿੰਘ, ਜੱਗਪ੍ਰੀਤ ਸਿੰਘ 'ਜੈਗ ਬਾਬਾ', ਜੋਗਾ ਸਿੰਘ ਨਿਊਜਰਸੀ ਅਤੇ ਰਜਿੰਦਰ ਸਿੰਘ ਸਮੇਤ ਹੋਰ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ। ਨੌਜਵਾਨ ਸਿੱਖ ਆਗੂ ਜਪਨੀਤ ਸਿੰਘ ਅਤੇ ਗੁਰਪ੍ਰਤਾਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਵੀ ਸ਼ਮੂਲੀਅਤ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਅੰਤ ਵਿੱਚ ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਨੇ ਵੱਖ-ਵੱਖ ਸੂਬਿਆਂ ਤੋਂ ਪਹੁੰਚੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ, ਸਿੱਖ ਨੌਜਵਾਨਾਂ, ਮਨੁੱਖੀ ਅਧਿਕਾਰ ਕਾਰਕੁਨਾਂ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਕਮੇਟੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਧਾਰਮਿਕ ਅਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਨਾਲ ਸਾਂਝ ਵਧਾ ਕੇ ਘੱਟਗਿਣਤੀਆਂ ਦੇ ਹੱਕਾਂ ਅਤੇ ਧਾਰਮਿਕ ਆਜ਼ਾਦੀ ਸਬੰਧੀ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

**☛ ਭਾਗਵਤ ਦੇ ਸਮਾਗਮ 'ਚ 5 ਹਜ਼ਾਰ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਦਾ ਦਾਅਵਾ; 200 ਤੋਂ ਵੱਧ ਹਿੰਦੂ-ਅਮਰੀਕੀ ਅਤੇ ਸਹਿਯੋਗੀ ਜਥੇਬੰਦੀਆਂ ਜੁੜੀਆਂ ☛ 'ਐਸਐਫਜੇ' ਕਾਰਕੁਨਾਂ 'ਆਰਐਸਐਸ' ਵਰਕਰ ਦੇ ਹੱਥਾਂ ਵਿੱਚ ਖੋਹ ਤਿਰੰਗਾ ਕੀਤਾ ਲੀਰੋ ਲੀਰ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ





**ਚੌਕ ਮਹਿਤਾ , 30 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰਦੁਆਰਾ ਧੰਨ ਸ੍ਰੀ ਗੁਰੂ ਨਾਨਕ ਦਰਬਾਰ ਖੁਜਾਲਾ ਵਿਖੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦੀ ਰਹਿਨੁਮਾਈ ਹੇਠ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਸੰਤ ਬਾਬਾ ਜਵਾਲਾ ਸਿੰਘ ਜੀ ਤੋਂ ਵਰਸਾਏ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲੇ (ਸੰਪਰਦਾਇ ਹਰਖੋਵਾਲ) ਵਾਲਿਆਂ ਦੀ 45ਵੀਂ ਬਰਸੀ ਮਨਾਈ ਗਈ।ਜਿਸ ਵਿਚ ਸਹਿਜ ਪਾਠ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਸਜਾਏ ਗਏ ਜਿਸ ਵਿਚ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਕੀਰਤਨ ਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਅਤੇ ਉਪਦੇਸ਼ ਦਿੱਤਾ ਕਿ ਸਾਨੂੰ ਮਨੁੱਖਾ ਜੀਵਨ ਸਫਲ ਬਣਾਉਣ ਲਈ ਦੱਸ ਪਾਤਸ਼ਾਹੀਆਂ ਅਤੇ ਗੁਰੂ ਗ੍ਰੰਥ ਸਾਹਿਬ ਜੀ ਪਾਵਨ ਗੁਰਬਾਣੀ ਸ਼ਬਦ ਨਾਲ ਜੁੜ ਕੇ ਗੁਰੂਆਂ ਦੇ ਦੱਸੇ ਮਾਰਗ ਤੇ ਚੱਲਣਾ ਚਾਹੀਦਾ ਹੈ।ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਵਾਲੇ, ਸੰਤ ਬਾਬਾ ਸ਼ਮਸ਼ੇਰ ਸਿੰਘ ਸੈਦੋਲੇਹਲ ਵਾਲੇ, ਸੰਤ ਬਾਬਾ ਬੋਹੜ ਸਿੰਘ ਮੱਲਾਂਵਾਲ ਵਾਲੇ, ਸੰਤ ਬਾਬਾ ਪ੍ਰਦੀਪ ਸਿੰਘ ਲੁਧਿਆਣਾ ਵਾਲੇ, ਸੰਤ ਬਾਬਾ ਲਖਵਿੰਦਰ ਸਿੰਘ ਤਲਵੰਡੀ ਦਸੰਧਾ ਵਾਲੇ, ਮਾਸਟਰ ਜੱਸਾ ਸਿੰਘ,ਡਾ.ਹਰਕ੍ਰਿਸਨ ਸਿੰਘ, ਭਾਈ ਜਰਨੈਲ ਸਿੰਘ ਖੁਜਾਲਾ, ਭਾਈ ਦੀਪ ਸਿੰਘ ਖੁਜਾਲਾ, ਭਾਈ ਨਿਰਮਲ ਸਿੰਘ ਨੰਗਲ ਪੰਨਵਾ, ਭਾਈ ਪਰਗਟ ਸਿੰਘ ਬੋਪਾਰਾਏ, ਰਣਜੀਤ ਸਿੰਘ ਚੌਗਾਵਾ, ਸਾਬਕਾ ਸਰਪੰਚ ਪਲਵਿੰਦਰ ਸਿੰਘ ਖੁਜਾਲਾ, ਸਾਬਕਾ ਸਰਪੰਚ ਹਰਭਿੰਦਰ ਸਿੰਘ ਖੁਜਾਲਾ, ਸਾਬਕਾ ਸਰਪੰਚ ਸਾਹਿਬ ਸਿੰਘ ਖੁਜਾਲਾ,ਜੋਧਬੀਰ ਸਿੰਘ ਜੋਧਾ ਬਲਾਕ ਸੰਮਤੀ ਮੈਂਬਰ ਆਦਿ ਹਾਜ਼ਰ ਸਨ।

## ਸ਼ਹੀਦ ਭਾਈ ਦਿਲਾਵਰ ਸਿੰਘ ਦੀ ਕੁਰਬਾਨੀ ਨੂੰ ਕੌਮ ਦੀ ਯਾਦ 'ਚ ਸਦੀਵੀ ਜਿਉਂਦਾ ਰੱਖਿਆ ਜਾਵੇ, ਦੇਸ਼-ਵਿਦੇਸ਼ ਵਿੱਚ ਵੱਡੇ ਪੱਧਰ 'ਤੇ ਮਨਾਈ ਜਾਵੇ ਸ਼ਹੀਦੀ ਯਾਦ: ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ

# ਜ਼ੁਲਮ ਦੇ ਖ਼ਾਤਮੇ ਲਈ ਭਾਈ ਦਿਲਾਵਰ ਸਿੰਘ ਦੀ ਲਾਸਾਨੀ ਸ਼ਹਾਦਤ ਕੌਮ ਲਈ ਹਮੇਸ਼ਾ ਮਸ਼ਾਲ-ਏ-ਰਾਹ ਰਹੇਗੀ: ਭਾਈ ਉਂਕਾਰ ਸਿੰਘ

ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕੌਮ ਦੇ ਮਹਾਨ ਪਰਵਾਨੇ ਅਤੇ ਅਣਖ-ਗੈਰਤ ਦੇ ਪ੍ਰਤੀਕ ਭਾਈ ਦਿਲਾਵਰ ਸਿੰਘ ਦੀ ਲਾਸਾਨੀ ਸ਼ਹਾਦਤ ਸਿੱਖ ਇਤਿਹਾਸ ਦਾ ਉਹ ਸੁਨਹਿਰੀ ਪੰਨਾ ਹੈ, ਜੋ ਹਰ ਦੌਰ ਵਿੱਚ ਜ਼ੁਲਮ, ਜਬਰ ਅਤੇ ਬੇਇਨਸਾਫ਼ੀ ਦੇ ਖ਼ਾਤਮੇ ਲਈ ਜੂਝਣ ਦੀ ਪ੍ਰੇਰਨਾ ਦਿੰਦਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਅਤੇ ਰਾਗੀ ਸਭਾ ਦੇ ਸਮੂਹ ਮੈਂਬਰਾਂ ਵੱਲੋਂ ਜਾਰੀ ਇੱਕ ਸਾਂਝੇ ਬਿਆਨ ਵਿੱਚ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਦੋਂ ਵੀ ਸਿੱਖੀ ਸਿਧਾਂਤਾਂ ਅਤੇ ਮਨੁੱਖੀ ਅਧਿਕਾਰਾਂ ਨੂੰ ਕੁਚਲਣ ਦੀ ਕੋਸ਼ਿਸ਼ ਕੀਤੀ ਗਈ, ਕੌਮ ਦੇ ਸੂਰਬੀਰਾਂ ਨੇ ਆਪਣੀਆਂ ਜਾਨਾਂ ਨਿਛਾਵਰ ਕਰਕੇ ਹੰਕਾਰੀ ਸੱਤਾ ਦਾ ਗ਼ਰੂਰ ਚੂਰ-ਚੂਰ ਕੀਤਾ। ਭਾਈ ਦਿਲਾਵਰ ਸਿੰਘ ਜੀ ਦਾ ਮਹਾਨ ਬਲੀਦਾਨ ਸਾਨੂੰ ਇਹ ਅਹਿਸਾਸ ਕਰਵਾਉਂਦਾ ਹੈ ਕਿ ਜ਼ੁਲਮ ਨੂੰ ਸਹਿਣਾ ਸਭ ਤੋਂ ਵੱਡਾ ਗੁਨਾਹ ਹੈ ਅਤੇ ਮਜ਼ਲੂਮ ਦੀ ਰੱਖਿਆ ਲਈ ਹਮੇਸ਼ਾ ਤਿਆਰ-ਬਰ-ਤਿਆਰ ਰਹਿਣਾ ਹੀ ਸੱਚੇ ਸਿੱਖ ਦਾ ਪਰਮ ਧਰਮ ਹੈ। ਰਾਗੀ ਸਭਾ ਦੇ ਆਗੂਆਂ ਨੇ ਜ਼ੋਰ ਦੇ ਕੇ ਕਹਾ ਕਿ ਅਜਿਹੇ ਮਹਾਨ ਸ਼ਹੀਦ ਕੌਮ ਦਾ ਅਸਲ ਸਰਮਾਇਆ ਹੁੰਦੇ ਹਨ ਅਤੇ ਸਮੁੱਚੇ ਪੰਥ ਨੂੰ ਦੇਸ਼-ਵਿਦੇਸ਼ ਅੰਦਰ ਵੱਡੇ ਪੱਧਰ 'ਤੇ ਇਕੱਠੇ ਹੋ ਕੇ ਉਨ੍ਹਾਂ ਦੀ ਯਾਦ ਮਨਾਉਣੀ ਚਾਹੀਦੀ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਗੌਰਵਮਈ ਇਤਿਹਾਸ ਅਤੇ ਵਿਰਸੇ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਕਿਹਾ ਕਿ ਅਜਿਹੇ ਸੂਰਬੀਰਾਂ ਦੀ ਬਦੌਲਤ ਹੀ ਅੱਜ ਸਿੱਖੀ ਦੀ ਆਨ ਤੇ ਸ਼ਾਨ ਬਰਕਰਾਰ ਹੈ। ਇਸ ਮੌਕੇ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਨਤਮਸਤਕ ਹੁੰਦਿਆਂ ਸਮੁੱਚੀ ਸਿੱਖ ਕੌਮ ਨੂੰ ਜਬਰ-ਜ਼ੁਲਮ ਵਿਰੁੱਧ ਇੱਕਮੁੱਠ ਹੋਣ ਦਾ ਸੱਦਾ ਦਿੱਤਾ ਗਿਆ। ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੇ ਨਾਲ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਕਰਨੈਲ ਸਿੰਘ ਅਤੇ ਭਾਈ ਗੁਰਕੀਰਤ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਸਮੂਹ ਜਥੇਬੰਦੀ ਨੇ ਦ੍ਰਿੜਤਾ ਦਹੁਰਾਉਂਦਿਆਂ ਕਿਹਾ ਕਿ ਉਹ ਕੌਮੀ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਗੁਰਮਤਿ ਸਿਧਾਂਤਾਂ ਦੇ ਪ੍ਰਚਾਰ-ਪਸਾਰ ਅਤੇ ਹੱਕ-ਸੱਚ ਦੀ ਆਵਾਜ਼ ਨੂੰ ਬੁਲੰਦ ਰੱਖਣ ਲਈ ਹਮੇਸ਼ਾ ਵਚਨਬੱਧ ਰਹਿਣਗੇ।



# ਤਿਹਾੜ ਜੇਲ੍ਹ ਪ੍ਰਸ਼ਾਸਨ ਵੱਲੋਂ ਪੰਜਾਬੀ ਪ੍ਰਮੋਸ਼ਨ ਕੌਂਸਲ ਦੇ ਸ. ਜਸਵੰਤ ਸਿੰਘ ਬੌਬੀ ਵਿਸ਼ੇਸ਼ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ



**ਚੌਕ ਮਹਿਤਾ, 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਿਹਾੜ ਕੇਂਦਰੀ ਜੇਲ੍ਹ ਨੰਬਰ 8/9 ਦੇ ਸੁਪਰਡੈਂਟ ਸ਼੍ਰੀ ਧੀਰਜ ਮਾਥੁਰ ਵੱਲੋਂ ਪੰਜਾਬੀ ਪ੍ਰਮੋਸ਼ਨ ਕੌਂਸਲ ਨੂੰ ਕੈਦੀਆਂ ਦੀ ਭਲਾਈ, ਸੁਧਾਰ ਅਤੇ ਮੁੜ ਵਸੇਬੇ ਵਿੱਚ ਪਾਏ ਸ਼ਲਾਘਾਯੋਗ ਯੋਗਦਾਨ ਲਈ ਵਿਸ਼ੇਸ਼ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਕੌਂਸਲ ਵੱਲੋਂ ਸ. ਜਸਵੰਤ ਸਿੰਘ ਬੌਬੀ ਨੇ ਪ੍ਰਾਪਤ ਕੀਤਾ। ਇਸ ਮੌਕੇ ਸ਼੍ਰੀ ਧੀਰਜ ਮਾਥੁਰ ਨੇ ਪੰਜਾਬੀ ਪ੍ਰਮੋਸ਼ਨ ਕੌਂਸਲ ਵੱਲੋਂ ਜੇਲ੍ਹ ਅੰਦਰ ਬੰਦੀਆਂ ਦੇ ਮਾਨਸਿਕ ਸੁਧਾਰ, ਨੈਤਿਕ ਕਦਰਾਂ-ਕੀਮਤਾਂ ਦੇ ਵਿਕਾਸ ਅਤੇ ਉਹਨਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਸਨਮਾਨ ਪ੍ਰਾਪਤ ਕਰਨ ਉਪਰੰਤ ਸ. ਜਸਵੰਤ ਸਿੰਘ ਬੌਬੀ ਨੇ ਕਿਹਾ ਇਹ ਸਨਮਾਨ ਪ੍ਰਾਪਤ ਕਰਨਾ ਸਾਡੇ ਲਈ ਬਹੁਤ ਮਾਣ ਅਤੇ ਨਿਮਰਤਾ ਵਾਲੀ ਗੱਲ ਹੈ। ਸਾਡਾ ਮੁੱਖ ਉਦੇਸ਼ ਸਿਰਫ਼ ਸਹਿਯੋਗ ਦੇਣਾ ਹੀ ਨਹੀਂ, ਸਗੋਂ ਬੰਦੀਆਂ ਦੀ ਸੋਚ ਵਿੱਚ ਸਕਾਰਾਤਮਕ ਤਬਦੀਲੀ ਲਿਆ ਕੇ ਉਹਨਾਂ ਦੇ ਭਵਿੱਖ ਨੂੰ ਬਿਹਤਰ ਬਣਾਉਣਾ ਹੈ। ਅਸੀਂ ਤਿਹਾੜ ਜੇਲ੍ਹ ਪ੍ਰਸ਼ਾਸਨ ਅਤੇ ਸੁਪਰਡੈਂਟ ਸ਼੍ਰੀ ਧੀਰਜ ਮਾਥੁਰ ਜੀ ਦੇ ਤਹਿ ਦਿਲੋਂ ਧੰਨਵਾਦੀ ਹਾਂ ਜਿਨ੍ਹਾਂ ਨੇ ਸਾਨੂੰ ਇਸ ਨੇਕ ਕਾਰਜ ਦਾ ਹਿੱਸਾ ਬਣਨ ਦਾ ਮੌਕਾ ਦਿੱਤਾ।÷ ਪੰਜਾਬੀ ਪ੍ਰਮੋਸ਼ਨ ਕੌਂਸਲ ਨੇ ਭਵਿੱਖ ਵਿੱਚ ਵੀ ਜੇਲ੍ਹ ਪ੍ਰਸ਼ਾਸਨ ਨਾਲ ਮਿਲ ਕੇ ਸਮਾਜ ਸੁਧਾਰ ਅਤੇ ਮਾਨਵ ਭਲਾਈ ਦੇ ਕਾਰਜਾਂ ਨੂੰ ਇਸੇ ਤਰ੍ਹਾਂ ਜਾਰੀ ਰੱਖਣ ਦਾ ਅਹਿਦ ਦੁਹਰਾਇਆ। ਪੰਜਾਬੀ ਪ੍ਰਮੋਸ਼ਨ ਕੌਂਸਲ ਨੇ ਭਵਿੱਖ ਵਿੱਚ ਵੀ ਜੇਲ੍ਹ ਪ੍ਰਸ਼ਾਸਨ ਨਾਲ ਮਿਲ ਕੇ ਸਮਾਜ ਸੁਧਾਰ ਅਤੇ ਮਾਨਵ ਭਲਾਈ ਦੇ ਕਾਰਜਾਂ ਨੂੰ ਇਸੇ ਤਰ੍ਹਾਂ ਜਾਰੀ ਰੱਖਣ ਦਾ ਅਹਿਦ ਦੁਹਰਾਇਆ।

# 2027 'ਚ ਬਣੇਗੀ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਡਬਲ ਇੰਜਨ ਦੀ ਸਰਕਾਰ: ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ )-ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਪੰਜਾਬ ਦੇ ਹਾਲਾਤ ਵਿਗੜਦੇ ਹੀ ਜਾ ਰਹੇ ਹਨ। ਦਿਨ ਦਿਹਾੜੇ ਚੋਰੀਆਂ, ਡਕੈਤੀਆਂ, ਕਤਲੋਂ ਗਾਰਦ ਨੇ ਲੋਕਾਂ ਦੇ ਮਨਾ ਵਿੱਚ ਡਰ ਦਾ ਮਾਹੌਲ ਪੈਦਾ ਕੀਤਾ ਹੋਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਪਾਰਟੀ ਕ੍ਰਿਸਨ ਗੋਪਾਲ ਨੀਲੂ ਮਿੱਤਲ ਸੀਨੀਅਰ ਆਗੂ ਬੀਜੇਪੀ ਨੇ ਕੀਤਾ।ਉਨ੍ਹਾਂ ਕਿਹਾ ਕਿ ਧੂਰੀ ਵਿੱਚ ਲੱਗ ਰਹੇ ਨਿੱਤ ਦੇ ਧਰਨਿਆਂ ਤੋਂ ਸਹਿਰ ਵਾਸੀ ਬਹੁਤ ਹੀ ਤੰਗ ਮਹਿਸੂਸ ਕਰ ਰਹੇ ਹਨ। ਇਸ ਲਈ ਕਈ ਦਿਨਾਂ ਤੋਂ ਅੰਗਹੀਣ ਭਰਾ ਆਪਣੀਆਂ ਮੰਗਾਂ ਨੂੰ ਲੈ ਕੇ ਕ੍ਰਾਂਤੀ ਚੌਂਕ ਵਿੱਚ ਬੈਠੇ ਹਨ ਪਰ ਅਜੇ ਤੱਕ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਹਨਾਂ ਦੇ ਨਾਲ ਗੱਲਬਾਤ ਕਰਨ ਦੇ ਲਈ ਨਾ ਪਹੁੰਚਣਾ ਬਹੁਤ ਹੀ ਮੰਦਭਾਗੀ ਗੱਲ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਦੀਆਂ ਬੇਤੁਕੀਆਂ ਗੱਲਾਂ ਤੋਂ ਅੱਕ ਚੁੱਕੇ ਹਨ ਹੁਣ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਨਰੋਲ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾ ਕੇ ਇਤਿਹਾਸ ਬਣਾਉਣਗੇ ਅਤੇ ਪੰਜਾਬ ਨੂੰ ਡਬਲ ਇੰਜਨ ਦੀ ਸਰਕਾਰ ਬਣਾ ਕੇ ਤਰੱਕੀ ਦੀਆਂ ਲੀਹਾਂ ਤੇ ਲੈ ਕੇ ਆਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ।

# 70ਵੀਆਂ ਜਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਚੌਥੇ ਦਿਨ ਖ਼ਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਚੇਅਰਮੈਨ ਕੰਵਰ ਇਕਬਾਲ ਨੇ ਕੀਤੀ ਸ਼ਿਰਕਤ

**ਕਪੂਰਥਲਾ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਸਥਾਨਿਕ ਗੁਰੂ ਨਾਨਕ ਸਟੇਡੀਅਮ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ( ਸੈਕੰਡਰੀ) ਕਪੂਰਥਲਾ ਮੈਡਮ ਮਮਤਾ ਬਜਾਜ ਰਾਜੇਸ਼ ਕੁਮਾਰ ਭੱਲਾ ਦੀ ਅਗਵਾਈ ਹੇਠ ਚੱਲ ਰਹੀਆਂ 70ਵੀਆਂ ਜਿਲ੍ਹਾ ਪੱਧਰੀ ਸਕੂਲ਼ ਖੇਡਾਂ ਦੇ ਟੂਰਨਾਮੈਂਟ ਦੇ ਚੌਥੇ ਦਿਨ ਖ਼ਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਦੇ ਜਿਲ੍ਹਾ ਚੇਅਰਮੈਨ ਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਡਿਪਾਰਟਮੈਂਟ ਪੰਜਾਬ ਦੀ ਕੈਬਨਿਟ ਕਮੇਟੀ ਦੇ ਮੈਂਬਰ ਸ਼ਾਇਰ ਕੰਵਰ ਇਕਬਾਲ ਵਿਸ਼ੇਸ਼ ਤੌਰ ਉੱਤੇ ਪਹੁੰਚੇ। ਜਿਹਨਾਂ ਦਾ ਡੀ ਐਮ (ਸਪੋਰਟਸ) ਸੁੱਖਵਿੰਦਰ ਸਿੰਘ ਖੱਸਣ, ਜਿਲ੍ਹਾ ਟੂਰਨਾਮੇਂਟ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਮਨਜੀਤ ਸਿੰਘ ਤੇ ਪ੍ਰਿੰਸੀਪਲ ਨਵਚੇਤਨ ਸਿੰਘ, ਜਿਲ੍ਹਾ ਜਨਰਲ ਸਕੱਤਰ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਟੈਕਨੀਕਲ ਮੈਂਬਰ ਪੀ ਟੀ ਆਈ ਅਜੀਤਪਾਲ ਸਿੰਘ ਟਿੱਬਾ, ਮਨਜਿੰਦਰ ਸਿੰਘ ਡੀ ਪੀ ਈ, ਜਗੀਰ ਸਿੰਘ ਡੀ ਪੀ ਈ ਅਤੇ ਵਿੱਤ ਸਕੱਤਰ ਜਸਵੰਤ ਸਿੰਘ ਲੈਕਚਰਾਰ ਆਦਿ ਨੇ ਫ਼ੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਉਹਨਾਂ ਦਾ ਸਵਾਗਤ ਕੀਤਾ। ਖੱਤਰੀ ਅਰੋੜਾ ਸਮਾਜ ਕਪੂਰਥਲਾ ਦੇ ਜਿਲ੍ਹਾ ਚੇਅਰਮੈਨ ਨਵਜੀਤ ਸਿੰਘ ਰਾਜੂ, ਵਿਧਾਨ ਸਭਾ ਟਰੇਡਰਜ਼ ਕਮਿਸ਼ਨ ਦੇ ਮੈਂਬਰ ਪੁਸ਼ਿਪੰਦਰ ਸਿੰਘ, ਅਵਤਾਰ ਸਿੰਘ, ਤੇਜਬੀਰ ਸਿੰਘ ਨੰਨ੍ਹਰਾ, ਕੌਂਸਲਰ ਗੌਰਵ ਕੰਡਾ ਆਦਿ ਨਾਲ਼ ਖੇਡ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਚੇਅਰਮੈਨ ਕੰਵਰ ਇਕਬਾਲ ਸਿੰਘ ਨੇ ਜਿਲ੍ਹੇ ਦੇ ਵੱਖ-ਵੱਖ ਸਕੂਲਾਂ ਤੋਂ ਆਈਆਂ ਟੀਮਾਂ ਦੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੰਦਿਆਂ ਹੋਇਆਂ ਆਖਿਆ ਕਿ ਪੰਜਾਬ ਦੀ ਮਾਨ ਸਰਕਾਰ ਖੇਡਾਂ ਅਤੇ ਖ਼ਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਪੱਧਰ ਉੱਤੇ ਉਪਰਾਲੇ ਕਰ ਰਹੀ ਹੈ। ਓਹਨਾਂ ਆਖਿਆ ਕਿ ਪਿੰਡਾਂ ਵਿੱਚ ਖੇਡ ਕਲਚਰ ਪੈਦਾ ਕਰਨ ਲਈ ਮਾਨ ਸਰਕਾਰ ਸਟੇਡੀਅਮ ਉਸਾਰ ਕੇ, ਖੇਡ ਜਿੱਮ ਬਣਾ ਰਹੀ ਹੈ। ਓਹਨਾਂ ਖਿਡਾਰੀਆਂ ਨੂੰ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਹੋਰ ਮੱਲਾਂ ਮਾਰਨ ਵਾਸਤੇ ਪ੍ਰੇਰਿਤ ਕੀਤਾ ।ਟੂਰਨਾਮੈਂਟ ਦੇ ਚੌਥੇ ਦਿਨ ਵਾਲੀਵਾਲ ( ਲੜਕੇ) ਅੰਡਰ 17 ਸਾਲ, ਕੱਬਡੀ ( ਲੜਕੇ/ ਲੜਕੀਆਂ) ਅੰਡਰ - 17 ਸਾਲ, ਰੱਸਾਕਸੀ ( ਲੜਕੇ) ਅੰਡਰ - 17 ਸਾਲ ਆਦਿ ਦੇ ਵੱਖ ਵੱਖ ਟੀਮਾਂ ਦੇ ਕੁਆਰਟਰ ਅਤੇ ਸੇਮੀ.ਫ਼ਾਈਨਲ ਮੈਚ ਮੁਕਾਬਲੇ ਖੇਡੇ ਗਏ। ਤੇ ਇਹਨਾਂ ਮੈਚਾਂ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਚੇਅਰਮੈਨ ਕੰਵਰ ਇਕਬਾਲ ਸਿੰਘ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਬਾਘਾ ਵਿਖੇ ਭਾਜਪਾ ਦੀ ਪ੍ਰਭਾਵਸ਼ਾਲੀ ਮੀਟਿੰਗ

# ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਤੇ ਨੌਜਵਾਨਾਂ ਨੇ ਕੀਤੀ ਸ਼ਮੂਲੀਅਤ





**ਤਲਵੰਡੀ ਸਾਬੋ, 30 ਅਗਸਤ (ਗੁਰਜੰਟ ਸਿੰਘ ਨਥੇਹਾ)**- ਹਲਕਾ ਤਲਵੰਡੀ ਸਾਬੋ ਅਧੀਨ ਪੈਂਦੇ ਪਿੰਡ ਬਾਘਾ ਵਿਖੇ ਭਾਰਤੀ ਜਨਤਾ ਪਾਰਟੀ ਵੱਲੋਂ ਇੱਕ ਪ੍ਰਭਾਵਸ਼ਾਲੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ ਅਤੇ ਭਾਜਪਾ ਵਰਕਰਾਂ ਨੇ ਸ਼ਮੂਲੀਅਤ ਕਰਦਿਆਂ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਦੇ ਭਵਿੱਖ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਭਾਜਪਾ ਬਠਿੰਡਾ ਦਿਹਾਤੀ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਦੇ ਨਾਲ ਰਾਮਾ ਮੰਡਲ ਤੋਂ ਨਿਰਮਲ ਸ਼ਰਮਾ ਵਾਈਸ ਪ੍ਰੈਜ਼ੀਡੈਂਟ, ਹਿੰਮਤ ਸ਼ਰਮਾ ਮਨ ਕੀ ਬਾਤ ਕਨਵੀਨਰ, ਸੁਖਜੀਤ ਸਿੰਘ ਭੱਗਾ, ਗੋਪਾਲ ਸ਼ਰਮਾ ਸੇਖੂ, ਜਵਰਜੰਗ ਸਿੰਘ ਪਿੰਡ ਬਾਘਾ ਸਮੇਤ ਭਾਜਪਾ ਦੇ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਆਗੂਆਂ ਵੱਲੋਂ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੇ ਵਿਚਾਰ ਅਤੇ ਸਮੱਸਿਆਵਾਂ ਸੁਣੀਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਮਿਲੇ ਪਿਆਰ, ਉਤਸ਼ਾਹ ਅਤੇ ਸਮਰਥਨ 'ਤੇ ਭਾਜਪਾ ਆਗੂਆਂ ਨੇ ਧੰਨਵਾਦ ਪ੍ਰਗਟ ਕੀਤਾ। ਮੀਟਿੰਗ ਵਿੱਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜਨ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਕਈ ਪਿੰਡ ਵਾਸੀਆਂ ਨੇ ਆਪਣੀ ਇੱਛਾ ਨਾਲ ਭਾਰਤੀ ਜਨਤਾ ਪਾਰਟੀ ਨਾਲ ਜੁੜਨ ਦਾ ਐਲਾਨ ਕੀਤਾ। ਨਵੇਂ ਸ਼ਾਮਲ ਹੋਏ ਲੋਕਾਂ ਨੇ ਭਰੋਸਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਹੋਰ ਲੋਕਾਂ ਨੂੰ ਵੀ ਭਾਜਪਾ ਨਾਲ ਜੋੜਨ ਲਈ ਯਤਨ ਕਰਨਗੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਵੱਖ-ਵੱਖ ਪਾਰਟੀਆਂ ਦੀਆਂ ਸਰਕਾਰਾਂ ਨੂੰ ਮੌਕਾ ਦੇ ਕੇ ਦੇਖ ਲਿਆ ਹੈ ਅਤੇ ਹੁਣ ਪੰਜਾਬ ਨੂੰ ਇੱਕ ਮਜ਼ਬੂਤ ਵਿਕਲਪ ਦੀ ਲੋੜ ਹੈ। ਉਨ੍ਹਾਂ ਕਿਹਾ ਕਿ "ਇੱਕ ਮੌਕਾ ਭਾਜਪਾ ਨੂੰ ਦਿਓ" ਦੇ ਸੱਦੇ ਨਾਲ ਪਾਰਟੀ ਪੰਜਾਬ ਨੂੰ ਵਿਕਾਸ, ਰੁਜ਼ਗਾਰ, ਉਦਯੋਗਿਕ ਤਰੱਕੀ, ਕਿਸਾਨਾਂ ਦੀ ਖੁਸ਼ਹਾਲੀ ਅਤੇ ਨਸ਼ਾ-ਮੁਕਤ ਭਵਿੱਖ ਵੱਲ ਲਿਜਾਣ ਲਈ ਵਚਨਬੱਧ ਹੈ। ਭਾਜਪਾ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ, ਸੂਬੇ ਵਿੱਚ ਉਦਯੋਗ ਨੂੰ ਉਤਸ਼ਾਹਿਤ ਕਰਨਾ, ਕਿਸਾਨਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨਾ ਅਤੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਤਰੱਕੀ ਦੀ ਰਾਹ 'ਤੇ ਲਿਜਾਣ ਲਈ ਲੋਕਾਂ ਦੀ ਭਾਗੀਦਾਰੀ ਅਤੇ ਮਜ਼ਬੂਤ ਰਾਜਨੀਤਕ ਇੱਛਾ-ਸ਼ਕਤੀ ਜ਼ਰੂਰੀ ਹੈ। ਮੀਟਿੰਗ ਦੌਰਾਨ ਪਿੰਡ ਵਾਸੀਆਂ ਅਤੇ ਵਰਕਰਾਂ ਵਿੱਚ ਵੇਖੇ ਗਏ ਉਤਸ਼ਾਹ ਨੂੰ ਭਾਜਪਾ ਆਗੂਆਂ ਨੇ ਪਾਰਟੀ ਪ੍ਰਤੀ ਵੱਧ ਰਹੇ ਲੋਕ ਸਮਰਥਨ ਦਾ ਸੰਕੇਤ ਦੱਸਿਆ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਹੋ ਰਹੀਆਂ ਮੀਟਿੰਗਾਂ ਰਾਹੀਂ ਪਾਰਟੀ ਵਰਕਰਾਂ ਨਾਲ ਸੰਪਰਕ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੀਆਂ ਮੀਟਿੰਗਾਂ ਜਾਰੀ ਰਹਿਣਗੀਆਂ। ਇਸ ਮੌਕੇ ਭਾਜਪਾ ਆਗੂਆਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਵਿਕਾਸ ਅਤੇ ਮਜ਼ਬੂਤ ਭਵਿੱਖ ਲਈ ਇਕਜੁੱਟ ਹੋਣ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਇੱਕ ਮਜ਼ਬੂਤ, ਸੁਰੱਖਿਅਤ ਅਤੇ ਵਿਕਸਤ ਪੰਜਾਬ ਦੀ ਨੀਂਹ ਰੱਖਣ ਲਈ ਭਾਰਤੀ ਜਨਤਾ ਪਾਰਟੀ ਆਪਣੀ ਭੂਮਿਕਾ ਨਿਭਾਉਂਦੀ ਰਹੇਗੀ।

### ਉਦੋ ਨੰਗਲ ਤੋਂ ਰੱਖੜ ਪੁਨਿਆ ਰਈਆ ਰੈਲੀ ਵਿਚ ਸ਼ਾਮਿਲ ਹੋਣ ਲਈ

# ਬਲਜੀਤ ਸਿੰਘ ਚਾਹਲ ਉਦੋ ਨੰਗਲ ਅਤੇ ਜਰਮਨ ਸਿੰਘ ਦੀ ਅਗਵਾਈ ਹੇਠ ਕਾਫਲਾ ਰਵਾਨਾ



**ਚੌਕ ਮਹਿਤਾ,30 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬਾਬਾ ਬਕਾਲਾ ਸਾਹਿਬ ਦੀ ਪਾਵਨ ਪਵਿੱਤਰ ਅਸਥਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਦਿਹਾੜਾ ਤਿੰਨ ਰੋਜ਼ਾ ਮਨਾਇਆ ਜਾਂਦਾ ਹੈ ਇਸ ਤਰ੍ਹਾਂ ਇਸ ਸਾਲ ਵੀ 27,,28,,29 ਤਰੀਕ ਨੂੰ ਮਨਇਆ ਜਾ ਰਿਹਾ ਹੈ ਜਿਸ ਵਿਚ ਵੱਖ ਵੱਖ ਪਾਰਟੀਆਂ ਦੀਆਂ ਰੈਲੀਆਂ ਕੀਤੀਆਂ ਜਾਂਦੀਆਂ ਹਨ। ਇਸ ਤਰ੍ਹਾਂ ਆਮ ਆਦਮੀ ਪਾਰਟੀ ਦੀ ਰੈਲੀ ਰਈਆ ਦਾਣਾ ਮੰਡੀ ਵਿੱਚ ਕਰਾਵਾਈ ਜਾ ਰਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਹਲਕਾ ਜੰਡਿਆਲਾ ਗੁਰੂ ਤੋਂ ਸੀਨੀਅਰ ਆਗੂ ਜਨਰਲ ਸੈਕਟਰੀ ਪੰਜਾਬ ਸ, ਬਲਜੀਤ ਸਿੰਘ ਚਾਹਲ ਉਦੋ ਨੰਗਲ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਜਰਮਨ ਸਿੰਘ ਉਦੋ ਨੰਗਲ ਦੀ ਅਗਵਾਈ ਹੇਠ ਬਹੁਤ ਹੀ ਵੱਡਾ ਕਾਫਲਾ ਰਵਾਨਾ ਹੋਇਆ । ਤੁਰਨ ਸਮੇਂ ਆਮ ਆਦਮੀ ਪਾਰਟੀ ਦੇ ਨਾਹਰੇ ਲਾ ਗਏ। ਅਤੇ ਲੋਕਾਂ ਵਿਚ ਰੈਲੀ ਵਿਚ ਜਾਣ ਲਈ ਬਹੁਤ ਉਤਸ਼ਾਹ ਸੀ। ਇਸ ਮੌਕੇ ਤੇ ਬਲਜੀਤ ਸਿੰਘ — ਜੁਆਇੰਟ ਸੈਕਟਰੀ, ਪੰਜਾਬ, ਜਰਮਨ ਰੰਧਾਵਾ ਜ਼ਿਲ੍ਹਾ ਪਰਿਸ਼ਦ ਮੈਂਬਰ, ਭਗਤ ਸਿੰਘ ਬੀ.ਸੀ. ਵਿੰਗ ਪ੍ਰਧਾਨ, ਅਮਰਜੀਤ ਸਿੰਘ ਪੰਚ, ਕੇਵਲ ਸਿੰਘ ਪੰਚ, ਜਗਮੇਲ ਸਿੰਘ, ਪ੍ਰਧਾਨ ਸਵਰਨ ਸਿੰਘ ਮੰਡੀ ਬੋਰਡ, ਦਰਸ਼ਨ ਸਿੰਘ ਮੰਡੀ ਬੋਰਡ, ਸੁਰਮੁੱਖ ਸਿੰਘ, ਨਵਤੇਜ ਸਿੰਘ, ਹਰਦੇਵ ਸਿੰਘ, ਮੁਖਤਾਰ ਸਿੰਘ, ਅਵਤਾਰ ਸਿੰਘ, ਡਾ. ਵਿੱਕੀ, ਚਮਕੌਰ ਸਿੰਘ, ਬਲਵਿੰਦਰ ਸਿੰਘ ਬਿੱਲਾ, ਸਤਨਾਮ ਸਿੰਘ, ਗੁਰਮੀਤ ਸਿੰਘ, ਹਰਭਜਨ ਸਿੰਘ, ਕੁਲਵੰਤ ਸਿੰਘ, ਰਸ਼ਪਾਲ ਸਿੰਘ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਸਾਹਿਬ ਸਿੰਘ ਆਦਿ ਆਗੂ ਹਾਜਰ ਸਨ।

# ਸਰਪੰਚ ਦਲਜੀਤ ਸ਼ਾਹ ਅਤੇ ਸਤਨਾਮ ਸਿੰਘ ਗਿੱਲ ਨੇ ਵਿਧਾਇਕ ਤੱਕ ਕੀਤੀ ਪਹੁੰਚ, ਕਈ ਪ੍ਰੋਜੈਕਟਾਂ ਤੇ ਹੋਈ ਵਿਚਾਰ ਚਰਚਾ

### • ਸ਼ੁੱਧ ਪਾਣੀ ਦੀ ਸਪਲਾਈ ਯਕੀਂਨੀ ਬਣਾਉਂਣ ਲਈ ਵਿਧਾਇਕ ਨੇ ਦਿੱਤਾ ਦਖਲ • ਕਈ ਦਿਨਾ ਤੋਂ ਸਰਕਾਰੀ 'ਟੂਟੀ' ਦਾ ਪਾਣੀ ਹੋਇਆ ਬੰਦ



**ਚੌਕ ਮਹਿਤਾ,30 ,ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਜੋਧੇ 'ਚ ਸ਼ੁਰੂ ਕੀਤੇ ਵੱਖ ਵੱਖ ਪ੍ਰੋਜੈਕਟਾਂ ਤੇ ਵਿਚਾਰ ਚਰਚਾ ਕਰਨ ਲਈ ਗ੍ਰਾਮ ਪੰਚਾਇਤ ਪਿੰਡ ਜੋਧੇ ਤੇ ਸਰਪੰਚ ਸ ਦਲਜੀਤ ਸਿੰਘ ਸ਼ਾਹ ਅਤੇ ਮੈਂਬਰ ਗ੍ਰਾਮ ਸਭਾ ਸ ਸਤਨਾਮ ਸਿੰਘ ਗਿੱਲ (ਪ੍ਰਧਾਨ ਘੱਟ ਗਿਣਤੀ ਲੋਕ ਭਲਾਈ ਸੰਸਥਾ) ਨੇ ਬਾਬਾ ਬਕਾਲਾ ਸਾਹਿਬ ਤੋਂ ਹਲਕਾ ਵਿਧਾਇਕ ਸ੍ਰ ਦਲਬੀਰ ਸਿੰਘ ਟੌਂਗ ਨਾਲ ਮੁਲਾਕਾਤ ਕੀਤੀ। ਇਸ ਮੀਟਿੰਗ 'ਚ ਸਰਪੰਚ ਦਲਜੀਤ ਸਿੰਘ ਸ਼ਾਹ ਨੇ ਪਿੰਡ ਜੋਧੇ ਵਿਖੇ ਅਨੁਸੂਚਿਤ ਸਮੁਦਾਇ ਦੀਆਂ ਮੜ੍ਹੀਆਂ ਨੂੰ ਆਧੁਨਿਕ ਦਿੱਖ ਦੇਣ ਲਈ ਤਿਆਰ ਕੀਤੀ ਰੂਪ ਰੇਖਾ ਦਾ ਖਰਚਾ ਵਿਧਾਇਕ ਸਾਹਮਣੇ ਰੱਖਿਆ। ਵਿਧਾਇਕ ਬਾਬਾ ਬਕਾਲਾ ਸ੍ਰ ਟੌਂਗ ਨੇ 56 ਸੀਸੀਟੀਵੀ ਕੈਮਰੇ ਪਿੰਡ ਜੋਧੇ ਦੇ ਵੱਖ ਵੱਖ ਪੁਆਇੰਟਾਂ ਤੇ ਲਗਾਉਂਣ ਲਈ ਤਿਆਰ ਕੀਤੀ ਰਿਪੋਰਟ ਤੇ ਵੀ ਚਰਚਾ ਕੀਤੀ ਅਤੇ ਬਣਦੀ ਰਾਸ਼ੀ ਪੰਚਾਇਤ ਦੇ ਸਪੁੱਰਦ ਕੀਤੀ। ਅਨੁਸਚਿਤ ਜਾਤੀ ਦੀ ਸੰਘਣੀ ਵਸੋਂ ਦੇ ਗੰਦੇਂ ਪਾਣੀ ਦੇ ਨਿਕਾਸ ਨੂੰ ਲੈਕੇ ਪ੍ਰੋਜੈਕਟ ਜੋ ਕਿ ਨੇੜੇ ਭਵਿੱਖ 'ਚ ਅਮਲ 'ਚ ਲਿਆਂਦਾ ਜਾ ਰਿਹਾ ਹੈ ਦੇ ਬਾਰੇ ਵਿੱਚ ਵੀ ਚਰਚਾ ਕੀਤੀ। ਗ੍ਰਾਮ ਸਭਾ ਦੇ ਮੈਂਬਰ ਸਤਨਾਮ ਸਿੰਘ ਗਿੱਲ ਅਤੇ ਸਰਪੰਚ ਸ ਦਲਜੀਤ ਸਿੰਘ ਸ਼ਾਹ ਨੇ ਬਾਬਾ ਬਕਾਲਾ ਦੇ ਵਿਧਾਇਕ ਸਠ ਦਲਬੀਰ ਸਿੰਘ ਟੌਂਗ ਦੇ ਧਿਆਨ 'ਚ ਲਿਆਦਾ ਹੈ ਕਿ ਜਲ ਸਪਲਾਈ ਯੋਜਨਾ ਤਹਿਤ ਪਿੰਡ ਵਾਸੀਆਂ ਨੂੰ ਪੀਣ ਲਈ ਮਿਲਣ ਵਾਲਾ ਸ਼ੁੱਧ ਪਾਣੀ ਪਿਛਲੇ 4 ਹਫਤਿਆਂ ਤੋਂ ਲੋਕਾਂ ਨੂੰ ਨਹੀਂ ਮਿਲ ਸਕਿਆ ਹੈ। ਉਨ੍ਹਾ ਨੇ ਵਿਧਾਇਕ ਨੂੰ ਲੋਕ ਹਿੱਤ 'ਚ ਬੇਨਤੀ ਕੀਤੀ ਹੈ ਕਿ ਸ਼ੁੱਧ ਪਾਣੀ ਲੋਕਾਂ ਤੱਕ ਤੁਰੰਤ ਪੁੱਜਦਾ ਕਰਨ ਲਈ ਫੌਰੀ ਤੌਰ ਤੇ ਵਿਭਾਗੀ ਪੱਧਰ ਤੇ ਯਤਨ ਕੀਤੇ ਜਾਣ। ਮੌਕੇ ਤੇ ਹੀ ਪਿੰਡ ਦੀ ਸ਼ਿਕਾਇਤ ਦਾ ਨਿਪਟਾਰਾ ਕਰਨ ਲਈ ਹਲਕਾ ਵਿਧਾਇਕ ਬਾਬਾ ਬਕਾਲਾ ਸ੍ਰ ਦਲਬੀਰ ਸਿੰਘ ਟੌਂਗ ਨੇ ਜਲ ਸਪਲਾਈ ਮਹਿਕਮੇਂ ਦੇ ਵੱਡੇ ਅਧਿਕਾਰੀ ਨੂੰ ਫੋਨ ਤੇ ਸਾਰੀ ਮੁਸ਼ਿਕਲ ਬਾਰੇ ਜਾਣਕਾਰੀ ਦਿੱਤੀ ਅਤੇ ਹਦਾਇਤ ਕੀਤੀ ਕਿ ਸਰਪੰਚ ਦਲਜੀਤ ਸਿੰਘ ਸ਼ਾਹ ਨਾਲ ਤਾਲਮੇਲ ਕਰਕੇ ਹਫਤੇ ਵਿੱਚ ਜਲ ਸਪਲਾਈ ਦੀ ਯੋਜਨਾ ਨੂੰ ਘਰ ਘਰ ਤੱਕ ਪਹੁੰਚਾਉਂਣ ਲਈ ਟੀਮ ਕੰਮ ਤੇ ਲਗਾ ਦਿੱਤੀ ਜਾਵੇ। ਸਰਪੰਚ ਦਲਜੀਤ ਸਿੰਘ ਸ਼ਾਹ ਅਤੇ ਸਤਨਾਮ ਸਿੰਘ ਗਿੱਲ ਨੇ ਵਿਧਾਇਕ ਨੂੰ ਸੱਦਾ ਦਿੱਤਾ ਕਿ ਉ ਪਿੰਡ 'ਚ ਸੱਥ ਵਿਖੇ ਲੋਕਾਂ ਦੀਆਂ ਮੁਸ਼ਿਕਲਾਂ ਸੁਣਨ ਦਾ ਪ੍ਰੋਗਰਾਮ ਉਲੀਕਣ। ਇਸ ਮੌਕੇ ਵਿਧਾਇਕ ਦੇ ਪੀਏ ਸ਼ਰ ਕਰਮਜੀਤ ਸਿੰਘ ਅਤੇ ਯੋਗਰਾਜ ਸਿੰਘ ਯੋਗੀ ਵੀ ਹਾਜਰ ਸਨ।

# ਸੰਪੂਰਨਤਾ ਦਿਵਸ ਮੌਕੇ ਪਿੰਡ ਲਹਿਰੀ ਦੀ ਸੰਗਤ ਵੱਲੋਂ ਜਲ ਜੀਰੇ ਦੀ ਛਬੀਲ ਲਗਾ ਕੇ ਕੀਤੀ ਸੇਵਾ



**ਤਲਵੰਡੀ ਸਾਬੋ, 30 ਅਗਸਤ (ਗੁਰਜੰਟ ਸਿੰਘ ਨਥੇਹਾ)**- ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਮੌਕੇ ਪਹੁੰਚ ਰਹੀਆਂ ਸੰਗਤਾਂ ਦੀ ਸੇਵਾ ਲਈ ਪਿੰਡ ਲਹਿਰੀ ਦੀ ਸੰਗਤ ਵੱਲੋਂ ਜਲ ਜੀਰੇ ਦੀ ਛਬੀਲ ਲਗਾਈ ਗਈ। ਪਿੰਡ ਲਹਿਰੀ ਦੀ ਸੰਗਤ ਵੱਲੋਂ ਹਰ ਐਤਵਾਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਦਰਸ਼ਨਾਂ ਲਈ ਆਉਣ ਵਾਲੀਆਂ ਸੰਗਤਾਂ ਲਈ ਠੰਢੇ ਜਲ ਦੀ ਛਬੀਲ ਲਗਾ ਕੇ ਸੇਵਾ ਕੀਤੀ ਜਾਂਦੀ ਹੈ। ਇਸੇ ਸੇਵਾ ਦੀ ਲੜੀ ਤਹਿਤ ਸੰਪੂਰਨਤਾ ਦਿਵਸ ਮੌਕੇ ਵਿਸ਼ੇਸ਼ ਤੌਰ 'ਤੇ ਜਲ ਜੀਰੇ ਦੀ ਛਬੀਲ ਲਗਾਈ ਗਈ। ਇਸ ਮੌਕੇ ਸਵੇਰ ਤੋਂ ਲੈ ਕੇ ਛਬੀਲ ਦੀ ਸਮਾਪਤੀ ਤੱਕ ਪਿੰਡ ਲਹਿਰੀ ਦੀ ਸੰਗਤ ਵੱਲੋਂ ਉਤਸ਼ਾਹ ਨਾਲ ਸੇਵਾ ਨਿਭਾਈ ਗਈ। ਸੰਗਤਾਂ ਨੂੰ ਜਲ ਜੀਰਾ ਛਕਾਇਆ ਗਿਆ ਅਤੇ ਸੇਵਾਦਾਰਾਂ ਵੱਲੋਂ ਪੂਰੀ ਸ਼ਰਧਾ ਤੇ ਨਿਮਰਤਾ ਨਾਲ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ।ਇਸ ਮੌਕੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਪ੍ਰਿੰਸੀਪਲ ਸਰਦਾਰ ਲਖਵਿੰਦਰ ਸਿੰਘ ਸਿੱਧੂ ਅਤੇ ਪਿੰਡ ਲਹਿਰੀ ਦੇ ਨੰਬਰਦਾਰ ਭਾਈ ਦਲਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਸੰਗਤ ਦੀ ਸੇਵਾ ਕਰਨਾ ਵੱਡੇ ਭਾਗਾਂ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਪਿੰਡ ਲਹਿਰੀ ਦੀ ਸੰਗਤ ਵੱਲੋਂ ਹਰ ਐਤਵਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਛਬੀਲ ਲਗਾ ਕੇ ਸੇਵਾ ਕੀਤੀ ਜਾਂਦੀ ਹੈ ਅਤੇ ਸੰਗਤ ਇਸ ਸੇਵਾ ਨੂੰ ਪੂਰੀ ਸ਼ਰਧਾ ਨਾਲ ਨਿਭਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਵਰਗੇ ਪਵਿੱਤਰ ਮੌਕੇ 'ਤੇ ਸੰਗਤ ਦੀ ਸੇਵਾ ਕਰਨ ਦਾ ਮੌਕਾ ਮਿਲਣਾ ਆਪਣੇ ਆਪ ਵਿੱਚ ਸੁਭਾਗਾ ਹੈ। ਇਸ ਮੌਕੇ ਪਿੰਡ ਲਹਿਰੀ ਦੀ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰਦਿਆਂ ਸੇਵਾ ਵਿੱਚ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243